21-OCT-PAGE-1.qxd 10/20/2024 9:21 PM Page 1

ਸੋਮਵਾਰ, 21 ਅਕਤੂਬਰ, 2024
5 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 141

ਨਵਾਂ ਜ਼ਮਾਨਾ

DAILY NAWAN ZAMANA • MONDAY, 21 OCTOBER, 2024

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਨਿਊਜ਼ੀਲੈਂਡ ਦੀ ਆਸਾਨ ਜਿੱਤ

ਬੇਂਗਲੁਰੂ : ਨਿਊਜ਼ੀਲੈਂਡ ਨੇ ਭਾਰਤ ਖਿਲਾਫ ਪਹਿਲਾ ਟੈਸਟ ਮੈਚ ਐਤਵਾਰ ਅੱਠ ਵਿਕਟਾਂ ਨਾਲ ਜਿੱਤ ਲਿਆ। ਉਸ ਦੀ 36 ਸਾਲਾਂ ਵਿਚ ਭਾਰਤ 'ਚ ਇਹ ਪਹਿਲੀ ਟੈਸਟ ਜਿੱਤ ਹੈ। ਨਿਊਜ਼ੀਲੈਂਡ ਨੇ ਮੈਚ ਦੇ ਪੰਜਵੇਂ ਦਿਨ ਭਾਰਤ ਵੱਲੋਂ ਦਿੱਤੇ 107 ਦੌੜਾਂ ਦੇ ਟੀਚੇ ਨੂੰ ਦੋ ਵਿਕਟਾਂ ਦੇ ਨੁਕਸਾਨ ਨਾਲ ਪੂਰਾ ਕਰ ਲਿਆ। ਕਪਤਾਨ ਵਿਲ ਯੰਗ (ਨਾਬਾਦ 48) ਤੇ ਰਚਿਨ ਰਵਿੰਦਰਾ (ਨਾਬਾਦ 39) ਨੇ ਤੀਜੇ ਵਿਕਟ ਲਈ 75 ਦੌੜਾਂ ਦੀ ਭਾਈਵਾਲੀ ਕੀਤੀ। ਦੂਜਾ ਟੈਸਟ ਮੈਚ 24 ਅਕਤੂਬਰ ਤੋਂ ਪੁਣੇ ਵਿਚ ਖੇਡਿਆ ਜਾਵੇਗਾ।

ਜਹਾਜ਼ ਉਡਾਉਣ ਦੀਆਂ 24 ਧਮਕੀਆਂ

ਨਵੀਂ ਦਿੱਲੀ : ਪਿਛਲੇ ਕੁਝ ਦਿਨਾਂ ਤੋਂ ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਾ ਸਿਲਸਿਲਾ ਐਤਵਾਰ ਵੀ ਜਾਰੀ ਰਿਹਾ ਜਦੋਂ ਭਾਰਤੀ ਏਅਰਲਾਈਨਾਂ ਦੀਆਂ 24 ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ। ਸੂਤਰਾਂ ਨੇ ਕਿਹਾ ਕਿ ਜਿਨ੍ਹਾਂ ਏਅਰਲਾਈਨਾਂ ਨੂੰ ਧਮਕੀਆਂ ਮਿਲੀਆਂ ਹਨ, ਉਨ੍ਹਾਂ ਵਿਚ ਇੰਡੀਗੋ, ਵਿਸਤਾਰਾ, ਅਕਾਸਾ ਏਅਰ ਤੇ ਏਅਰ ਇੰਡੀਆ ਵੀ ਸ਼ਾਮਲ ਹਨ। ਇੰਡੀਗੋ, ਵਿਸਤਾਰਾ ਤੇ ਏਅਰ ਇੰਡੀਆ ਦੀਆਂ 6-6 ਉਡਾਣਾਂ ਨੂੰ ਧਮਕੀ ਮਿਲੀ ਹੈ। ਇਸ ਹਫਤੇ ਵਿਚ ਹੁਣ ਤੱਕ 90 ਤੋਂ ਵੱਧ ਉਡਾਣਾਂ ਨੂੰ ਅਜਿਹੀਆਂ ਧਮਕੀਆਂ ਮਿਲ ਚੁੱਕੀਆਂ ਹਨ, ਜੋ ਜਾਂਚ ਦੌਰਾਨ ਝੂਠੀਆਂ ਨਿਕਲੀਆਂ।

ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ 36ਵੀਂ ਬਰਸੀ ਅੱਜ



ਮੋਗਾ : ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ (ਏਟਕ) ਵੱਲੋਂ ਆਪਣੇ ਮਹਿਬੂਬ ਆਗੂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 36ਵੀਂ ਬਰਸੀ ਸੋਮਵਾਰ ਨੂੰ ਮੋਗਾ ਦੇ ਬੱਸ ਸਟੈਂਡ ਵਿਖੇ ਬੜੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਪੰਜਾਬ ਭਰ ਤੋਂ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ ਏਟਕ, ਟਰੇਡ ਯੂਨੀਅਨ ਕੌਂਸਲ, ਸੀ.ਪੀ.ਆਈ, ਨਰੇਗਾ ਮਜ਼ਦੂਰ ਯੂਨੀਅਨ, ਆਂਗਣਵਾੜੀ ਵਰਕਰ ਯੂਨੀਅਨ ਤੋਂ ਇਲਾਵਾ ਏਟਕ ਨਾਲ ਸਬੰਧਤ ਵੱਖ-ਵੱਖ ਯੂਨੀਅਨਾਂ ਦੇ ਆਗੂ ਅਤੇ ਮੈਂਬਰ ਵੱਡੀ ਗਿਣਤੀ ਵਿੱਚ ਇਸ ਸਮਾਗਮ 'ਚ ਸ਼ਮੂਲੀਅਤ ਕਰਨਗੇ।

ਉਮੀਦਵਾਰ ਐਲਾਨਣ 'ਚ ਆਪ ਨੇ ਲੀਡ ਲਈ

ਹਰਿੰਦਰ ਧਾਲੀਵਾਲ ਬਰਨਾਲਾ, ਡਿੰਪੀ ਢਿੱਲੋਂ ਗਿੱਦੜਬਾਹਾ, ਗੁਰਦੀਪ ਰੰਧਾਵਾ ਡੇਰਾ ਬਾਬਾ ਨਾਨਕ ਤੇ ਈਸ਼ਾਨ ਚੱਬੇਵਾਲ ਤੋਂ ਉਤਾਰੇ

ਚੰਡੀਗੜ੍ਹ (ਗੁਰਜੀਤ ਬਿੱਲਾ)

ਆਮ ਆਦਮੀ ਪਾਰਟੀ (ਆਪ) ਨੇ ਐਤਵਾਰ ਨੂੰ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 13 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ।ਪਾਰਟੀ ਨੇ ਗਿੱਦੜਬਾਹਾ ਵਿਧਾਨ ਸਭਾ ਹਲਕੇ ਤੋਂ ਸੁਖਬੀਰ ਬਾਦਲ ਦੇ ਕਰੀਬੀ ਰਹਿ ਚੁੱਕੇ ਹਰਦੀਪ ਸਿੰਘ ਡਿੰਪੀ ਢਿੱਲੋਂ ਨੂੰ ਉਮੀਦਵਾਰ ਬਣਾਇਆ ਹੈ। ਬਰਨਾਲਾ ਤੋਂ ਪਾਰਟੀ ਨੇ ਪੁਰਾਣੇ ਵਰਕਰ ਹਰਿੰਦਰ ਸਿੰਘ ਧਾਲੀਵਾਲ (35) ਦੇ ਨਾਂਅ ਦਾ ਐਲਾਨ ਕੀਤਾ ਹੈ।ਬਰਨਾਲਾ ਸੀਟ 'ਆਪ' ਸਰਕਾਰ ਦੇ ਸਾਬਕਾ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਦੇ ਸੰਗਰੂਰ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋ ਗਈ ਸੀ। ਮੀਤ ਹੇਅਰ ਦੇ ਜਮਾਤੀ ਹਰਿੰਦਰ ਧਾਲੀਵਾਲ ਨੇ ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਬਨੂੜ ਤੋਂ ਇੰਜੀਨੀਅਰਿੰਗ ਦੀ ਪੜ੍ਹਾਈ ਕੀਤੀ ਹੈ। ਉਹ 2012 ਤੋਂ ਆਮ ਆਦਮੀ ਪਾਰਟੀ ਲਈ ਕੰਮ ਕਰ ਰਹੇ ਹਨ।'ਆਪ' ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਦੇ ਬੇਟੇ ਈਸ਼ਾਨ ਚੱਬੇਵਾਲ ਵਿਧਾਨ ਸਭਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹੋਣਗੇ।ਇਹ ਸੀਟ ਵੀ ਡਾ. ਰਾਜਕੁਮਾਰ ਚੱਬੇਵਾਲ ਦੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋ ਗਈ ਸੀ। ਈਸ਼ਾਨ ਚੱਬੇਵਾਲ ਪੇਸ਼ੇ ਤੋਂ ਡਾਕਟਰ ਹਨ। ਉਨ੍ਹਾਂ ਨੇ ਦਯਾਨੰਦ ਮੈਡੀਕਲ ਕਾਲਜ, ਲੁਧਿਆਣਾ ਤੋਂ ਐਮ ਬੀ ਬੀ ਐਸ ਅਤੇ ਐਮ ਡੀ ਦੀ ਪੜ੍ਹਾਈ ਕੀਤੀ ਹੈ।ਪਾਰਟੀ ਨੇ ਗੁਰਦੀਪ ਸਿੰਘ ਰੰਧਾਵਾ ਨੂੰ ਡੇਰਾ ਬਾਬਾ ਨਾਨਕ ਵਿਧਾਨ ਸਭਾ ਤੋਂ ਆਪਣਾ ਉਮੀਦਵਾਰ ਐਲਾਨਿਆ ਹੈ। ਰੰਧਾਵਾ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਹੋਣ ਤੋਂ ਇਲਾਵਾ ਉਦਯੋਗ ਬੋਰਡ ਦੇ ਸੀਨੀਅਰ ਡਿਪਟੀ ਚੇਅਰਮੈਨ ਵੀ ਹਨ।

ਹਰਿੰਦਰ ਸਿੰਘ ਧਾਲੀਵਾਲ ਡਿੰਪੀ ਢਿੱਲੋਂ ਗੁਰਦੀਪ ਸਿੰਘ ਰੰਧਾਵਾ ਈਸ਼ਾਨ ਚੱਬੇਵਾਲ

ਗਿੱਦੜਬਾਹਾ ਦੀ ਸੀਟ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਲੁਧਿਆਣਾ ਤੋਂ ਤੇ ਡੇਰਾ ਬਾਬਾ ਨਾਨਕ ਦੀ ਸੀਟ ਸੁਖਜਿੰਦਰ ਸਿੰਘ ਰੰਧਾਵਾ ਦੇ ਗੁਰਦਾਸਪੁਰ ਤੋਂ ਲੋਕ ਸਭਾ ਲਈ ਚੁਣੇ ਜਾਣ 'ਤੇ ਖਾਲੀ ਹੋਈਆਂ।

ਮਹਿਲ ਕਲਾਂ ਦੇ ਪਿੰਡ ਛੀਨੀਵਾਲ ਕਲਾਂ ਦੇ ਹਰਿੰਦਰ ਸਿੰਘ ਧਾਲੀਵਾਲ (35) ਕਿਸਾਨੀ ਪਰਿਵਾਰ ਨਾਲ 'ਚੋਂ ਹਨ ਅਤੇ ਉਨ੍ਹਾ ਦੇ ਪਿਤਾ ਵੈਟਰਵਗੀ ਵਿਭਾਗ ਤੋਂ ਸੇਵਾਮੁਕਤ ਮੁਲਾਜ਼ਮ ਹਨ। ਉਨ੍ਹਾਂ ਦਾ ਪਰਿਵਾਰ ਅਜੇ ਵੀ ਪਿੰਡ ਛੀਨੀਵਾਲ ਵਿਚ ਹੀ ਰਹਿੰਦਾ ਹੈ।

ਟਿਕਟ ਨਾ ਮਿਲਣ 'ਤੇ ਆਪ ਦੇ ਜ਼ਿਲ੍ਹਾ ਬਰਨਾਲਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਦੀਪ ਸਿੰਘ ਬਾਠ ਨੇ ਬਗਾਵਤ ਦਾ ਬਿਗਲ ਵਜਾ ਦਿੱਤਾ ਹੈ। ਉਨ੍ਹਾ ਇਕ ਪੋਸਟ ਪਾ ਕੇ ਕਿਹਾ ਹੈ ਕਿ ਪਾਰਟੀ ਦੇ ਸਮਰਪਤ ਵਰਕਰ ਪਾਰਟੀ 'ਚ ਫੈਲ ਚੁੱਕੇ ਪਰਵਾਰਵਾਦ ਦੇ ਖਿਲਾਫ ਝੰਡਾ ਚੁੱਕਣ ਲਈ ਤਿਆਰ ਰਹਿਣ। ਬਾਠ ਨੇ ਕਿਹਾ ਕਿ ਉਹ ਜਲਦੀ ਹੀ ਕੋਈ ਵੱਡਾ ਫੈਸਲਾ ਲੈਣਗੇ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਕਈ ਸਾਲਾਂ ਤੋਂ ਮਰ ਮਿਟ ਕੇ ਮਿਹਨਤ ਕਰਨ ਵਾਲੇ ਵਰਕਰਾਂ ਦੀਆਂ ਭਾਵਨਾਵਾਂ ਨੂੰ ਅੱਖੋਂ ਪਰੋਖੇ ਕੀਤਾ ਹੈ। ਪਰਵਾਰਵਾਦ ਦਾ ਜ਼ਿਕਰ ਕਰਦੇ ਹੋਏ ਬਾਠ ਨੇ ਬਰਨਾਲਾ ਦੇ ਨਾਲ-ਨਾਲ ਗਿੱਦੜਬਾਹਾ ਤੇ ਚੱਬੇਵਾਲ ਦੀ ਟਿਕਟ ਦਾ ਵੀ ਜ਼ਿਕਰ ਕੀਤਾ। ਚਰਚਾ ਹੈ ਕਿ ਬਾਠ ਆਜ਼ਾਦ ਚੋਣ ਲੜ ਸਕਦੇ ਹਨ। ਕਾਂਗਰਸ ਛੱਡ ਕੇ ਆਪ ਵਿਚ ਆਏ ਦਲਵੀਰ ਸਿੰਘ ਗੋਲਡੀ ਦੇ ਨਾਂ ਦੀ ਬਰਨਾਲਾ ਤੋਂ ਚਰਚਾ ਸੀ ਪਰ ਉਹ ਵੀ ਰਹਿ ਗਏ।

ਟਰਾਂਸਪੋਰਟਰ ਡਿੰਪੀ ਢਿੱਲੋਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਗਸਤ 'ਚ ਗਿੱਦੜਬਾਹਾ ਪਹੁੰਚ ਕੇ ਆਪ ਵਿਚ ਸ਼ਾਮਲ ਕਰਵਾਇਆ ਸੀ।

2020 ਵਿਚ ਆਪ ਦੀ ਹਵਾ ਹੋਣ ਦੇ ਬਾਵਜੂਦ ਗੁਰਦੀਪ ਸਿੰਘ ਰੰਧਾਵਾ ਨੂੰ ਡੇਰਾ ਬਾਬਾ ਨਾਨਕ ਸੀਟ ਤੋਂ 31742 ਵੋਟਾਂ ਮਿਲੀਆਂ ਸਨ ਜਦਕਿ ਸੁਖਜਿੰਦਰ ਰੰਧਾਵਾ 52555 ਵੋਟਾਂ ਲੈ ਕੇ ਜਿੱਤੇ ਸਨ। ਅਕਾਲੀ ਦਲ ਦੇ ਰਵੀ ਕਰਨ ਕਾਹਲੋਂ ਨੇ 52089 ਵੋਟਾਂ ਹਾਸਲ ਕੀਤੀਆਂ ਸਨ। ਕਾਹਲੋਂ ਹੁਣ ਭਾਜਪਾ 'ਚ ਹਨ। ਜਦੋਂ ਸੁਖਜਿੰਦਰ ਰੰਧਾਵਾ ਨੇ ਗੁਰਦਾਸਪੁਰ ਲੋਕ ਸਭਾ ਸੀਟ ਜਿੱਤੀ ਤਾਂ ਉਨ੍ਹਾ ਡੇਰਾ ਬਾਬਾ ਨਾਨਕ ਅਸੰਬਲੀ ਹਲਕੇ ਤੋਂ 4600 ਵੋਟਾਂ ਦੀ ਲੀਡ ਲਈ। ਗੁਰਦੀਪ ਸਿੰਘ ਦੇ ਪਿਤਾ ਹਰਬੰਸ ਸਿੰਘ ਸੁਖਜਿੰਦਰ ਸਿੰਘ ਰੰਧਾਵਾ ਦੇ ਪਿਤਾ ਤੇ ਸਾਬਕਾ ਸੂਬਾ ਕਾਂਗਰਸ ਪ੍ਰਧਾਨ ਸੰਤੋਖ ਸਿੰਘ ਰੰਧਾਵਾ ਦੇ ਕਰੀਬੀ ਹੁੰਦੇ ਸਨ। ਕੁਝ ਸਾਲ ਪਹਿਲਾਂ ਸਰਪੰਚੀ ਦੀ ਟਿਕਟ ਨਾ ਮਿਲਣ ਤੋਂ ਬਾਅਦ ਵਿਗੜ ਗਈ ਸੀ।

30 ਸਾਲਾ ਈਸ਼ਾਨ ਰੇਡੀਓਲੋਜਿਸਟ ਹਨ ਤੇ ਉਨ੍ਹਾ ਐੱਮ ਬੀ ਬੀ ਐੱਸ ਦਯਾਨੰਦ ਮੈਡੀਕਲ ਕਾਲਜ ਲੁਧਿਆਣਾ ਤੋਂ ਕੀਤੀ ਹੈ। ਉਨ੍ਹਾ ਦਾ 31ਵਾਂ ਜਨਮ ਦਿਨ 22 ਅਕਤੂਬਰ ਨੂੰ ਹੈ। ਉਹ ਪਿਤਾ ਨਾਲ ਸਿਆਸਤ ਵਿਚ ਸਰਗਰਮ ਰਹਿੰਦੇ ਹਨ। ਜਦੋਂ ਡਾ. ਚੱਬੇਵਾਲ ਨੇ ਕਾਂਗਰਸ ਛੱਡ ਕੇ ਹੁਸ਼ਿਆਰਪੁਰ ਲੋਕ ਸਭਾ ਸੀਟ 44100 ਵੋਟਾਂ ਦੇ ਫਰਕ ਨਾਲ ਜਿੱਤੀ ਸੀ ਤਾਂ ਉਹ ਚੱਬੇਵਾਲ ਅਸੰਬਲੀ ਹਲਕੇ 'ਚ 27 ਹਜ਼ਾਰ ਵੋਟਾਂ ਨਾਲ ਅੱਗੇ ਰਹੇ ਸਨ। ਪੰਚਾਇਤ ਚੋਣਾਂ ਵਿਚ ਈਸ਼ਾਨ ਦੇ ਅੰਕਲ ਡਾ. ਜਤਿੰਦਰ ਕੁਮਾਰ ਜੱਦੀ ਪਿੰਡ ਮਾਂਝੀ ਤੋਂ ਸਰਪੰਚ ਚੁਣੇ ਗਏ ਹਨ।

ਬ੍ਰਿਟਿਸ਼ ਕੋਲੰਬੀਆ 'ਚ ਭਾਰਤੀ ਮੂਲ ਦੇ 10 ਉਮੀਦਵਾਰ ਜਿੱਤੇ

ਚੰਡੀਗੜ੍ਹ : ਪੰਜਾਬੀ ਮੂਲ ਦੇ ਦਸ ਉਮੀਦਵਾਰ ਕੈਨੇਡਾ 'ਚ ਬ੍ਰਿਟਿਸ਼ ਕੋਲੰਬੀਆ (ਬੀ ਸੀ) ਦੀਆਂ ਸੂਬਾਈ ਚੋਣਾਂ 'ਚ ਜੇਤੂ ਰਹੇ ਹਨ। ਨਿਊ ਡੈਮੋਕਰੈਟਿਕ ਪਾਰਟੀ (ਐੱਨ ਡੀ ਪੀ) ਤੇ ਕੰਜ਼ਰਵੇਟਿਵ ਵਿਚਾਲੇ ਫਸਵਾਂ ਮੁਕਾਬਲਾ ਹੋਇਆ ਹੈ।

ਡੈਵਿਡ ਐਬੀ ਦੀ ਅਗਵਾਈ ਵਾਲੀ ਐੱਨ ਡੀ ਪੀ ਨੇ 46 ਤੇ ਜੌਹਨ ਰਸਟਡ ਦੀ ਅਗਵਾਈ ਵਾਲੀ ਕੰਜ਼ਰਵੇਟਿਵ ਨੇ 45 ਸੀਟਾਂ ਜਿੱਤੀਆਂ। ਗ੍ਰੀਨ ਪਾਰਟੀ ਬ੍ਰਿਟਿਸ਼ ਕੋਲੰਬੀਆ ਦੇ 93 ਮੈਂਬਰੀ ਸਦਨ ਵਿਚ ਦੋ ਸੀਟਾਂ ਹੀ ਜਿੱਤ ਸਕੀ।

ਐੱਨ ਡੀ ਪੀ ਦੇ ਰਵੀ ਕਾਹਲੋਂ ਡੇਲਟਾ ਨੌਰਥ ਸੀਟ ਉੱਤੇ ਚੰਗੇ ਫਰਕ ਨਾਲ ਜਿੱਤੇ, ਇਸੇ ਪਾਰਟੀ ਦੇ ਰਾਜ ਚੌਹਾਨ ਨੇ ਛੇਵੀਂ ਵਾਰ ਜਿੱਤ ਦਰਜ ਕੀਤੀ, ਜਗਰੂਪ ਬਰਾੜ ਸਰੀ ਫਲੀਟਵੁੱਡ ਤੋਂ ਸੱਤਵੀਂ ਵਾਰ ਜਿੱਤੇ, ਸੁਨੀਤਾ ਧੀਰ ਵੈਨਕੂਵਰ ਲੰਗਾਰਾ, ਰਵੀ ਪਰਮਾਰ ਲੈਂਗਫੋਰਡ, ਰੀਆ ਅਰੋੜਾ ਬਰਨਾਬੀ ਈਸਟ, ਹਰਵਿੰਦਰ ਕੌਰ ਸੰਧੂ ਵਰਨੋਨਸ ਮੋਨਾਸ਼ੀ, ਨਿੱਕੀ ਸ਼ਰਮਾ ਵੈਨਕੂਵਰ ਹੇਸਟਿੰਗਜ਼ ਤੋਂ ਜੇਤੂ ਰਹੇ।

ਕੰਜ਼ਰਵੇਟਿਵ ਪਾਰਟੀ ਦੇ ਮਨਦੀਪ ਧਾਲੀਵਾਲ ਨੇ ਸਰੀ ਨੌਰਥ ਤੋਂ ਸਿੱਖਿਆ ਤੇ ਬਾਲ ਭਲਾਈ ਮੰਤਰੀ ਰਚਨਾ ਸਿੰਘ ਨੂੰ ਹਰਾਇਆ। ਹਰਮਨ ਸਿੰਘ ਭੰਗੂ ਲੈਂਗਲੀ ਐਬਟਸਫੋਰਡ ਤੋਂ ਜਿੱਤੇ। ਰਵੀ ਪਰਮਾਰ ਲੈਂਗਫੋਰਡ ਤੋਂ ਸਫਲ ਰਹੇ। ਜਿਨੀ ਸਿਮਸ ਸਰੀ ਪੈਨੋਰਮਾ ਤੋਂ ਹਾਰ ਗਏ।

ਨਿੱਕੀ ਸ਼ਰਮਾ, ਰਵੀ ਕਾਹਲੋਂ, ਹਰਵਿੰਦਰ ਕੌਰ ਸੰਧੂ, (ਹੇਠਾਂ) ਰਾਜ ਚੌਹਾਨ, ਜਗਰੂਪ ਬਰਾੜ ਤੇ ਮਨਦੀਪ ਧਾਲੀਵਾਲ।

ਦਿੱਲੀ 'ਚ ਜ਼ੋਰਦਾਰ ਧਮਾਕਾ

ਨਵੀਂ ਦਿੱਲੀ : ਇੱਥੋਂ ਦੇ ਰੋਹਿਨੀ ਇਲਾਕੇ ਦੇ ਪ੍ਰਸ਼ਾਂਤ ਵਿਹਾਰ 'ਚ ਸੀ ਆਰ ਪੀ ਐੱਫ ਦੇ ਸਕੂਲ ਨੇੜੇ ਐਤਵਾਰ ਸਵੇਰੇ ਜ਼ੋਰਦਾਰ ਧਮਾਕਾ ਹੋਇਆ। ਸੈਕਟਰ 14 'ਚ ਹੋਏ ਧਮਾਕੇ ਮਗਰੋਂ ਅੱਗ ਬੁਝਾਊ ਗੱਡੀਆਂ, ਬੰਬ ਨਕਾਰਾ ਦਸਤੇ ਤੇ ਪੁਲਸ ਫੋਰੈਂਸਿਕ ਟੀਮ ਮੌਕੇ 'ਤੇ ਪਹੁੰਚ ਗਈਆਂ। ਪੁਲਸ ਮੁਤਾਬਕ ਧਮਾਕਾ ਇੰਨਾ ਜ਼ੋਰਦਾਰ ਸੀ ਕਿ ਸਕੂਲ ਦੀ ਕੰਧ, ਨੇੜਲੀਆਂ ਦੁਕਾਨਾਂ ਤੇ ਇਕ ਕਾਰ ਨੂੰ ਨੁਕਸਾਨ ਪੁੱਜਾ। ਹਾਲਾਂਕਿ ਕੋਈ ਅੱਗ ਨਹੀਂ ਲੱਗੀ ਤੇ ਕੋਈ ਵੀ ਜ਼ਖ਼ਮੀ ਨਹੀਂ ਹੋਇਆ।

ਦੀਵਾਲੀ ਵਿਸ਼ੇਸ਼ ਸਪਲੀਮੈਂਟ

ਨਿਰਮਲ ਕੁਮਾਰ ਫਿਲੌਰ 98147-04346
ਰਾਜੀਵ ਗੋਇਲ ਭਗਤਾ ਭਾਈਕਾ 92179-00426
ਰਮੇਸ਼ ਕਟਾਰੀਆ ਰਾਜਪੁਰਾ 99880-13675
ਸੁਖਵਿੰਦਰ ਸਫਰੀ ਟੂਟੋਮਜਾਰਾ 99158-16713
ਰਮਨ ਚੱਢਾ ਚੋਹਲਾ ਸਾਹਿਬ 98722-26721
ਇਕਬਾਲ ਸਿੰਘ ਮੋਗਾ 97798-39323
ਅਮਿਤ ਖੰਨਾ ਜਗਰਾਓਂ 99140-20819
ਸੰਜੀਵ ਅਰੋੜਾ ਜਗਰਾਓਂ 98145-56990
ਐਡਵੋਕੇਟ ਸਤੀਸ਼ ਕੁਮਾਰ ਭੀਰੀ (ਜੈਤੋ) 94176-12036
ਇਕਬਾਲ ਸਿੰਘ ਸਮਾਣਾ 98550-29206
ਗੁਰਪ੍ਰੀਤ ਭੋਗਲ ਭੋਗਪੁਰ 94636-82748

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

ਬੰਬੀਹਾ-ਕੌਸ਼ਲ ਗੈਂਗ ਦੇ ਪੰਜ ਗੈਂਗਸਟਰ ਗ੍ਰਿਫ਼ਤਾਰ, 9 ਹਥਿਆਰ ਬਰਾਮਦ

ਜਲੰਧਰ (ਸ਼ੈਲੀ ਐਲਬਰਟ)

ਜਲੰਧਰ ਕਮਿਸ਼ਨਰੇਟ ਪੁਲਸ ਨੇ ਬੰਬੀਹਾ-ਕੌਸ਼ਲ ਗੈਂਗ ਦੇ ਪੰਜ ਮੁੱਖ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 9 ਹਥਿਆਰ ਬਰਾਮਦ ਕੀਤੇ ਹਨ।

ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਗ੍ਰਿਫ਼ਤਾਰੀਆਂ ਨਾਲ ਕਮਿਸ਼ਨਰੇਟ ਪੁਲਸ ਨੇ ਤਿੰਨ ਕਤਲਾਂ ਨੂੰ ਟਾਲ ਦਿੱਤਾ ਹੈ।ਇਨ੍ਹਾਂ ਮੁਲਜ਼ਮਾਂ ਕੋਲੋਂ ਅੱਠ ਪਿਸਤੌਲ, ਇੱਕ ਰਿਵਾਲਵਰ ਅਤੇ 15 ਕਾਰਤੂਸ ਬਰਾਮਦ ਕੀਤੇ ਹਨ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਜਸਪ੍ਰੀਤ ਸਿੰਘ ਉਰਫ ਜੱਸਾ ਵਾਸੀ ਪਿੰਡ ਬੋਪਾਰਾਏ ਕਲਾਂ ਥਾਣਾ ਸਦਰ ਨਕੋਦਰ, ਹਰਸ਼ਦੀਪ ਸਿੰਘ ਵਾਸੀ ਪਿੰਡ ਗੈਰੇਜ ਮਾਹਿਲਪੁਰ ਥਾਣਾ ਮਾਹਿਲਪੁਰ ਗਗਨਦੀਪ ਸਿੰਘ ਉਰਫ ਗਿੰਨੀ ਬਾਜਵਾ ਵਾਸੀ ਨੰਬਰ 485 ਨਿਊ ਮਾਡਲ ਹਾਊਸ ਜਲੰਧਰ, ਸ਼ੇਖਰ ਪਿੰਡ ਮੁਰਾਦਪੁਰ ਨੇੜੇ ਰੇਲਵੇ ਸਟੇਸ਼ਨ ਤਰਨਤਾਰਨ ਅਤੇ ਅਮਿਤ ਸਹੋਤਾ ਵਾਸੀ ਪਿੰਡ ਬੰਬੀਆਂਵਾਲ ਥਾਣਾ ਸਦਰ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਇਹ ਮੁਲਜ਼ਮ ਹਥਿਆਰਾਂ ਦੀ ਤਸਕਰੀ, ਕਤਲ, ਫਿਰੌਤੀ ਅਤੇ ਹੋਰ ਵੱਡੇ ਅਪਰਾਧਾਂ ਵਿੱਚ ਸ਼ਾਮਲ ਸਨ। ਇਨ੍ਹਾਂ ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵ

21-OCT-PAGE-1.qxd 10/20/2024 9:22 PM Page 2

ਮਹਿਲ ਕਲਾਂ ਸੋਢੇ ਦਾ ਸਰਬਪੱਖੀ ਵਿਕਾਸ ਮੇਰਾ ਮੁੱਖ ਟੀਚਾ : ਸਰਪੰਚ ਸ਼ੰਭੂ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਮਹਿਲ ਕਲਾਂ ਸੋਢੇ ਤੋਂ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਵਾਲੇ ਸਰਪੰਚ ਸਰਬਜੀਤ ਸਿੰਘ ਸ਼ੰਭੂ ਵੱਲੋਂ ਆਪਣੇ ਵੱਡੀ ਗਿਣਤੀ ਸਮਰਥਕਾਂ ਸਮੇਤ ਪਿੰਡ ਦਾ ਧੰਨਵਾਦੀ ਦੌਰਾ ਕੀਤਾ ਗਿਆ।ਇਸ ਚੋਣ ਦੌਰਾਨ ਸਰਬਜੀਤ ਸਿੰਘ ਸ਼ੰਭੂ ਨੂੰ ਕੁੱਲ 1391 ਵੋਟਾਂ ਮਿਲੀਆਂ, ਉਨ੍ਹਾਂ ਨੇ ਵਿਰੋਧੀ ਉਮੀਦਵਾਰ ਸੁਖਦੇਵ ਕੌਰ ਨੂੰ 698 ਵੋਟਾਂ ਦੇ ਵੱਡੇ ਫ਼ਰਕ ਨਾਲ ਹਰਾਇਆ। ਇਸ ਮੌਕੇ ਪੰਚ ਕੁਲਦੀਪ ਕੌਰ ਗੰਢੂ ਤੇ ਸਹਿਯੋਗੀ ਪੰਚਾਂ ਨੂੰ ਸਿਰੋਪਾਓ ਭੇਟ ਕਰ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸਰਪੰਚ ਸਰਬਜੀਤ ਸਿੰਘ ਸ਼ੰਭੂ ਨੇ ਕਿਹਾ ਕਿ ਪਿੰਡ ਦੇ ਵੋਟਰਾਂ ਵੱਲੋਂ ਦਿੱਤੇ ਵੱਡੇ ਮਾਣ ਸਤਿਕਾਰ ਲਈ ਉਹ ਸਦਾ ਰਿਣੀ ਰਹਿਣਗੇ।ਸਹਿਯੋਗੀ ਪੰਚਾਂ ਨੂੰ ਨਾਲ ਲੈ ਕੇ ਪਿੰਡ ਦਾ ਸਰਬਪੱਖੀ ਵਿਕਾਸ ਬਗ਼ੈਰ ਕਿਸੇ ਭੇਦਭਾਵ ਤੋਂ ਕਰਾਉਣਾ ਉਨ੍ਹਾ ਦਾ ਮੁੱਖ ਟੀਚਾ ਹੈ।ਧੰਨਵਾਦੀ ਦੌਰੇ ਦੌਰਾਨ ਪ੍ਰਸਿੱਧ ਕੁਮੈਂਟੇਟਰ ਹਰਮਨ ਜੋਗਾ ਮਹਿਲ ਕਲਾਂ ਨੇ ਸਰਪੰਚ ਸਰਬਜੀਤ ਸਿੰਘ ਸ਼ੰਭੂ ਵੱਲੋਂ ਪਿਛਲੇ ਸਾਲਾਂ ਦੌਰਾਨ ਮਹਿਲ ਕਲਾਂ 'ਚ ਕੀਤੇ ਸਮਾਜ ਭਲਾਈ ਕਾਰਜਾਂ, ਪਿੰਡ ਦੇ ਵਿਕਾਸ ਲਈ ਦਿੱਤੇ ਯੋਗਦਾਨ 'ਤੇ ਵਿਸਥਾਰਪੂਰਵਕ ਢੰਗ ਨਾਲ ਚਾਨਣਾ ਪਾਇਆ।ਇਸ ਸਮੇਂ ਪੰਚ ਕੁਲਵਿੰਦਰ ਕੌਰ, ਪੰਚ ਸੁਖਵੰਤ ਸਿੰਘ, ਪੰਚ ਸੁੱਖਾ ਸਿੰਘ, ਪੰਚ ਬ੍ਰਹਮ ਕਿਸ਼ੋਰ ਦੱਤ, ਪੰਚ ਕੁਲਦੀਪ ਸਿੰਘ, ਪੰਚ ਕੁਲਦੀਪ ਕੌਰ ਗੰਢੂ, ਪੰਚ ਪਰਮਜੀਤ ਕੌਰ, ਪੰਚ ਸਿੰਦਰਪਾਲ ਕੌਰ, ਪੰਚ ਹਰਪ੍ਰੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਹਤਬਰ ਹਾਜ਼ਰ ਸਨ।

ਆਈ ਐੱਚ ਐੱਮ ਵਿਖੇ ਮਨਾਇਆ ਅੰਤਰਰਾਸ਼ਟਰੀ ਸ਼ੈੱਫ ਦਿਵਸ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸਥਾਨਕ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਆਈ ਐੱਚ ਐੱਮ ਵਿਖੇ ਅੰਤਰਰਾਸ਼ਟਰੀ ਸ਼ੈੱਫ ਦਿਵਸ ਮਨਾਇਆ ਗਿਆ। ਇਹ ਜਾਣਕਾਰੀ ਪ੍ਰਿੰਸੀਪਲ ਮਿਸ ਰਾਜਨੀਤ ਕੋਹਲੀ ਨੇ ਸਾਂਝੀ ਕੀਤੀ।ਇਸ ਮੌਕੇ ਉਨ੍ਹਾਂ ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਉਨਾ ਦੱਸਿਆ ਕਿ ਇਸ ਕੁਕਰੀ ਮੁਕਾਬਲੇ ਵਿੱਚ ਡਿਗਰੀ, ਡਿਪਲੋਮਾ ਤੇ ਕਰਾਫਟਸਮੈਨ ਸ਼ਿਪ ਕੋਰਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਕੁੱਕਰੀ ਵਿੱਚ ਮੁਕਾਬਲੇ ਵਿੱਚ ਰਮਨ ਕੌਰ ਨੇ ਪਹਿਲਾ, ਰੀਆ ਨੇ ਦੂਜਾ ਤੇ ਤੀਜਾ ਇਨਾਮ ਸਮਿਤਾ ਨੇ ਹਾਸਲ ਕੀਤਾ।ਇਸ ਮੌਕੇ ਪੁਲਸ ਪਬਲਿਕ ਸਕੂਲ ਬਠਿੰਡਾ ਦੇ ਸ੍ਰੀਮਤੀ ਮੋਨਿਕਾ ਸਿੰਘ, ਆਈ ਐੱਚ ਐੱਮ ਦੇ ਪ੍ਰਸ਼ਾਸਕੀ ਅਫਸਰ ਸ੍ਰੀ ਰਾਜ ਕੁਮਾਰ ਸਿੰਗਲਾ ਨੇ ਸਮਾਗਮ ਦਾ ਦੌਰਾ ਕਰਕੇ ਜਾਇਜ਼ਾ ਵੀ ਲਿਆ।ਇਸ ਦੌਰਾਨ ਅਬੇਦਿਕਾ, ਸੁਰਿੰਦਰ ਸਿੰਘ ਚੌਹਾਨ ਤੋਂ ਇਲਾਵਾ ਆਈ ਐੱਚ ਐੱਮ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਆਦਿ ਹਾਜ਼ਰ ਸਨ।

ਦੇਵ ਮਾਨ ਵੱਲੋਂ ਕੱਲਰਮਾਜਰੀ ਤੇ ਖੱਟੜਾ ਕਲੋਨੀ ਦੀ ਨਵੀਂ ਪੰਚਾਇਤ ਦਾ ਸਨਮਾਨ

ਨਾਭਾ (ਵਰਿੰਦਰ ਵਰਮਾ)-ਪੰਜਾਬ ਭਰ 'ਚ 15 ਅਕਤੂਬਰ ਨੂੰ ਹੋਈਆਂ ਆਮ ਪੰਚਾਇਤੀ ਚੋਣਾਂ 'ਚ ਵਿਧਾਨ ਸਭਾ ਹਲਕਾ ਨਾਭਾ ਅਧੀਨ ਪੈਂਦੇ ਪਿੰਡ ਕਲਰਮਾਜਰੀ ਤੇ ਖੱਟੜਾ ਕਲੌਨੀ ਵਿਖੇ ਚੋਣਾਂ ਸ਼ਾਂਤੀਪੂਰਵਕ ਢੰਗ ਨਾਲ ਹੋਣ ਉਪਰੰਤ ਚੁਣੀ ਗਈ ਪੰਚਾਇਤ (ਸਰਪੰਚ ਤੇ ਪੰਚ) ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਮਿਲਣ ਲਈ ਪਹੁੰਚੇ। ਇਸ ਮੌਕੇ ਪਿੰਡ ਕਲਰਮਾਜਰੀ ਦੀ ਸਰਪੰਚ ਸਵਰਨ ਕੌਰ ਤੇ ਖੱਟੜਾ ਕਲੌਨੀ ਦੀ ਸਰਪੰਚ ਗੁਰਦੀਪ ਕੌਰ ਪਤਨੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭੁਪਿੰਦਰ ਸਿੰਘ ਕੱਲਰਮਾਜਰੀ ਤੇ ਪੰਚਾਂ ਨੇ ਹਲਕਾ ਵਿਧਾਇਕ ਦੇਵ ਮਾਨ ਨਾਲ਼ ਮੁਲਾਕਾਤ ਕੀਤੀ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਨਵ-ਨਿਯੁਕਤ ਸਰਪੰਚ ਤੇ ਪੰਚਾਇਤ ਮੈਂਬਰਾ ਨੂੰ ਵਧਾਈ ਦਿੱਤੀ, ਉੱਥੇ ਉਨ੍ਹਾਂ ਨੂੰ ਪਿੰਡਾਂ 'ਚ ਅਮਨ ਸ਼ਾਂਤੀ ਬਣਾਈ ਰੱਖਣ ਲਈ ਸਮੂਹ ਵੋਟਰਾਂ ਤੇ ਆਮ ਨਾਗਰਿਕਾਂ ਦਾ ਵੀ ਧੰਨਵਾਦ ਕੀਤਾ।ਦੇਵ ਮਾਨ ਨੇ ਦਫਤਰ ਪੁੱਜੇ ਸਰਪੰਚ ਤੇ ਪੰਚਾਂ ਨੂੰ ਆਪਣੇ ਪਿੰਡ ਦੇ ਵਿਕਾਸ ਨੂੰ ਤਰਜੀਹ ਦੇਣ ਲਈ ਪ੍ਰੇਰਿਆ।ਨਵ-ਨਿਯੁਕਤ ਖੱਟੜਾ ਕਲੌਨੀ ਦੀ ਸਰਪੰਚ ਗੁਰਦੀਪ ਕੌਰ ਪਤਨੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭੁਪਿੰਦਰ ਸਿੰਘ ਕੱਲਰਮਾਜਰੀ, ਪਿੰਡ ਕੱਲਰਮਾਜਰੀ ਦੀ ਸਰਪੰਚ ਸਵਰਨ ਕੌਰ ਤੇ ਪੰਚਾਇਤ ਮੈਂਬਰ ਮਨਪ੍ਰੀਤ ਕੌਰ, ਗੁਰਵਿੰਦਰ ਕੌਰ, ਸੁਨਿਤਾ ਰਾਣੀ, ਚਰਨ ਸਿੰਘ, ਹਰਬੰਸ ਸਿੰਘ ਨਾਜੀਰਾ, ਦਵਿੰਦਰ ਸਿੰਘ ਨੇ ਹਲਕਾ ਵਿਧਾਇਕ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗੇ।ਉਨ੍ਹਾਂ ਕਿਹਾ ਕਿ ਪਿੰਡ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਪਿੰਡ ਨੂੰ ਨਸ਼ਾ ਮੁਕਤ ਬਣਾਇਆ ਜਾਵੇਗਾ।

ਅਹਿਮਦਪੁਰ ਸਕੂਲ ਦੇ ਵਿਦਿਆਰਥੀਆਂ ਬਲਾਕ ਪੱਧਰੀ ਖੇਡਾਂ 'ਚ ਜਿੱਤ ਦੇ ਝੰਡੇ ਗੱਡੇ

ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)-ਬੁਢਲਾਡਾ ਦੀਆਂ ਬਲਾਕ ਪੱਧਰੀ ਖੇਡਾਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਆਪਣਾ ਲੋਹਾ ਮਨਵਾਇਆ।ਯੋਗਾ ਮੁੰਡੇ ਪਹਿਲਾ ਸਥਾਨ, ਯੋਗਾ ਕੁੜੀਆਂ ਪਹਿਲਾ ਸਥਾਨ, ਯੋਗਾ ਰਿਧਮਿਕ ਮੁੰਡੇ ਫਸਟ, ਚੈੱਸ ਮੁੰਡੇ ਦੂਸਰਾ, ਚੈੱਸ ਕੁੜੀਆਂ ਤੀਜਾ ਤੇ ਕਰਾਟੇ ਮੁੰਡੇ ਭਾਰ ਵਰਗ-20, 23, 26, 29, 32, +36 ਕਿਲੋ 'ਚ ਪਹਿਲਾ ਸਥਾਨਕ ਜਿੱਤਿਆ। ਕਰਾਟੇ ਕੁੜੀਆਂ 18, 21, 30 ਕਿੱਲੋ ਭਾਰ ਵਰਗ 'ਚ ਪਹਿਲੇ ਤੇ +34 ਕਿਲੋ ਭਾਰ ਵਰਗ 'ਚ ਦੂਜੇ ਸਥਾਨ 'ਤੇ ਰਹੀਆਂ।ਜਾਣਕਾਰੀ ਦਿੰਦਿਆਂ ਸਕੂਲ ਮੁਖੀ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਵੱਖ-ਵੱਖ ਵਰਗਾਂ 'ਚ ਅਧਿਆਪਕਾਂ ਦੀਆਂ ਵੱਖ-ਵੱਖ ਖੇਡਾਂ ਲਈ ਡਿਊਟੀਆਂ ਲਗਾਈਆਂ ਗਈਆਂ ਸਨ, ਜਿਨਾਂ ਨੇ ਪਿਛਲੇ ਲੰਮੇ ਸਮੇਂ ਤੋਂ ਆਪਣੇ ਵਿਦਿਆਰਥੀਆਂ ਦੀ ਤਿਆਰੀ ਕਰਵਾਈ ਸੀ।ਉਨ੍ਹਾਂ ਕਿਹਾ ਕਿ ਖੇਡ ਕੈਂਪ ਨੇ ਵੀ ਬੱਚਿਆਂ ਵਿੱਚ ਨਿਖਾਰ ਲਿਆਂਦਾ।ਇਸ ਸਮੇਂ ਮੈਡਮ ਮੰਜੂ ਸ਼ਰਮਾ, ਮੈਡਮ ਪ੍ਰੀਤੀ ਅਰੋੜਾ, ਮੈਡਮ ਮਨਜੀਤ ਕੌਰ ਨੂੰ ਵੱਖ-ਵੱਖ ਖੇਡਾਂ ਦਾ ਇੰਚਾਰਜ ਲਗਾਇਆ ਗਿਆ ਸੀ, ਜਿਨ੍ਹਾਂ ਦੀ ਮਿਹਨਤ ਸਦਕਾ ਇਹ ਪ੍ਰਾਪਤੀਆਂ ਹੋ ਸਕੀਆਂ।ਇਹ ਵਿਦਿਆਰਥੀ ਹੁਣ ਜ਼ਿਲ੍ਹਾ ਪੱਧਰੀ ਖੇਡਾਂ 'ਚ ਭਾਗ ਲੈਣਗੇ।ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸ਼ਰਮਾ, ਮੈਂਬਰ ਦਿਲਬਾਗ ਸਿੰਘ ਅਹਿਮਦਪੁਰ, ਉਪ-ਚੇਅਰਮੈਨ ਸਰੋਜ ਰਾਣੀ ਨੇ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਵਧਾਈ ਦਿੱਤੀ।

ਫੂਡ ਵੇਸਟੇਜ ਦੀ ਰੋਕਥਾਮ ਸੰਬੰਧੀ ਪ੍ਰੋਗਰਾਮ

ਬਾਘਾਪੁਰਾਣਾ (ਮਨੀ ਸਿੰਗਲਾ)-ਮਾਊਂਟ ਲਿਟਰਾ ਜ਼ੀ ਸਕੂਲ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਗਤੀਵਿਧੀਆਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਦੀ ਅਗਵਾਈ ਹੇਠ ਬੱਚਿਆਂ ਨੂੰ ਭੋਜਨ ਦੀ ਹੋ ਰਹੀ ਬਰਬਾਦੀ ਤੇ ਭੋਜਨ ਨੂੰ ਬਰਬਾਦ ਹੋਣ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ, ਦੀ ਵੀਡੀਓ ਬਣਾ ਕੇ ਬੱਚਿਆਂ ਨੂੰ ਕਲਾਸਾਂ ਵਿੱਚ ਲੱਗੇ ਪੈਨਲ (ਸਮਾਰਟ ਬੋਰਡ) ਉੱਪਰ ਦਿਖਾਈ ਗਈ।ਅਧਿਆਪਕਾਵਾਂ ਵੱਲੋਂ ਬੱਚਿਆਂ ਨੂੰ ਫੂਡ ਵੇਸਟੇਜ ਦੇ ਹੋ ਰਹੇ ਨੁਕਸਾਨ ਲਿਖਵਾਏ ਵੀ ਗਏ ।ਕੋਆਰਡੀਨੇਟਰ ਮੈਡਮ ਮਿੰਨੀ ਬਾਲਾ ਨੇ ਬੱਚਿਆਂ ਨੂੰ ਫੂਡ ਵੇਸਟੇਜ ਦੇ ਨੁਕਸਾਨ ਅਤੇ ਬਚੇ ਹੋਏ ਭੋਜਨ ਤੋਂ ਭਿੰਨ-ਭਿੰਨ ਪ੍ਰਕਾਰ ਦੀਆਂ ਤਿਆਰ ਹੋਣ ਵਾਲੀਆਂ ਆਈਟਮਾਂ ਬਾਰੇ ਦੱਸਿਆ।ਉਨ੍ਹਾਂ ਨੇ ਬੱਚਿਆਂ ਨੂੰ ਸਮਝਾਇਆ ਕਿ ਆਪਾਂ ਬਚੇ ਹੋਏ ਭੋਜਨ ਤੋਂ ਕੰਪੋਸਟ ਖਾਦ ਵੀ ਤਿਆਰ ਕਰ ਸਕਦੇ ਹਾਂ।ਪ੍ਰੋਗਰਾਮ ਨਾਲ ਸਬੰਧਤ ਪੀ ਪੀ ਟੀ ਮੈਡਮ ਨੇਹਾ ਮੋਲੜੀ ਵੱਲੋਂ ਤਿਆਰ ਕੀਤੀ ਗਈ।ਬੱਚਿਆਂ ਨੇ ਇਸ ਗਤੀਵਿਧੀ ਨਾਲ ਸੰਬੰਧਤ ਬਹੁਤ ਹੀ ਵਧੀਆ ਤੇ ਜਾਣਕਾਰੀ ਭਰਪੂਰ ਚਾਰਟ ਪੇਸ਼ ਕੀਤੇ, ਜਿਨ੍ਹਾਂ ਦੀ ਸ਼ਲਾਘਾ ਸਕੂਲ ਦੇ ਚੇਅਰਮੈਨ ਗੁਰਦੇਵ ਸਿੰਘ, ਡਾਇਰੈਕਟਰ ਅਤੇ ਪ੍ਰਿੰਸੀਪਲ ਸੰਦੀਪ ਮਹਿਤਾ ਤੇ ਪ੍ਰਿੰਸੀਪਲ ਪਰਮਿੰਦਰ ਕੱਰ ਵੱਲੋਂ ਕੀਤੀ ਗਈ। ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦੇ ਹੋਏ ਸਮੂਹ ਸਟਾਫ ਨੂੰ ਇਸ ਤਰ੍ਹਾਂ ਦੇ ਹੋਰ ਪ੍ਰੋਗਰਾਮ ਕਰਨ ਲਈ ਉਤਸ਼ਾਹਤ ਕੀਤਾ।

ਕਰਵਾ ਚੌਥ ਮੌਕੇ ਮਹਿੰਦੀ ਲਵਾਉਂਦੀ ਰਾਜਪੁਰਾ ਦੀ ਵਿਧਾਇਕ ਸ੍ਰੀਮਤੀ ਨੀਨਾ ਮਿੱਤਲ। (ਫੋਟੋ : ਰਮੇਸ਼ ਕਟਾਰੀਆ, ਰਾਜਪੁਰਾ)

ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਸਿਲਵਰ ਜੁਬਲੀ ਮਨਾਉਣ ਦੇ ਨਾਲ ਹੋਈ ਇੰਸਟਾਲੇਸ਼ਨ

ਕੋਟਕਪੂਰਾ (ਰਛਪਾਲ ਭੁੱਲਰ)-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਮੋਗਾ ਰੋਡ 'ਤੇ ਸਾਗਰ ਢਾਬਾ ਵਿਖੇ ਹੋਈ, ਜਿਸ ਵਿੱਚ ਐਮਜੇਐਫ ਲਾਇਨ ਇੰਜੀ. ਰਵਿੰਦਰ ਸੱਗੜ ਡਿਸਟ੍ਰਿਕਟ ਗਵਰਨਰ 321 ਐਫ ਬਤੌਰ ਮੁੱਖ ਮਹਿਮਾਨ, ਲਾਇਨ ਅੰਮ੍ਰਿਤਪਾਲ ਸਿੰਘ ਜੈਡੂ ਫਸਟ ਵੀਡੀਜੀ ਬਤੌਰ ਇਨਸਟਾਲੇਸ਼ਨ ਅਫ਼ਸਰ, ਐਮਜੇਐਫ ਲਾਇਨ ਰਵਿੰਦਰ ਪ੍ਰਕਾਸ਼ ਗੋਇਲ ਬਤੌਰ ਇੰਡਕਸ਼ਨ ਅਫ਼ਸਰ, ਲਾਇਨ ਰਜਿੰਦਰ ਸਿੰਘ ਸਰਾਂ ਚੀਫ ਰੀਜ਼ਨ ਕੋਆਰਡੀਨੇਟਰ, ਐਮਜੇਐਫ ਲਾਇਨ ਸੁਰਿੰਦਰ ਸਿੰਘ ਆਰ ਸੀ ਬਤੌਰ ਰੀਜਸਟ ਆਫ਼ ਆਨਰ, ਲਾਇਨ ਗੁਰਵੀਰ ਕਰਨ ਸਿੰਘ ਢਿੱਲੋਂ ਜੈਡਸੀ ਸਪੈਸ਼ਲ ਤੌਰ 'ਤੇ ਹਾਜ਼ਰ ਸਨ।

ਇਸ ਫੰਕਸ਼ਨ ਦੇ ਚੇਅਰਮੈਨ ਐਮਜੇਐਫ ਲਾਇਨ ਗੁਰਦੀਪ ਸਿੰਘ ਕੈਬਨਿਟ ਮੈਂਬਰ ਸਨ।ਲਾਇਨ ਐਡਵੋਕੇਟ ਚਰਨਜੀਤ ਸਿਡਾਨਾ ਨੇ ਐਮਓਸੀ ਦੀ ਭੂਮਿਕਾ ਨਿਭਾਈ।ਐਮਓਸੀ ਸਿਡਾਨਾ ਨੇ ਇੰਟਰਨੈਸ਼ਨਲ ਕਲੱਬ ਦੇ ਪ੍ਰੋਟੋਕੋਲ ਅਨੁਸਾਰ ਮਹਿਮਾਨਾਂ ਤੇ ਕਲੱਬ ਆਹੁਦੇਦਾਰਾਂ ਨੂੰ ਮੰਚ ਤੇ ਬਿਰਾਜਮਾਨ ਕਰਾਇਆ। ਲਾਇਨ ਸਰਾਂ ਨੇ ਸਾਰੇ ਹਾਜ਼ਰੀਨ ਨੂੰ ਕਲੱਬ ਦੇ ਚਾਰਟਰ ਮੈਂਬਰ ਸੰਜੀਵ ਬਾਂਸਲ ਦੇ ਕੁਝ ਸਮਾਂ ਪਹਿਲਾਂ ਇਸ ਫਾਨੀ ਸੰਸਾਰ 'ਚ ਚਲੇ ਜਾਣ ਦੀ ਜਾਣਕਾਰੀ ਦੇਣ 'ਤੇ ਸਭ ਨੇ ਖੜੇ ਹੋ ਕੇ ਦੋ ਮਿੰਟ ਮੌਨ ਧਾਰ ਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ। ਉਪਰੰਤ ਕੁਝ ਸਮੇਂ ਲਈ ਪ੍ਰੋਗਰਾਮ ਰੋਕਿਆ ਗਿਆ।ਫੰਕਸ਼ਨ ਮੁੜ ਸ਼ੁਰੂ ਹੋਣ 'ਤੇ ਫੰਕਸ਼ਨ ਚੇਅਰਮੈਨ ਵੱਲੋਂ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਭਾਵਿਆ ਗੋਇਲ ਵੱਲੋਂ ਇਨਵੋਕੇਸ਼ਨ ਪੜ੍ਹੀ ਗਈ। ਉਪਰੰਤ ਰਾਸ਼ਟਰੀ ਗੀਤ ਦਾ ਗਾਇਨ ਕੀਤਾ ਗਿਆ।ਇੰਡਕਸ਼ਨ ਅਫਸਰ ਗੋਇਲ ਦੁਆਰਾ ਕਲੱਬ ਦੀ ਸਿਲਵਰ ਜੁਬਲੀ ਮਨਾਉਣ 'ਤੇ ਕਲੱਬ ਵਧਾਈ ਦਿੱਤੀ ਤੇ ਇਸ ਦੇ ਮਹੱਤਵ ਬਾਰੇ ਦਾ ਦੱਸਿਆ।ਗੋਇਲ ਵੱਲੋਂ ਲਾਇਨਿਜ਼ਮ ਅਪਨਾਉਣ, ਇਸ ਦੇ ਕਰਤੱਵਾਂ ਦੀ ਮੁਢਲੀ ਜਾਣਕਾਰੀ ਦਿੰਦੇ ਹੋਏ ਮਨੁੱਖਤਾ ਦੀ ਸੇਵਾ ਲਈ ਲਾਇਨਿਜ਼ਮ ਅਪਨਾਉਣ ਦਾ ਸੁਨੇਹਾ ਦਿੱਤਾ।ਉਨ੍ਹਾਂ ਵੱਲੋਂ ਸੁਖਵਿੰਦਰ ਸਿੰਘ ਡੀਸੀ ਤੇ ਅੰਸ਼ੂ ਬਾਂਸਲ ਨੂੰ ਨਵੇਂ ਮੈਂਬਰਾਂ ਵੱਲੋਂ ਇਨਡਕਟ ਕਰਾਇਆ ਤੇ ਸਹੁੰ ਚੁਕਵਾਈ ਤੇ ਕਲੱਬ ਦੀ ਪਿੰਨ ਲਾ ਕੇ ਕਲੱਬ ਵਿੱਚ ਸ਼ਾਮਲ ਕੀਤਾ। ਲਾਇਨ ਜੈਡੂ ਨੇ ਵਾਰ-ਵਾਰ ਕਲੱਬ ਦੇ ਨਵੇਂ ਆਹੁਦੇਦਾਰਾਂ ਨੂੰ ਮੰਚ 'ਤੇ ਬੁਲਾਇਆ।ਹਰ ਇੱਕ ਨੂੰ ਉਸ ਦੇ ਅਹੁਦੇ ਦੇ ਕੰਮ ਕਰਨ ਦੇ ਢੰਗ 'ਤੇ ਡਿਊਟੀਆਂ ਬਾਰੇ ਵਿਸਥਾਰ ਨਾਲ ਸਮਝਾਇਆ ਤੇ ਉਨ੍ਹਾਂ ਤੋਂ ਆਪਣੀ-ਆਪਣੀ ਡਿਊਟੀ ਇਮਾਨਦਾਰੀ ਤੇ ਲਗਨ ਨਾਲ ਕਰਨ ਦਾ ਪ੍ਰਣ ਲਿਆ।ਇਸ ਉਪਰੰਤ ਲਾਇਨ ਰਜਿੰਦਰ ਸਰਾਂ ਨੇ ਕਲੱਬ ਦੀ ਰਿਪੋਰਟ ਪੜ੍ਹ ਕੇ ਸੁਨਾਈ ਗਈ।ਮੁੱਖ ਮਹਿਮਾਨ ਸੱਗੜ ਵੱਲੋਂ ਕੀਤੇ ਪ੍ਰੋਜੈਕਟਾਂ ਦੀ ਕਾਫੀ ਤਾਰੀਫ਼ ਕੀਤੀ ਗਈ। ਉਨ੍ਹਾਂ ਵੱਲੋਂ ਕਲੱਬ ਪ੍ਰਧਾਨ ਰਛਪਾਲ ਸਿੰਘ ਭੁੱਲਰ ਵੱਲੋਂ ਸਮੁੱਚੇ ਪਰਵਾਰ ਦੀ ਮੱਦਦ ਨਾਲ ਕਸਬੇ ਦੇ ਲਾਜਪਤ ਨਗਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਝੁੱਗੀ-ਝੌਂਪੜੀਆਂ ਵਿੱਚ ਰਹਿੰਦੇ ਬੱਚੇ ਪੜ੍ਹਦੇ ਹਨ ਤੇ ਜੋ ਸਕੂਲ ਟਾਈਮ ਤੋਂ ਪਹਿਲਾਂ ਤੇ ਬਾਅਦ ਕੂੜੇ ਕਰਕਟ ਵਿੱਚੋਂ ਸਮਾਨ ਇਕੱਠਾ ਕਰਦੇ ਹਨ, ਸਾਰੇ ਬੱਚਿਆਂ ਨੂੰ ਵਰਦੀਆਂ ਤੇ ਸਟੇਸ਼ਨਰੀ ਦੇਣ ਦੇ ਪਰੋਜੈਟ ਦੀ ਵਿਸ਼ੇਸ਼ ਤਾਰੀਫ ਕੀਤੀ।ਗਵਰਨਰ ਵੱਲੋਂ ਵੀ ਜਗਸੀਰ ਸਿੰਘ ਸੋਨਾ, ਜਸਵੀਰ ਸਿੰਘ, ਸਕੱਤਰ ਚਰਨਜੀਤ ਸਿਡਾਨਾ, ਸੁਨੀਲ ਬਿੱਟਾ ਪੀਆਰਓ, ਰਵਿੰਦਰਪਾਲ ਕੋਛੜ ਫਸਟ ਵੀਪੀ, ਰਛਪਾਲ ਸਿੰਘ ਭੁੱਲਰ ਪ੍ਰਧਾਨ, ਰਣਜੀਤ ਸਿੰਘ ਕੱਕੜ ਚਾਰਟਰ ਮੈਂਬਰ, ਗੁਰਵੀਰ ਕਰਨ ਸਿੰਘ ਢਿੱਲੋਂ ਜੈਂਡਸੀ, ਰਜਿੰਦਰ ਸਿੰਘ ਸਰਾਂ ਤੇ ਗੁਰਦੀਪ ਸਿੰਘ ਨੂੰ ਸਪੈਸ਼ਲ ਪਿੰਨ ਲਾ ਕੇ ਸਨਮਾਨਤ ਕੀਤਾ ਗਿਆ।ਲਾਇਨ ਢਿੱਲੋਂ ਨੂੰ ਜ਼ਿਲ੍ਹੇ

21-Oct-PAGE-3.qxd 10/20/2024 10:18 PM Page 1

ਝੋਨੇ ਦੀ ਖਰੀਦ ਨਾ ਹੋਣ ਕਾਰਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਘੇਰਿਆ ਮਾਰਕੀਟ ਕਮੇਟੀ ਦਫ਼ਤਰ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਝੋਨੇ ਦੀ ਖਰੀਦ ਨੂੰ ਲੈ ਕੇ ਮੰਡੀਆਂ ਵਿੱਚ ਕਿਸਾਨਾਂ ਦੀ ਖੱਜਲ ਖ਼ੁਆਰੀ ਹੋ ਰਹੀ ਹੈ, ਜਿਸ ਦੌਰਾਨ ਮਹਿਤਾ ਚੌਕ ਵਿਚਲੀ ਦਾਣਾ ਮੰਡੀ ਵਿੱਚ ਪਿਛਲੇ ਕਈ ਦਿਨਾਂ ਤੋਂ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਵੱਲੋਂ ਖਰੀਦ ਤੋਂ ਆਨਾਕਾਨੀ ਕੀਤੀ ਜਾ ਰਹੀ ਸੀ। ਪਿਛਲੇ ਹਫਤੇ ਲੋਕਲ ਪ੍ਰਸ਼ਾਸਨ ਨਾਲ ਵਾਰ ਵਾਰ ਇਹ ਮੁੱਦਾ ਉਠਾਉਣ 'ਤੇ ਜਦੋਂ ਮਸਲੇ ਦਾ ਹੱਲ ਨਹੀਂ ਹੋਇਆ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅਤੇ ਜ਼ਿਲ੍ਹਾ ਆਗੂ ਕੰਧਾਰ ਸਿੰਘ ਭੋਏਵਾਲ ਅਤੇ ਜ਼ੋਨ ਮਹਿਤਾ ਦੇ ਪ੍ਰਧਾਨ ਸਵਰਨ ਸਿੰਘ ਉਧੋ ਨੰਗਲ ਦੀ ਅਗਵਾਈ ਵਿੱਚ ਮਾਰਕੀਟ ਕਮੇਟੀ ਦੇ ਦਫਤਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਗਿਆ। 2 ਘੰਟੇ ਤੋਂ ਵੱਧ ਧਰਨਾ ਚੱਲਣ ਤੋਂ ਬਾਅਦ ਪ੍ਰਸ਼ਾਸਨ ਦੁਆਰਾ ਗੱਲ ਨਾ ਸੁਣੇ ਜਾਣ 'ਤੇ ਗੁੱਸੇ ਵਿੱਚ ਆਏ ਕਿਸਾਨਾਂ ਮਜ਼ਦੂਰਾਂ ਵੱਲੋਂ ਮਹਿਤਾ ਚੌਕ ਜਾਮ ਕਰ ਦਿੱਤਾ ਗਿਆ। ਇਸ ਮੌਕੇ ਸੂਬਾ ਆਗੂ ਕੰਵਰਦਲੀਪ ਸੈਦੋਲੇਹਲ ਨੇ ਕਿਹਾ ਕਿ ਕੱਲ੍ਹ ਜਥੇਬੰਦੀ ਦੀ ਟੀਮ ਵੱਲੋਂ ਮੰਡੀ ਦਾ ਦੌਰਾ ਕੀਤਾ ਗਿਆ ਜਿਸ ਦੌਰਾਨ ਕਿਸਾਨਾਂ ਨੇ ਦੱਸਿਆ ਕਿ 17% ਨਮੀ ਦੇ ਸਰਕਾਰੀ ਮਾਪਦੰਡਾਂ ਨੂੰ ਪੂਰਾ ਕਰਨ ਵਾਲੀ ਫ਼ਸਲ ਨੂੰ ਵੀ ਐੱਮ ਐੱਸ ਪੀ 'ਤੇ ਖਰੀਦਣ ਤੋਂ ਮਨ੍ਹਾ ਕੀਤਾ ਜਾ ਰਿਹਾ। 1 ਘੰਟਾ ਦੇ ਜਾਮ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਗੱਲਬਾਤ ਦਾ ਸੱਦਾ ਦਿੱਤਾ ਗਿਆ ਜਿਸ ਤੋਂ ਬਾਅਦ ਜਥੇਬੰਦੀ ਵੱਲੋਂ 4 ਮੈਂਬਰੀ ਵਫ਼ਦ ਮੀਟਿੰਗ ਕੀਤੀ ਗਈ। ਮੀਟਿੰਗ ਤੋਂ ਬਾਅਦ ਆਗੂਆਂ ਦੱਸਿਆ ਕਿ ਮੀਟਿੰਗ ਵਿੱਚ ਜ਼ਿਲ੍ਹਾ ਪੱਧਰੀ ਅਫ਼ਸਰ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਲੰਬੀ ਚਰਚਾ ਵਿੱਚ ਸਹਿਮਤੀ ਬਣੀ ਕਿ 17% ਤੱਕ ਨਮੀ ਵਾਲੀ ਝੋਨੇ ਦੀ ਫ਼ਸਲ ਦੀ ਤੁਰੰਤ ਪ੍ਰਭਾਵ ਨਾਲ ਅੱਜ ਸ਼ਾਮ ਤੋਂ ਹੀ ਸਰਕਾਰੀ ਖਰੀਦ ਤਹਿਤ ਭਰਿਆ ਜਾਵੇਗਾ, ਵੱਖ ਵੱਖ ਮੰਡੀਆਂ ਵਿੱਚ ਖਰੀਦ ਇੰਸਪੈਕਟਰ 10 ਤੋਂ 6 ਵਜੇ ਤੱਕ ਹਾਜ਼ਰ ਰਹਿਣਗੇ, ਪੀ. ਆਰ. 126 ਦੀ ਸਰਕਾਰੀ ਖਰੀਦ ਵਿੱਚ ਆ ਰਹੀ ਮੁਸ਼ਕਲ ਹੱਲ ਕੀਤੀ ਜਾਵੇਗੀ। ਅਧਿਕਾਰੀਆਂ ਵੱਲੋਂ ਲਿਫਟਿੰਗ ਦੀ ਮੁਸ਼ਕਲ ਕੱਲ੍ਹ ਤੱਕ ਹੱਲ ਕਰਵਾਓਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦੇ ਕਿਸਾਨਾਂ ਦੇ ਧਰਨੇ ਨੂੰ ਸਪੋਰਟ ਕਰਦੇ ਹੋਏ ਹਾਜ਼ਰ ਰਹੇ। ਇਸ ਤੋਂ ਬਾਅਦ ਅਧਿਕਾਰੀਆਂ ਵੱਲੋਂ ਧਰਨੇ ਵਿੱਚ ਜਾ ਕੇ ਧਰਨਾਕਾਰੀ ਕਿਸਾਨਾਂ ਮਜਦੂਰਾਂ ਸਾਹਮਣੇ ਆ ਕੇ ਬਣੀ ਸਹਿਮਤੀ ਤੇ ਸਟੇਜ ਤੋਂ ਬੋਲ ਕੇ ਦੱਸਿਆ ਗਿਆ। ਆਗੂਆਂ ਨੇ ਸਾਫ ਕੀਤਾ ਕਿ ਅਗਰ ਲਿਫਟਿੰਗ ਅਤੇ 126 ਕਿਸਮ ਨਹੀਂ ਚੁੱਕੀ ਜਾਂਦੀ ਤਾਂ ਜਥੇਬੰਦੀ 1-2 ਦਿਨਾਂ ਵਿੱਚ ਤਿੱਖਾ ਐਕਸ਼ਨ ਕਰਨ ਲਈ ਤਿਆਰ ਬਰ ਤਿਆਰ ਹੈ।ਇਸ ਤੋਂ ਬਾਅਦ ਧਰਨਾ ਖਤਮ ਕਰਕੇ ਮੰਡੀ ਵਿੱਚ ਜਥੇਬੰਦੀ ਦੇ ਆਗੂਆਂ ਦੀ ਹਾਜ਼ਰੀ ਵਿੱਚ ਖਰੀਦ ਇੰਸਪੈਕਟਰਾਂ ਦੁਆਰਾ ਖਰੀਦ ਸ਼ੁਰੂ ਕਰਵਾਈ ਗਈ।

ਇਸ ਮੌਕੇ ਸ਼ਿਵਚਰਨ ਸਿੰਘ ਮਹਿਸਮਪੁਰ, ਰਣਧੀਰ ਸਿੰਘ ਬੁੱਟਰ, ਮੁਖਤਾਰ ਸਿੰਘ ਅਰਜਨ ਮਾਂਗਾ, ਹਰਮੀਤ ਸਿੰਘ ਖੱਬੇ ਰਾਜਪੂਤਾਂ, ਹਰਮਨ ਸਿੰਘ ਖੱਬੇ, ਤਰਸੇਮ ਸਿੰਘ ਉਧੋ ਨੰਗਲ, ਆੜ੍ਹਤੀਆ ਐਸੋਸੀਏਸ਼ਨ ਵੱਲੋਂ ਸੁਖਦੇਵ ਸਿੰਘ ਬੁੱਟਰ ਸਿਵੀਆਂ, ਸਾਹਬ ਸਿੰਘ ਉਧੋ ਨੰਗਲ, ਰਾਜਬੀਰ ਸਿੰਘ ਉਧੋ ਨੰਗਲ ਅਤੇ ਗੁਰਮੁਖ ਸਿੰਘ ਆੜ੍ਹਤੀਏ ਅਤੇ ਕਿਸਾਨ ਮਜਦੂਰ ਹਾਜ਼ਰ ਰਹੇ।

ਬਾਬੋਵਾਲ ਦੀ ਕਾਂਗਰਸੀ ਪੰਚਾਇਤ ਨੂੰ ਸੱਚਰ ਨੇ ਕੀਤਾ ਸਨਮਾਨਤ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਬਾਬੋਵਾਲ ਵਿੱਚ ਸਾਰੀਆਂ ਧਿਰਾਂ ਨੂੰ ਹਰਾ ਕੇ ਸ਼ਮਸ਼ੇਰ ਸਿੰਘ ਬਾਬੋਵਾਲ ਦੀ ਅਗਵਾਈ ਵਿੱਚ ਵੱਡੇ ਫਰਕ ਨਾਲ ਜਿੱਤ ਕੇ ਪੰਚਾਇਤ ਬਣੀ ਜਿਸ ਨੂੰ ਅੱਜ ਸੀਨੀਅਰ ਕਾਂਗਰਸੀ ਆਗੂ ਤੇ ਮਜੀਠਾ ਹਲਕੇ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਹੁਣ ਆਪਣੀ ਨਿਰਪੱਖ ਹੋ ਕੇ ਜ਼ਿੰਮੇਵਾਰੀ ਸਮਝਦਿਆਂ ਪਿੰਡਾਂ ਦੇ ਵਿਕਾਸ ਕਰਵਾਉਣ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਲਗਭਗ ਢਾਈ ਸਾਲ ਹੋ ਗਏ ਹਨ ਪਰ ਪਿੰਡਾਂ ਵਿੱਚ ਗ੍ਰਾਂਟਾਂ ਨਾਂ ਦੀ ਕੋਈ ਚੀਜ਼ ਹੀ ਨਹੀਂ । ਪਿੰਡਾਂ ਵਿੱਚ ਪਿਛਲੀ ਕਾਂਗਰਸ ਸਰਕਾਰ ਦੇ ਵੇਲੇ ਦਿੱਤੀਆਂ ਗ੍ਰਾਂਟਾ ਨਾਲ ਕੰਮ ਚਲਾਇਆ ਜਾ ਰਿਹਾ ਹੈ। ਸੱਚਰ ਨੇ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਸਰਕਾਰ ਨੇ ਹਰ ਹੀਲਾ ਵਰਤਿਆ ਚਾਹੇ ਉਹ ਕਾਗਜ਼ ਰੱਦ ਕਰਵਾਏ ਜਾਂ ਵਾਰਡਾਂ ਦੀ ਅਦਲਾ ਬਦਲੀ ਜਾਂ ਮੌਕੇ 'ਤੇ ਵੋਟਾਂ ਦੀ ਕੱਟ ਵੱਢ ਕੀਤੀ ਗਈ, ਇਸ ਸਭ ਦੇ ਬਾਵਜੂਦ ਅਸੀਂ ਵੱਡੀ ਗਿਣਤੀ ਵਿੱਚ ਪੰਚਾਇਤਾਂ ਬਣਾਉਣ ਵਿੱਚ ਕਾਮਯਾਬ ਹੋਏ। ਇਸ ਮੌਕੇ ਸ਼ਮਸ਼ੇਰ ਸਿੰਘ ਸਰਪੰਚ, ਮੈਂਬਰ ਦਿਲਬਾਗ ਸਿੰਘ, ਮੈਂਬਰ ਗੁਰਪ੍ਰੀਤ ਸਿੰਘ, ਮੈਂਬਰ ਗੁਰਮੀਤ ਸਿੰਘ, ਮੈਂਬਰ ਹਰਜੀਤ ਸਿੰਘ, ਮੈਂਬਰ ਕਿਰਨ ਰਾਣੀ, ਮੈਂਬਰ ਕੁਲਵਿੰਦਰ ਕੌਰ, ਪਰਮਜੀਤ ਸਿੰਘ ਬਿੱਲੂ, ਮੱਖਣ ਸਿੰਘ, ਮੈਂਬਰ ਸੁੱਖਦੇਵ ਸਿੰਘ, ਅੰਗਰੇਜ ਸਿੰਘ ਬਿੱਟੂ ਤੇ ਕੁਲਦੀਪ ਸਿੰਘ ਵੀ ਹਾਜ਼ਰ ਸਨ।

ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਵਧੀਕ ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖਸ਼ ਸਿੰਘ ਖਾਲਸਾ, ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਸਮੇਤ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌ ਸਜਾਏ ਗਏ। ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਇਤਿਹਾਸ ਨਾਲ ਜੋੜਿਆ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਥਾ ਕਰਦਿਆਂ ਪ੍ਰਸਿੱਧ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਤੋਂ ਇਲਾਵਾ ਕਵੀ ਦਰਬਾਰ ਵਿਚ ਪੰਥਕ ਕਵੀਆਂ ਨੇ ਚੌਥੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੀ ਦੇਣ ਨੂੰ ਕਵਿਤਾਵਾਂ ਰਾਹੀਂ ਸੰਗਤਾਂ ਨਾਲ। ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਕੂਲਾਂ ਕਾਲਜਾਂ ਦੇ ਬੱਚਿਆਂ ਦੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ 'ਚੋਂ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਨਮਾਨਤ ਵੀ ਕੀਤਾ ਗਿਆ। ਇਹ ਮੁਕਾਬਲੇ ਬੀਤੇ ਵੱਖ-ਵੱਖ ਦਿਨਾਂ ਵਿਚ ਕਰਵਾਏ ਗਏ ਸਨ। ਸੰਗਤਾਂ ਵਾਸਤੇ ਲੰਗਰਾਂ ਦੇ ਵਿਸ਼ਾਲ ਪ੍ਰਬੰਧ ਕੀਤੇ ਗਏ ਸਨ। ਸ਼੍ਰੋਮਣੀ ਕਮੇਟੀ ਵਲੋਂ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਰਾਗ ਦਰਬਾਰ ਅਤੇ ਪੜਤਾਲ ਗਾਇਨ ਕੀਰਤਨ ਸਮਾਗਮ ਵੀ ਕਰਵਾਏ ਗਏ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਪਾਵਨ ਬਾਣੀ ਦਾ ਰਾਗਾਂ ਅਧਾਰਿਤ ਗਾਇਨ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਰਾਜਦੀਪ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਗੁਰਮੀਤ ਸਿੰਘ ਬੂਹ, ਗੁਰਿੰਦਰਪਾਲ ਸਿੰਘ ਗੋਰਾ, ਸੁਰਜੀਤ ਸਿੰਘ ਝਿੱਟੇਵੱਡ, ਹਰਜਾਪ ਸਿੰਘ ਸੁਲਤਾਨਵਿੰਡ, ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਰਾਮ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪਰਡੈਂਟ ਨਿਸ਼ਾਨ ਸਿੰਘ, ਮੈਨੇਜਰ ਹਰਪ੍ਰੀਤ ਸਿੰਘ, ਨਿਸ਼ਾਨ ਸਿੰਘ ਜਫਰਵਾਲ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਮੌਜੂਦ ਸਨ।

ਰਾਜੇਸ਼ ਭੰਗਵਾ ਪਿੰਡ ਭੰਗਵਾ ਦੇ ਸਰਪੰਚ ਬਣੇ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਨਾਲ ਲਗਦੇ ਪਿੰਡ ਭੰਗਵਾ ਦੇ ਸਰਪੰਚ ਰਾਜੇਸ਼ ਭੰਗਵਾ ਆਪਣੇ ਵਿਰੋਧੀ ਉਮੀਦਵਾਰ ਹਰਦੀਪ ਸਿੰਘ ਨੂੰ ਹਰਾ ਕੇ ਸਰਪੰਚ ਬਣੇ ਹਨ ਅਤੇ ਉਹ ਪੜ੍ਹੇ ਲਿਖੇ ਸਰਪੰਚ ਹੋਣ ਕਰਕੇ ਪਿੰਡ ਦੀ ਬਿਹਤਰੀ ਤੇ ਸਮਾਜ ਭਲਾਈ ਦੇ ਕੰਮਾਂ ਨੂੰ ਹਮੇਸ਼ਾ ਤਰਜੀਹ ਦੇਣਗੇ।

ਰਾਜੇਸ਼ ਭੰਗਵਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਆਮ ਆਦਮੀ ਪਾਰਟੀ ਦੇ ਸੀਨੀਅਰ ਵਲੰਟੀਅਰ ਹੋਣ ਦੇ ਨਾਤੇ ਆਪਣੀ ਟੀਮ ਸਮੇਤ ਪਿੰਡ ਪੱਧਰ ਤੋਂ ਉਪਰ ਉਠ ਕੇ ਪਿੰਡ ਤੇ ਇਲਾਕੇ ਦੇ ਕੰਮਾਂ ਨੂੰ ਇਮਾਨਦਾਰੀ ਨਾਲ ਕਰਵਾਉਣ ਵਿਚ ਕੋਈ ਕਸਰ ਨਹੀਂ ਛੱਡਣਗੇ। ਉਨ੍ਹਾਂ ਦੱਸਿਆ ਕਿ ਮੇਰੀ ਸਰਪੰਚੀ ਦੀ ਟੀਮ ਵਿਚ ਮੈਂਬਰ ਕੈਲਾਸ਼ ਕੁਮਾਰੀ ਵਾਰਡ ਨੰਬਰ 1, ਕਮਲਜੀਤ ਹੀਰਾ ਵਾਰਡ ਨੰਬਰ 2 ਵਿਚੋਂ, ਨਿਆਮਤ ਮਸੀਹ ਵਾਰਡ ਨੰਬਰ 3 ਵਿਚੋਂ, ਗੀਟਾ ਵਾਰਡ ਨੰਬਰ 4 'ਚੋਂ, ਪ੍ਰਵੀਨ ਲਤਾ ਵਾਰਡ ਨੰਬਰ 5 'ਚੋਂ ਅਤੇ ਮੋਨਿਕਾ ਮੈਂਬਰ ਬਣੇ ਹਨ ਅਤੇ ਪੰਚਾਇਤੀ ਕੋਰਮ ਵੀ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਪਿੰਡ ਅੰਦਰ ਜਨਰਲ ਮੁਕਾਬਲਾ ਸੀ ਅਤੇ ਐਸ.ਸੀ. ਦੀ ਸੀਟ 'ਤੇ ਲੜਨ 'ਤੇ ਪਿੰਡ ਵਾਸੀਆਂ ਨੇ ਪੂਰਾ ਸਹਿਯੋਗ ਦੇ ਕੇ ਜਿੱਤ ਯਕੀਨੀ ਬਣਾਈ ਹੈ। ਉਨ੍ਹਾਂ ਕਿਹਾ ਪਿੰਡ ਦਾ ਸਰਬਪੱਖੀ ਵਿਕਾਸ ਧੜੇਬੰਦੀ ਤੋਂ ਉਪਰ ਉਠ ਕੇ ਕੀਤਾ ਜਾਵੇਗਾ ਅਤੇ ਹਰੇਕ ਵਰਗ ਨੂੰ ਇਨਸਾਫ਼ ਮੁਹੱਈਆ ਕਰਵਾਉਣ ਲਈ ਉਹ ਵਚਨਬੱਧ ਹਨ। ਉਨ੍ਹਾਂ ਕਿਹਾ ਪਿੰਡ ਅੰਦਰ ਧੜੇਬੰਦੀ ਅਤੇ ਨਸ਼ਿਆਂ ਨੂੰ ਖ਼ਤਮ ਕਰਨ ਲਈ ਉਹ ਹਮੇਸ਼ਾ ਸੁਹਿਰਦ ਰਹਿਣਗੇ ਅਤੇ ਨੌਜਵਾਨਾਂ ਨੂੰ ਖੇਡਾਂ ਤੇ ਪੜ੍ਹਾਈ ਵੱਲ ਪ੍ਰੇਰਿਤ ਕੀਤਾ ਜਾਵੇਗਾ।

ਕੋਟ ਟੋਡਰਮੱਲ ਤੋਂ ਕੁਲਵਿੰਦਰ ਕੌਰ ਸਰਪੰਚ ਬਣੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) ਪਿੰਡ ਕੋਟ ਟੋਡਰ ਮਲ ਤੋਂ ਪੰਚਾਇਤੀ ਚੋਣਾਂ ਦੌਰਾਨ ਕੁਲਵਿੰਦਰ ਕੌਰ ਪਤਨੀ ਗੁਰਨਾਮ ਸਿੰਘ ਸੋ ਵੋਟਾਂ ਦੇ ਨਾਲ ਜੇਤੂ ਰਹੇ ਅਤੇ ਇਸ ਦੌਰਾਨ ਉਹਨਾਂ ਦੇ ਨਾਲ ਮੈਂਬਰ ਨਰਿੰਦਰ ਸਿੰਘ ਹਰਜੀਤ ਕੌਰ ਪਰਮਜੀਤ ਕੌਰ ਸਾਬਕਾ ਸਰਪੰਚ ਜਸਬੀਰ ਸਿੰਘ ਬਣੇ ਅਤੇ ਇਸ ਦੌਰਾਨ ਨਵੀਂ ਬਣੀ ਪੰਚਾਇਤ ਦੇ ਵੱਲੋਂ ਸਮੁੱਚੇ ਪਿੰਡ ਕੋਟ ਟੋਡਰ ਮੱਲ ਦੇ ਸਮੂਹ ਵੋਟਰਾਂ ਅਤੇ ਸਪੋਰਟਰਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਹਰ ਤਰ੍ਹਾਂ ਦੇ ਯਤਨ ਕੀਤੇ ਜਾਣਗੇ ਅਤੇ ਪਿੰਡ ਦੇ ਵਿਕਾਸ ਵੱਡੇ ਪੱਧਰ 'ਤੇ ਕਰਵਾਏ ਜਾਣਗੇ ਅਤੇ ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ ਜਾਵੇਗਾ।

ਉਹਨਾਂ ਕਿਹਾ ਕਿ ਉਹ ਪਹਿਲੀ ਵਾਰ ਸਰਪੰਚ ਬਣੇ ਹਨ ਅਤੇ ਉਨ੍ਹਾਂ ਦੇ ਮਨ ਵਿੱਚ ਸਿਰਫ ਇੱਕੋ ਇੱਕ ਆਵਾਜ਼ ਹੈ ਕਿ ਪਿੰਡ ਦਾ ਵਿਕਾਸ ਕਰਨਾ।ਉਹਨਾਂ ਕਿਹਾ ਕਿ ਪਿੰਡ ਦੇ ਵਿਕਾਸ ਨੂੰ ਲੈ ਕੇ ਉਹ ਦਿਨ ਰਾਤ ਇੱਕ ਕਰਨਗੇ ਅਤੇ ਜੋ ਵੀ ਸਰਕਾਰ ਵੱਲੋਂ ਸਹੂਲਤਾਂ ਪਿੰਡ ਨੂੰ ਮਿਲਣਗੀਆਂ ਉਹ ਪਹਿਲ ਦੇ ਅਧਾਰ 'ਤੇ ਪਿੰਡ ਵਿੱਚ ਲਿਆਂਦੀਆਂ ਜਾਣਗੀਆਂ।ਇਸ ਮੌਕੇ ਉਹਨਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਜਸਬੀਰ ਸਿੰਘ, ਸਲਵਿੰਦਰ ਸਿੰਘ, ਗੋਪਾਲ ਸਿੰਘ, ਸ਼ਿਵ ਸਿੰਘ, ਸੁਖਰਾਜ ਸਿੰਘ, ਸਲਵਿੰਦਰ ਸਿੰਘ, ਬੰਤਾ ਸਿੰਘ, ਹਰਵੰਤ ਸਿੰਘ, ਅੰਮ੍ਰਿਤਪਾਲ ਸਿੰਘ, ਸਨਮੁੱਖ ਸ

21-Oct-PAGE-4-Edtional-24.qxd 10/20/2024 10:29 PM Page 1

ਨਵਾਂ ਜ਼ਮਾਨਾ
ਸੋਮਵਾਰ, 21 ਅਕਤੂਬਰ 2024

ਭਾਗਵਤ ਦੀ ਅਸਲ ਚਿੰਤਾ

46 ਸਾਲਾ ਹੀਰਾ ਲਾਲ ਸ਼ਰਮਾ ਧਾਰਮਿਕ ਪ੍ਰਵਿਰਤੀ ਦਾ ਬੰਦਾ ਸੀ ਤੇ ਹਰ ਮੰਗਲਵਾਰ ਵਰਤ ਰੱਖਦਾ ਸੀ, ਜਿਸ ਨੇ ਆਰਥਿਕ ਤੰਗੀ ਕਾਰਨ ਪਿਛਲੇ ਮਹੀਨੇ ਦਿੱਲੀ 'ਚ ਆਪਣੀਆਂ ਚਾਰ ਧੀਆਂ ਨਾਲ ਖ਼ੁਦਕੁਸ਼ੀ ਕਰ ਲਈ। ਇਸ ਸਮੂਹਿਕ ਖ਼ੁਦਕੁਸ਼ੀ ਕਾਂਡ 'ਤੇ ਦਿੱਲੀ ਦੇ ਝੰਡੇਵਾਲਾ 'ਚ ਆਰ ਐੱਸ ਐੱਸ ਦੇ ਆਲੀਸ਼ਾਨ ਦਫਤਰ ਵਿਚ ਕੋਈ ਹਲਚਲ ਨਹੀਂ ਹੋਈ, ਜਿਸ ਦੇ ਮੁਖੀ ਮੋਹਨ ਭਾਗਵਤ ਹਿੰਦੂਆਂ ਨੂੰ ਜਾਗਰਤ ਤੇ ਇਕਜੁੱਟ ਹੋਣ ਦਾ ਸੱਦਾ ਦੇ ਰਹੇ ਹਨ। ਦੁਸਹਿਰੇ 'ਤੇ ਨਾਗਪੁਰ 'ਚ ਆਰ ਐੱਸ ਐੱਸ ਦੇ ਸਾਲਾਨਾ ਸਮਾਗਮ 'ਚ ਭਾਗਵਤ ਨੇ ਕਿਹਾ ਕਿ ਕਮਜ਼ੋਰੀ ਆਪਣੇ-ਆਪ 'ਚ ਬਿਪਤਾ ਦਾ ਕਾਰਨ ਹੈ। ਇਸ ਲਈ ਹਿੰਦੂਆਂ ਨੂੰ ਇਕਜੁੱਟ ਹੋ ਜਾਣਾ ਚਾਹੀਦਾ ਹੈ। ਬੰਗਲਾਦੇਸ਼ ਵਿਚ ਹਿੰਦੂ ਇਕਜੁੱਟ ਹੋਏ ਤਾਂ ਪਿਛਲੇ ਕੁਝ ਦਿਨਾਂ 'ਚ ਹਿੰਸਕ ਹਮਲਿਆਂ 'ਚ ਕਮੀ ਆਈ।

2024 ਆਰ ਐੱਸ ਐੱਸ ਦੀ ਸਥਾਪਨਾ ਦਾ ਸ਼ਤਾਬਦੀ ਵਰ੍ਹਾ ਹੈ, ਜਿਸ 'ਤੇ ਸਭ ਦੀ ਨਜ਼ਰ ਸੀ, ਪਰ ਭਾਗਵਤ ਦੇ ਭਾਸ਼ਣ 'ਚ ਹਿੰਦੂ ਸਮਾਜ ਦੀਆਂ ਅਸਲ ਕਮਜ਼ੋਰੀਆਂ ਨੂੰ ਲੈ ਕੇ ਕੋਈ ਚਿੰਤਾ ਨਹੀਂ ਦਿਖੀ। ਉਨ੍ਹਾ ਨੂੰ ਚਿੰਤਾ ਨਹੀਂ ਕਿ ਆਮ ਹਿੰਦੂ ਨੂੰ ਪੂਰਾ ਭੋਜਨ ਕਿਉਂ ਨਹੀਂ ਮਿਲ ਰਿਹਾ। ਨਾ ਬੇਰੁਜ਼ਗਾਰੀ ਦਿਸਦੀ ਹੈ। ਉਨ੍ਹਾ ਇਸ ਹਕੀਕਤ 'ਤੇ ਵੀ ਚਿੰਤਾ ਨਹੀਂ ਜ਼ਾਹਰ ਕੀਤੀ ਕਿ ਦਾਜ ਕਾਰਨ ਬੀਸੀਓਂ ਮੁਟਿਆਰਾਂ ਦੀ ਜਾਨ ਜਾ ਰਹੀ ਹੈ ਅਤੇ ਯੂ ਪੀ, ਜਿੱਥੇ ਰਾਮ ਰਾਜ ਹੈ, ਵਿਚ ਇਹ ਅੰਕੜਾ ਰੋਜ਼ਾਨਾ ਛੇ ਦਾ ਹੈ। ਭਾਗਵਤ ਨੂੰ ਇਹ ਵੀ ਚਿੰਤਾ ਨਹੀਂ ਕਿ ਬੀਮਾਰ ਪੈਣ ਕਾਰਨ ਹਿੰਦੂ ਬਿਨਾਂ ਇਲਾਜ ਦੇ ਮਰਨ ਲਈ ਮਜਬੂਰ ਹਨ। ਆਖਰਕਾਰ ਹੀਰਾ ਲਾਲ ਸ਼ਰਮਾ ਪਰਵਾਰ ਸਣੇ ਖ਼ੁਦਕੁਸ਼ੀ ਲਈ ਇਸੇ ਕਰਕੇ ਮਜਬੂਰ ਹੋਇਆ ਕਿ ਉਹ ਭੁੱਖ, ਬੇਕਾਰੀ, ਬਿਮਾਰੀ ਤੇ ਮਹਿੰਗਾਈ ਅੱਗੇ ਕਮਜ਼ੋਰ ਪੈ ਗਿਆ ਸੀ। ਉਹ ਨੌਜਵਾਨ ਧੀਆਂ ਦੀ ਸ਼ਾਦੀ ਲਈ ਦਾਜ ਦੀ ਚਿੰਤਾ ਨਾਲ ਕਿਸ ਕਦਰ ਘੁਲ ਰਿਹਾ ਹੋਵੇਗਾ, ਇਸ ਦਾ ਅੰਦਾਜ਼ਾ ਹੀ ਲਾਇਆ ਜਾ ਸਕਦਾ ਹੈ। ਨਾ ਦੁਨੀਆ ਦਾ ਸਭ ਤੋਂ ਤਾਕਤਵਰ ਹਿੰਦੂ ਸੰਗਠਨ ਆਰ ਐੱਸ ਐੱਸ ਉਸ ਨੂੰ ਭਵਿੱਖ ਦਾ ਭਰੋਸਾ ਦੇ ਸਕਿਆ ਤੇ ਨਾ ਹੀ ਮੋਦੀ ਸਰਕਾਰ ਦਾ ਉਹ ਇਸ਼ਤਿਹਾਰ, ਜਿਸ 'ਚ ਭਾਰਤ ਪੰਜਵੀਂ ਸਭ ਤੋਂ ਵੱਡੀ ਅਰਥਵਿਵਸਥਾ ਬਣ ਕੇ ਦੁਨੀਆ ਵਿਚ ਆਪਣਾ ਪਰਚਮ ਲਹਿਰਾ ਰਿਹਾ ਹੈ। ਹੀਰਾ ਲਾਲ ਦੇ ਪਰਵਾਰ ਨੇ ਵਿਵਸਥਾ ਨੂੰ ਲਾਅਨਤ ਘੱਲਦਿਆਂ ਚੁੱਪਚਾਪ ਮੌਤ ਨੂੰ ਗਲੇ ਲਾ ਲਿਆ।

ਮੋਹਨ ਭਾਗਵਤ ਬੰਗਲਾਦੇਸ਼ ਦੇ ਘੱਟਗਿਣਤੀ ਹਿੰਦੂਆਂ ਦੀ ਮਿਸਾਲ ਦੇ ਕੇ ਹਿੰਦੂਆਂ ਨੂੰ ਇਕਜੁੱਟ ਹੋਣ ਦਾ ਸੱਦਾ ਤਾਂ ਦੇ ਰਹੇ ਹਨ, ਪਰ ਭਾਰਤ ਦੀਆਂ ਘੱਟਗਿਣਤੀਆਂ ਦੀ ਇਕਜੁੱਟਤਾ ਆਰ ਐੱਸ ਐੱਸ ਨੂੰ ਡਰਾਉਂਦੀ ਹੈ। ਉਨ੍ਹਾਂ ਦੀ ਆਏ ਦਿਨ ਲਿੰਚਿੰਗ ਨੂੰ ਭਾਗਵਤ ਨਿੱਕੀ-ਮੋਟੀ ਗੱਲ ਕਹਿ ਕੇ ਟਾਲਦੇ ਹਨ ਅਤੇ ਇਸ 'ਤੇ ਦੂਜੇ ਦੇਸ਼ਾਂ ਤੋਂ ਉੱਠਣ ਵਾਲੇ ਸਵਾਲਾਂ ਨੂੰ ਭਾਰਤ ਖਿਲਾਫ ਕੌਮਾਂਤਰੀ ਸਾਜ਼ਿਸ਼ ਦੱਸਦੇ ਹਨ, ਜਦਕਿ ਖ਼ੁਦ ਚਾਹੁੰਦੇ ਹਨ ਕਿ ਬੰਗਲਾਦੇਸ਼ ਵਿਚ ਹਿੰਦੂਆਂ 'ਤੇ ਹੋਣ ਵਾਲੇ ਜ਼ੁਲਮਾਂ ਖਿਲਾਫ ਦੁਨੀਆ ਨੂੰ ਬੋਲਣਾ ਚਾਹੀਦਾ ਹੈ। ਉਨ੍ਹਾ ਦੀ ਨਜ਼ਰ ਵਿਚ ਹਿੰਦੂ ਹੀ ਖਤਰੇ ਵਿਚ ਹਨ, ਭਾਵੇਂ ਕਿ ਦਸ ਸਾਲਾਂ ਤੋਂ ਮੋਦੀ ਰਾਜ ਚੱਲ ਰਿਹਾ ਹੈ। ਦਰਅਸਲ ਭਾਗਵਤ ਕਦੇ ਨਹੀਂ ਚਾਹੁੰਦੇ ਕਿ ਭਾਰਤ ਦਾ ਬਹੁਗਿਣਤੀ ਹਿੰਦੂ ਸਮਾਜ ਅਸਲ 'ਚ ਜਾਗੇ ਅਤੇ ਆਪਣੀ ਦੁਰਦਸ਼ਾ ਦੇ ਅਸਲ ਸਿਆਸੀ, ਸਮਾਜੀ ਤੇ ਆਰਥਿਕ ਕਾਰਨਾਂ ਨੂੰ ਪਛਾਣੇ। ਹਿੰਦੂ ਸਮਾਜ ਦੀ ਏਕਤਾ ਦੇ ਰਾਹ 'ਚ ਸਭ ਤੋਂ ਵੱਡਾ ਰੋੜਾ ਜਾਤ ਪ੍ਰਥਾ ਹੈ, ਜਿਸ ਨੂੰ ਖਤਮ ਕਰਨ ਦਾ ਆਰ ਐੱਸ ਐੱਸ ਦਾ ਇਰਾਦਾ ਨਹੀਂ। ਆਰ ਐੱਸ ਐੱਸ ਲਈ ਹਿੰਦੂ ਏਕਤਾ ਦਾ ਮਤਲਬ ਪਿੰਡ-ਪਿੰਡ ਮੁਸਲਮਾਨਾਂ 'ਤੇ ਹਮਲੇ ਕਰਨ ਲਈ ਤਿਆਰ ਰਹਿਣ ਵਾਲੀਆਂ ਹਿੰਦੂ ਨੌਜਵਾਨਾਂ ਦੀਆਂ ਟੋਲੀਆਂ ਤੋਂ ਹੈ। ਭਿਆਨਕ ਬੇਰੁਜ਼ਗਾਰੀ ਝੱਲ ਰਹੇ ਹਿੰਦੂ ਨੌਜਵਾਨਾਂ ਲਈ ਉਸ ਕੋਲ ਇਹੀ ਪ੍ਰੋਗਰਾਮ ਹੈ। ਨਫਰਤ ਦੇ ਆਧਾਰ 'ਤੇ ਹਿੰਦੂ ਸਮਾਜ ਨੂੰ ਸੰਗਠਤ ਕਰਕੇ ਪੂੰਜੀਵਾਦੀ ਲੁੱਟ ਦਾ ਰਾਹ ਪੱਧਰਾ ਕਰਨ ਵਾਲੀ ਰਾਜ ਸੱਤਾ ਦਾ ਨਿਰਮਾਣ ਹੀ ਆਰ ਐੱਸ ਐੱਸ ਦਾ ਨਿਸ਼ਾਨਾ ਹੈ। ਉਸ ਦੇ ਸੌ ਸਾਲ ਦੇ ਸਫਰ ਦਾ ਇਹੀ ਹਾਸਲ ਹੈ।

36ਵੀਂ ਬਰਸੀ ਮੌਕੇ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਨੂੰ ਯਾਦ ਕਰਦਿਆਂ

ਜਗਦੀਸ਼ ਸਿੰਘ ਚਾਹਲ

ਸਮਾਜ ਵਿੱਚ ਕੁੱਝ ਵਿਅਕਤੀ ਅਜਿਹੇ ਹੁੰਦੇ ਹਨ , ਜੋ ਦੂਸਰਿਆਂ ਦੇ ਮੁਕਾਬਲੇ ਸਮਾਜ ਦੇ ਵਿਕਾਸ ਦੇ ਨਿਯਮਾਂ ਨੂੰ ਵਧੇਰੇ ਤੀਖਣਤਾ ਦੇ ਨਾਲ ਸਮਝ ਲੈਂਦੇ ਹਨ। ਸਮਝਣ ਤੋਂ ਬਾਅਦ ਬੁਰਾਈਆਂ ਦਾ ਖਾਤਮਾ ਕਰਦਿਆਂ ਚੰਗਿਆਈਆਂ ਦੀ ਸਰਦਾਰੀ ਕਾਇਮ ਕਰਨ ਲਈ ਅਮਲ ਵਿੱਢ ਦਿੰਦੇ ਹਨ। ਅਜਿਹਾ ਹੀ ਮਨੁੱਖ ਸੀ ਕਾਮਰੇਡ ਨਛੱਤਰ ਸਿੰਘ ਧਾਲੀਵਾਲ। ਉਹਨਾਂ ਦਾ ਜਨਮ 16 ਮਈ 1938 ਨੂੰ ਮਾਤਾ ਚੰਦ ਕੌਰ ਦੀ ਕੁੱਖੋਂ, ਪਿਤਾ ਭਾਗ ਸਿੰਘ ਦੇ ਘਰ ਪਿੰਡ ਬੱਧਣੀ ਖੁਰਦ ਜ਼ਿਲ੍ਹਾ ਮੋਗਾ ਵਿਖੇ ਹੋਇਆ। ਉਹਨਾਂ ਨੇ ਪ੍ਰਾਇਮਰੀ ਤੱਕ ਦੀ ਪੜ੍ਹਾਈ ਪਿੰਡ ਬੱਧਣੀ ਖੁਰਦ ਦੇ ਸਕੂਲ ਤੋਂ ਅਤੇ ਮੈਟ੍ਰਿਕ ਪੱਧਰ ਦੀ ਪੜ੍ਹਾਈ ਹਾਈ ਸਕੂਲ ਬੁੱਟਰ ਕਲਾਂ ਤੋਂ ਪ੍ਰਾਪਤ ਕੀਤੀ। ਸਧਾਰਨ ਪਰਵਾਰ ਹੋਣ ਕਰਕੇ ਆਪ ਆਪਣੀ ਪੜ੍ਹਾਈ ਨੂੰ ਅੱਗੇ ਜਾਰੀ ਨਾ ਰੱਖਦਿਆਂ 1958 ਵਿੱਚ ਅੰਮ੍ਰਿਤਸਰ ਡਿਪੂ ਵਿੱਚ ਬਤੌਰ ਕੰਡਕਟਰ ਭਰਤੀ ਹੋ ਗਏ। ਭਰਤੀ ਹੁੰਦਿਆਂ ਹੀ ਆਪ ਪੰਜਾਬ ਗੌਰਮਿੰਟ ਨੈਸ਼ਨਲ ਮੋਟਰ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਜਿਸ ਦਾ ਬਾਅਦ ਵਿੱਚ ਨਾਂਅ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ ਕਰ ਦਿੱਤਾ ਗਿਆ, ਵਿੱਚ ਸ਼ਾਮਲ ਹੋ ਕੇ ਸਰਗਰਮੀ ਨਾਲ ਕੰਮ ਕਰਨ ਲੱਗੇ।

ਅਪ੍ਰੈਲ 1965 ਵਿੱਚ ਪੰਜਾਬ ਰੋਡਵੇਜ਼ ਵਿੱਚ ਪਹਿਲੀ ਹੜਤਾਲ ਹੋਈ, ਜਿਸ ਕਰਕੇ 4 ਮਈ 1965 ਨੂੰ ਹੋਏ ਸਮਝੌਤੇ ਮੁਤਾਬਕ ਮੁਲਾਜ਼ਮਾਂ ਨੂੰ 4% ਬੋਨਸ, ਓਵਰ ਟਾਈਮ, ਗੁਰਗਾਬੀਆਂ ਆਦਿ ਮੰਗਾਂ ਦੀ ਪ੍ਰਾਪਤੀ ਹੋਈ। ਇਸ ਹੜਤਾਲ ਵਿੱਚ ਕੀਤੀ ਸ਼ਾਨਦਾਰ ਸਰਗਰਮੀ ਸਦਕਾ ਆਪ ਨੂੰ ਸਬ-ਡਿਪੂ ਮੋਗਾ ਦਾ ਜਨਰਲ ਸਕੱਤਰ ਚੁਣ ਲਿਆ ਗਿਆ। 1968 ਵਿੱਚ ਸ. ਲਛਮਣ ਸਿੰਘ ਗਿੱਲ ਦੀ ਸਰਕਾਰ ਸਮੇਂ ਪਹਿਲਾਂ ਇੱਕ ਦਿਨ ਦੀ ਹੜਤਾਲ ਅਤੇ ਫਿਰ 25 ਫਰਵਰੀ 1968 ਤੋਂ ਚਾਰ ਦਿਨਾਂ ਦੀ ਮੁਕੰਮਲ ਹੜਤਾਲ ਸਮੇਂ ਆਪ ਨੇ ਮੋਗੇ ਦੇ ਨਾਲ ਫਿਰੋਜ਼ਪੁਰ ਦੀ ਵੀ ਅਗਵਾਈ ਕੀਤੀ। ਇਸ ਹੜਤਾਲ ਕਾਰਨ ਆਪ ਨੂੰ ਫਿਰੋਜ਼ਪੁਰ ਜੇਲ੍ਹ ਵੀ ਜਾਣਾ ਪਿਆ। ਡਿਊਟੀ ਤੋਂ ਮੁਅੱਤਲੀ ਹੋਈ ਅਤੇ ਫਿਰ ਹੋਏ ਸਮਝੌਤੇ ਮੁਤਾਬਕ 1969 ਵਿੱਚ ਆਪ ਫਿਰ ਡਿਊਟੀ 'ਤੇ ਪਰਤ ਆਏ। ਕਾਮਰੇਡ ਨਛੱਤਰ 6 ਫੁੱਟ ਉੱਚਾ, ਸੋਹਣੀ ਸ਼ਕਲ-ਸੂਰਤ, ਹਰ ਵੇਲੇ ਚਿਹਰੇ 'ਤੇ ਮੁਸਕਰਾਹਟ ਰੱਖਣ ਵਾਲਾ, ਰੋਸ਼ਨ ਦਿਮਾਗ ਵਾਲਾ ਚਿੰਤਕ ਸੀ। ਹਰ ਪਲ ਮਜ਼ਦੂਰ ਜਮਾਤ ਦੇ ਹਿੱਤਾਂ ਲਈ ਸੋਚ ਅਤੇ ਅਮਲ ਕਰਨ ਵਾਲਾ ਮਨੁੱਖ, ਮਾਰਕਸ ਦੇ ਕਥਨ "ਸਿਧਾਂਤ ਤੋਂ ਬਿਨਾਂ ਅਮਲ ਅੰਨ੍ਹਾ ਹੈ, ਅਮਲ ਤੋਂ ਬਿਨਾਂ ਸਿਧਾਂਤ ਲੂਲਾ ਹੁੰਦਾ ਹੈ" ਦਾ ਪੱਕਾ ਧਾਰਨੀ ਸੀ। ਸਮਾਜ ਦੇ ਵਿਕਾਸ 'ਤੇ ਅਮਲ ਕਰਨ ਲਈ ਜਥੇਬੰਦੀ ਨੇ ਸਹੀ ਚੋਣ ਕਰਦਿਆਂ ਆਪ ਨੂੰ 1971 ਵਿੱਚ 9 ਮਹੀਨੇ ਦੇ ਅੰਤਰਰਾਸ਼ਟਰੀ ਸਕੂਲ ਬੁਲਗਾਰੀਆ ਵਿਖੇ ਰਾਜਨੀਤਕ-ਆਰਥਿਕਤਾ ਦਾ ਅਧਿਐਨ ਕਰਨ ਲਈ ਭੇਜਿਆ। ਉਥੇ ਏਸ਼ੀਆ, ਅਫ਼ਰੀਕਾ ਅਤੇ ਦੱਖਣੀ ਅਮਰੀਕਾ ਦੇ ਦੇਸ਼ਾਂ ਵਿੱਚੋਂ ਉੱਚ ਵਿੱਦਿਆ ਹਾਸਲ ਕਰਨ ਲਈ 36 ਵਿਦਿਆਰਥੀ ਪਹੁੰਚੇ ਹੋਏ ਸਨ। ਮੁੱਢਲੇ 10-15 ਦਿਨ, ਘੱਟ ਵਿੱਦਿਆ ਹੋਣ ਕਰਕੇ ਕੁੱਝ ਕਠਿਨਾਈ ਵੀ ਆਈ, ਜੋ ਜਲਦੀ ਹੀ ਹੱਲ ਕਰ ਲਈ ਗਈ। ਕੁੱਝ 4-5 ਸਾਥੀਆਂ ਨੂੰ ਛੱਡ ਕੇ ਸਾਰਿਆਂ ਨੇ ਜੀਅ-ਜਾਨ ਲਗਾ ਕੇ ਮਿਹਨਤ ਕੀਤੀ। ਇਹਨਾਂ 36 ਸਿਖਿਆਰਥੀਆਂ ਦੇ ਬੈਚ ਵਿੱਚੋਂ ਕਾਮਰੇਡ ਨਛੱਤਰ ਸਿੰਘ ਪਹਿਲੇ ਸਥਾਨ 'ਤੇ ਆਇਆ। ਜਿਸ ਦਾ ਸਰਟੀਫਿਕੇਟ ਅੱਜ ਵੀ ਪਰਵਾਰ ਕੋਲ ਮੌਜੂਦ ਹੈ। ਮਾਲਵੇ ਵਿੱਚ ਵੱਡੇ ਭਰਾ ਨੂੰ ਸਤਿਕਾਰ ਵਜੋਂ 'ਬਾਈ' ਕਿਹਾ ਜਾਂਦਾ ਹੈ। ਨਛੱਤਰ ਨੇ ਆਪਣੀ ਕਾਬਲੀਅਤ ਸਦਕਾ ਛੋਟੇ ਹੁੰਦਿਆਂ ਵੀ 'ਬਾਈ' ਦਾ ਦਰਜਾ ਹਾਸਲ ਕੀਤਾ ਅਤੇ ਹਰ ਵੱਡੇ-ਛੋਟੇ ਦੇ 'ਬਾਈ ਨਛੱਤਰ' ਬਣ ਗਏ। 1972 ਵਿੱਚ ਜਥੇਬੰਦੀ ਦੀ ਐਫੀਲੀਏਸ਼ਨ 'ਏਟਕ' ਨਾਲ ਹੋ ਗਈ। 1973 ਵਿੱਚ ਜਥੇਬੰਦੀ ਦੀ ਸੂਬਾਈ ਚੋਣ ਕਾਨਫਰੰਸ ਜਲੰਧਰ ਵਿੱਚ ਹੋਈ, ਜਿਸ ਵਿੱਚ ਕਾਮਰੇਡ ਨਛੱਤਰ ਨੂੰ ਜਥੇਬੰਦੀ ਦਾ ਸੂਬਾਈ ਪ੍ਰਧਾਨ ਚੁਣ ਲਿਆ ਗਿਆ। ਇਸ ਸਮੇਂ ਯੂਨੀਅਨ ਦੀ ਬੁਨਿਆਦੀ ਨੀਤੀ ਪਬਲਿਕ ਸੈਕਟਰ ਵਿੱਚ ਵਾਧਾ ਕਰਦਿਆਂ ਟ੍ਰਾਂਸਪੋਰਟ ਦਾ ਮੁਕੰਮਲ ਕੌਮੀਕਰਨ ਕਰਨਾ, ਰੋਡਵੇਜ਼ ਮੁਲਾਜ਼ਮਾਂ ਦੀਆਂ ਆਰਥਿਕ ਮੰਗਾਂ ਪ੍ਰਤੀ ਖਾੜਕੂ ਘੋਲ ਲਾਮਬੰਦ ਕਰਨੇ ਅਤੇ ਆਪਣੀ ਜਥੇਬੰਦੀ ਦੇ ਵਰਕਰਾਂ ਨੂੰ ਸਿਧਾਂਤਕ ਤੌਰ 'ਤੇ ਲੈੱਸ ਕਰਨਾ ਸੀ। ਸਾਥੀ ਨਛੱਤਰ ਸਿੰਘ ਧਾਲੀਵਾਲ ਨੇ ਇਸ ਉੱਪਰ ਪਹਿਰਾ ਦਿੰਦਿਆਂ ਖਾੜਕੂ ਘੋਲ ਲੜੇ ਅਤੇ ਸਿਧਾਂਤਕ ਸੋਚ ਨਾਲ ਲੈੱਸ ਕਰਨ ਲਈ ਕਾ. ਸਤੀਸ਼ ਲੂੰਬਾ ਭਵਨ ਮੋਗਾ ਦੀ ਉਸਾਰੀ ਕਰਕੇ ਉਸ ਵਿੱਚ ਬਾਕਾਇਦਾ ਬੋਰਡ ਬਣਵਾ ਕੇ ਲਗਾਤਾਰ ਸਕੂਲਾਂ ਦਾ ਸਿਲਸਿਲਾ ਸ਼ੁਰੂ ਕੀਤਾ ਅਤੇ ਸਟੇਟ ਪੱਧਰ ਉੱਪਰ ਵੀ ਹਰ ਛੇ ਮਹੀਨੇ ਬਾਅਦ ਘੱਟੋ-ਘੱਟ 2-3 ਦਿਨਾਂ ਦੇ ਸਿਧਾਂਤਕ ਸਕੂਲ ਲਗਾ ਕੇ ਆਪਣੇ ਵਰਕਰਾਂ ਨੂੰ ਸਿਧਾਂਤਕ ਸੂਝ ਦੇਣ ਦਾ ਕਾਰਜ ਆਰੰਭਿਆ। ਰੋਡਵੇਜ਼ ਦੀ ਜਥੇਬੰਦੀ ਲਈ ਕੰਮ ਕਰਦਿਆਂ-ਕਰਦਿਆਂ ਪ੍ਰਾਈਵੇਟ ਵਰਕਰਜ਼ ਦੀ ਜਥੇਬੰਦੀ, ਮਜ਼ਦੂਰਾਂ-ਕਿਸਾਨਾਂ ਦੀਆਂ ਜਥੇਬੰਦੀਆਂ, ਸਟਾਫ਼ ਨਰਸਾਂ, ਇੱਥੋਂ ਤੱਕ ਕਿ ਜਦ ਪੁਲਸ ਮੁਲਾਜ਼ਮਾਂ ਵੱਲੋਂ ਵੀ ਆਪਣੀਆਂ ਆਰਥਿਕ ਮੰਗਾਂ ਲਈ ਸੰਘਰਸ਼ ਵਿੱਢਿਆ ਗਿਆ ਤਾਂ ਨਛੱਤਰ ਧਾਲੀਵਾਲ ਨੇ ਉਹਨਾਂ ਦੀ ਵੀ ਅਗਵਾਈ ਕੀਤੀ। ਪਿੰਡ, ਸੂਬਾ ਜਾਂ ਦੂਸਰਿਆਂ ਸੂਬਿਆਂ ਵਿੱਚ ਕੁਦਰਤੀ ਕਰੋਪੀਆਂ (ਹੜ੍ਹ, ਸੋਕਾ, ਭੂਚਾਲ) ਅਤੇ ਹਕੂਮਤੀ ਕਰੋਪੀ ਦੇ ਸ਼ਿਕਾਰ ਲੋਕਾਂ ਦੀ ਮਦਦ ਲਈ ਆਪਣੀ ਜਥੇਬੰਦੀ ਦੀ ਤਾਕਤ ਨਾਲ ਪੂਰੀ ਮੱਦਦ ਕਰਦੇ ਸਨ। ਉਹਨਾਂ ਨੂੰ ਪੜ੍ਹਾਈ ਦਾ ਵੀ ਸ਼ੌਕ ਸੀ। ਇਸ ਦੀ ਪੂਰਤੀ ਲਈ ਉਹਨਾਂ ਆਪਣੇ ਘਰ ਵਿੱਚ ਵੀ ਛੋਟੀ ਜਿਹੀ ਲਾਇਬ੍ਰੇਰੀ ਸਥਾਪਤ ਕੀਤੀ ਹੋਈ ਸੀ। ਰੋਡਵੇਜ਼ ਮੁਲਾਜ਼ਮਾਂ ਵੱਲੋਂ ਕੱਢੇ ਜਾ ਰਹੇ ਪਰਚੇ 'ਮੁਲਾਜ਼ਮ ਏਕਤਾ' ਦੇ ਵੀ ਉਹ ਸੰਪਾਦਕ ਸਨ। 'ਨਵਾਂ ਜ਼ਮਾਨਾ' ਅਖਬਾਰ ਦੇ ਲਈ ਵੀ ਉਹ ਉਚੇਚੇ ਤੌਰ 'ਤੇ ਫੰਡ ਇਕੱਠਾ ਕਰਕੇ ਭੇਜਦੇ ਰਹਿੰਦੇ ਸਨ। ਕਾਮਰੇਡ ਧਾਲੀਵਾਲ ਨੇ 1972 ਵਿੱਚ ਰੀਗਲ ਸਿਨੇਮਾ ਮੋਗਾ ਦੇ ਘੋਲ ਵਿੱਚ ਕਾਮਰੇਡ ਜਗਰੂਪ ਦੀ ਮਦਦ ਨਾਲ ਅਹਿਮ ਭੂਮਿਕਾ ਨਿਭਾਈ। ਕਾਮਰੇਡ ਧਾਲੀਵਾਲ ਦੀ ਕਾਬਲੀਅਤ ਨੂੰ ਸਮਝਦਿਆਂ ਆਪ ਨੂੰ ਆਪਣੀ ਜਥੇਬੰਦੀ ਦੀ ਪ੍ਰਧਾਨਗੀ ਤੋਂ ਇਲਾਵਾ ਪੰਜਾਬ ਏਟਕ,



ਭਾਰਤੀ ਕਮਿਊਨਿਸਟ ਪਾਰਟੀ, ਪੰਜਾਬ ਸੂਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ, ਨੈਸ਼ਨਲ ਫੈਡਰੇਸ਼ਨ ਆਫ਼ ਇੰਡੀਅਨ ਰੋਡ ਟ੍ਰਾਂਸਪੋਰਟ ਅਤੇ ਆਲ ਇੰਡੀਆ ਏਟਕ ਦੇ ਵੀ ਸੂਬਾਈ ਅਤੇ ਕੌਮੀ ਆਗੂ ਦੀਆਂ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ। ਆਪ ਟਰੇਡ ਯੂਨੀਅਨ ਕੌਂਸਲ ਦੇ ਵੀ ਪ੍ਰਧਾਨ ਸਨ। ਜਥੇਬੰਦੀ ਨੇ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਅਤੇ ਕਾਮਰੇਡ ਜਸਵੰਤ ਸਿੰਘ ਸਮਰਾ ਦੀ ਅਗਵਾਈ ਹੇਠ ਜ਼ਬਰਦਸਤ ਸੰਘਰਸ਼ ਲੜੇ ਅਤੇ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ, ਜਿਹਨਾਂ ਵਿੱਚ ਪੈਨਸ਼ਨ, ਬੋਨਸ, ਟੀ.ਏ, ਓਵਰ ਟਾਈਮ, ਮੌਤ ਹੋਏ ਮੁਲਾਜ਼ਮਾਂ ਦੇ ਵਾਰਸਾਂ ਨੂੰ ਨੌਕਰੀਆਂ, ਬੱਸਾਂ ਦੇ ਫਲੀਟ ਵਿੱਚ ਵਾਧਾ, ਵਰਕਸ਼ਾਪਾਂ ਅਤੇ ਬੱਸ ਅੱਡਿਆਂ ਦੀ ਉਸਾਰੀ ਵਰਗੀਆਂ ਅਨੇਕਾਂ ਪ੍ਰਾਪਤੀਆਂ ਵਰਨਣਯੋਗ ਹਨ। ਜਦੋਂ ਪੰਜਾਬ ਅੰਦਰ ਹਿੰਦੂ-ਸਿੱਖ ਏਕਤਾ ਨੂੰ ਦੋਫਾੜ ਕਰਨ ਦੀਆਂ ਕੋਸ਼ੀਆਂ ਹਰਕਤਾਂ ਸ਼ੁਰੂ ਹੋਈਆਂ ਤਾਂ ਬਾਈ ਨਛੱਤਰ ਨੇ ਟਰੇਡ ਯੂਨੀਅਨ ਕੌਂਸਲ ਦੇ ਪ੍ਰਧਾਨ ਦੀ ਡਿਊਟੀ ਨੂੰ ਸਮਝਦਿਆਂ ਮੋਗਾ ਦੇ ਬਜ਼ਾਰ ਵਿੱਚ ਸ਼ਾਨਦਾਰ ਅਮਨ ਮਾਰਚ ਕੱਢਿਆ, ਜਿਸ ਵਿੱਚ ਸਭ ਧਰਮਾਂ ਦੀ ਇੱਕਜੁਟਤਾ ਦੇ ਆਕਾਸ਼ ਗੂੰਜਦੇ 'ਨਾ ਹਿੰਦੂ ਰਾਜ ਨਾ ਖਾਲਿਸਤਾਨ- ਜੁਗ ਜੁਗ ਜੀਵੇ ਹਿੰਦੁਸਤਾਨ' ਦੇ ਨਾਅਰੇ ਲਗਾਏ ਗਏ। 1988 ਵਿੱਚ ਜਦ ਪੰਜਾਬ ਅੰਦਰ ਭਿਆਨਕ ਹੜ੍ਹ ਆਏ, ਜਿਸ ਨਾਲ ਕਿਸਾਨੀ ਦਾ ਬਹੁਤ ਵੱਡਾ ਨੁਕਸਾਨ ਹੋਇਆ ਤਾਂ ਬਾਈ ਨਛੱਤਰ ਨੇ ਪਿੰਡਾਂ ਦੀਆਂ ਪੰਚਾਇਤਾਂ, ਸਮਾਜ-ਸੇਵੀ ਸੰਸਥਾਵਾਂ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਦੀ ਹਰ ਤਰ੍ਹਾਂ ਨਾਲ ਮਦਦ ਕੀਤੀ, ਜਿਸ ਨਾਲ ਬਾਈ ਨਛੱਤਰ ਦੀ ਮਕਬੂਲੀਅਤ ਵਿੱਚ ਅਥਾਹ ਵਾਧਾ ਹੋਇਆ। ਬਾਈ ਨਛੱਤਰ ਸਟੇਜ ਦੇ ਵੀ ਧਨੀ ਸਨ, ਜਿਹਨਾਂ ਦੀਆਂ ਸ਼ਾਨਦਾਰ ਤਰਕ-ਸੰਗਤ ਤਕਰੀਰਾਂ ਲੋਕਾਂ ਨੂੰ ਬੇਹੱਦ ਪ੍ਰਭਾਵਤ ਕਰਦੀਆਂ ਸਨ, ਜੋ ਲੋਕ ਦੇਖੀ ਤਾਕਤਾਂ ਨੂੰ ਪਸੰਦ ਨਹੀਂ ਸਨ। ਇਹ ਹੀ ਕਾਰਨ ਸੀ ਕਿ 21 ਅਕਤੂਬਰ 1988 ਨੂੰ ਜਦ ਬਾਈ ਨਛੱਤਰ ਡਿਊਟੀ ਤੋਂ ਘਰ ਪਰਤ ਰਹੇ ਸਨ ਤਾਂ ਇਹਨਾਂ ਕਾਲੀਆਂ ਭੇਡਾਂ ਨ

21-OCT-PAGE-5.qxd 10/20/2024 9:24 PM Page 1

ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ : ਡੀ ਟੀ ਐੱਫ

ਪੰਜਾਬ ਦੇ ਮੁਲਾਜ਼ਮ ਮਹਿੰਗਾਈ ਭੱਤੇ ਵਿੱਚ ਕੇਂਦਰ ਦੇ ਮੁਲਾਜ਼ਮਾਂ ਤੋਂ 15 ਫੀਸਦੀ ਪੱਛੜੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਕਿਸੇ ਸਮੇਂ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਤਨਖਾਹ ਲੈਣ ਵਾਲੇ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਂਦਰ ਦੇ ਮੁਲਾਜ਼ਮਾਂ ਤੇ ਅਨੇਕਾਂ ਸੂਬਿਆਂ ਦੇ ਮੁਲਾਜ਼ਮਾਂ ਤੋਂ ਘੱਟ ਤਨਖਾਹ ਤੇ ਗੁਜ਼ਾਰਾ ਕਰਨਾ ਪੈ ਰਿਹਾ ਹੈ, ਕਿਉਂਕਿ ਕੇਂਦਰ ਸਰਕਾਰ ਨੇ ਪਿਛਲੇ ਦਿਨੀਂ ਕੇਂਦਰ ਦੇ ਮੁਲਾਜ਼ਮਾਂ ਲਈ 3 ਫੀਸਦੀ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰ ਦਿੱਤੀ ਹੈ।ਹੁਣ ਜਿੱਥੇ ਪੰਜਾਬ ਦੇ ਮੁਲਾਜ਼ਮ 38 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ, ਉੱਥੇ ਕੇਂਦਰ ਦੇ ਮੁਲਾਜ਼ਮਾਂ ਦਾ ਮਹਿੰਗਾਈ ਭੱਤਾ 53 ਫੀਸਦੀ ਹੋ ਗਿਆ, ਜਿਸ ਨਾਲ ਇਹ ਪਾੜਾ 15 ਫੀਸਦੀ ਦਾ ਹੋ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ, ਸੂਬਾ ਕਮੇਟੀ ਮੈਂਬਰ ਪਰਮਾਤਮਾ ਸਿੰਘ ਤੇ ਜਨਰਲ ਸਕੱਤਰ ਕੁਲਵਿੰਦਰ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਮਹਿੰਗਾਈ ਨਾਲ ਨਜਿੱਠਣ ਲਈ ਮਹਿੰਗਾਈ ਭੱਤਾ ਦਿੱਤਾ ਜਾਂਦਾ ਹੈ, ਪਰ ਪੰਜਾਬ ਸਰਕਾਰ ਵੱਲੋਂ 15 ਫੀਸਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਪਛਾੜ ਦੇਣਾ ਮੁਲਾਜ਼ਮਾਂ ਨੂੰ ਰਾਸ ਨਹੀਂ ਆ ਰਿਹਾ ਹੈ, ਜਿਸ ਕਾਰਨ ਉਹ ਦਿਨੋਂ ਦਿਨ ਵੱਧ ਰਹੀ ਮਹਿੰਗਾਈ ਨਾਲ ਨਜਿੱਠਣ ਤੋਂ ਅਸਮਰੱਥ ਹੋ ਰਹੇ ਹਨ।

ਡੀ ਟੀ ਐੱਫ ਦੇ ਬਲਾਕ ਪ੍ਰਧਾਨਾਂ ਰਵੀ ਕੁਮਾਰ, ਜਸਵੰਤ ਸਿੰਘ, ਰਵਿੰਦਰ ਸਿੰਘ, ਰਾਜਵਿੰਦਰ ਸਿੰਘ, ਮਿੱਠੂ ਰਾਮ ਲਾਲਬਾਈ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਹਰ ਵਾਅਦੇ ਤੋਂ ਮੁੱਕਰਣ ਦਾ ਦੋਸ਼ ਲਾਇਆ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚੋਂ ਸਰਕਾਰ ਚਲਾਉਣ ਦੇ ਦਾਅਵੇ ਕਰਨ ਵਾਲੀ ਸਰਕਾਰ ਨੇ ਜਿੱਥੇ ਮੁਲਾਜ਼ਮਾਂ ਦਾ ਪੇਂਡੂ ਭੱਤਾ ਰੋਕਿਆ ਹੋਇਆ ਹੈ, ਉੱਥੇ ਹੀ ਅਨੇਕਾਂ ਮੁਲਾਜ਼ਮਾਂ ਦੇ 37 ਪ੍ਰਕਾਰ ਦੇ ਭੱਤੇ ਰੋਕੇ ਹੋਏ ਹਨ, ਨਾ ਹੀ ਪੰਜਾਬ ਸਰਕਾਰ ਵੱਲੋਂ ਤਨਖਾਹ ਕਮਿਸ਼ਨ ਦਾ ਬਕਾਇਆ ਜਾਰੀ ਕੀਤਾ ਗਿਆ ਹੈ, ਹੁਣ ਮਹਿੰਗਾਈ ਭੱਤੇ ਵਿੱਚ ਵੀ ਪੰਜਾਬ ਦੇ ਮੁਲਾਜ਼ਮ ਕੇਂਦਰ ਦੇ ਮੁਲਾਜ਼ਮਾਂ ਤੋਂ 15 ਫੀਸਦੀ ਪੱਛੜ ਗਏ ਹਨ, ਜਿਸ ਕਾਰਨ ਉਹ ਕੇਂਦਰ ਦੇ ਮੁਲਾਜ਼ਮਾਂ ਨਾਲੋਂ ਤਨਖਾਹ ਵਿਚਲੇ ਵਧ ਰਹੇ ਪਾੜੇ ਤੋਂ ਬਹੁਤ ਨਿਰਾਸ਼ ਹਨ।

ਆਗੂਆਂ ਨੇ ਦੱਸਿਆ ਕਿ ਪੰਜਾਬ ਦੀਆਂ ਆਰਥਿਕ ਤੇ ਭੂਗੋਲਿਕ ਹਾਲਤਾਂ ਨੂੰ ਦੇਖਦੇ ਹੋਏ ਪੰਜਾਬ ਦੇ ਮੁਲਾਜ਼ਮ ਦੇਸ਼ ਭਰ ਵਿੱਚੋਂ ਸਭ ਤੋਂ ਵੱਧ ਤਨਖਾਹ ਲੈਂਦੇ ਰਹੇ ਹਨ, ਪਰ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਮੁਲਾਜ਼ਮਾਂ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤੇ ਜਾਣ ਕਰਕੇ ਉਹ ਖੁਦ ਨੂੰ ਠੱਗੇ ਹੋਏ ਮਹਿਸੂਸ ਕਰ ਰਹੇ ਹਨ। ਡੀ ਟੀ ਐੱਫ ਦੇ ਜ਼ਿਲ੍ਹਾ ਕਮੇਟੀ ਤੇ ਬਲਾਕ ਕਮੇਟੀ ਮੈਂਬਰਾਂ ਮਨਦੀਪ ਸਿੰਘ, ਸੁਰਿੰਦਰ ਕੁਮਾਰ, ਮਨਿੰਦਰ ਸਿੰਘ, ਬਲਵੰਤ ਸਿੰਘ, ਪਵਨ ਚੌਧਰੀ, ਸੁਖਜੀਤ ਸਿੰਘ, ਮੋਹਿਤ ਕੁਮਾਰ, ਨਵਦੀਪ ਸਿੰਘ, ਸਰਬਜੀਤ ਸਿੰਘ, ਕੁਲਵੰਤ ਸਿੰਘ, ਖੁਸ਼ਪ੍ਰੀਤ ਸਿੰਘ, ਸੁਭਾਸ਼ ਚੰਦਰ, ਮਨਪ੍ਰੀਤ ਸਿੰਘ, ਸਾਗਰ ਗਾਬਾ, ਰਵੀ ਕੁਮਾਰ ਧੂਲਕੋਟ, ਜਗਦੇਵ ਸਿੰਘ, ਵਿਸ਼ੂ ਛਾਬੜਾ ਤੇ ਭੁਪਿੰਦਰ ਸਿੰਘ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਦੀਵਾਲੀ ਤੋਂ ਪਹਿਲਾਂ ਪਹਿਲਾਂ ਮਹਿੰਗਾਈ ਭੱਤੇ ਦਾ 15 ਫੀਸਦੀ ਦਾ ਪਾੜਾ ਤੁਰੰਤ ਖਤਮ ਕੀਤਾ ਜਾਵੇ ਅਤੇ ਪਿਛਲੇ ਸਮਿਆਂ ਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਣਦਾ ਬਕਾਇਆ ਵੀ ਜਾਰੀ ਕੀਤਾ ਜਾਵੇ।

ਸੀ ਪੀ ਐੱਫ ਯੂਨੀਅਨ ਵੱਲੋਂ ਭਲਕੇ ਸਰਕਾਰ ਖਿਲਾਫ਼ ਸੰਘਰਸ਼ ਦਾ ਐਲਾਨ

ਗਿੱਦੜਬਾਹਾ ਜ਼ਿਮਨੀ ਚੋਣਾਂ 'ਚ ਸਰਕਾਰ ਨੂੰ ਘੇਰਨਗੇ ਸੀ ਪੀ ਐੱਫ ਕਾਮੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੁਰਾਣੀ ਪੈਨਸ਼ਨ ਦੀ ਬਹਾਲੀ ਤੇ ਸਰਕਾਰ ਦੀ ਵਾਅਦਾ ਖਿਲਾਫ਼ੀ ਦੇ ਵਿਰੁੱਧ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਸੰਘਰਸ਼ ਦੀ ਤਿਆਰੀ ਵਿੱਚ ਲਈ ਗਈ ਹੈ, ਜਿਸ ਦੇ ਚਲਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਭਲਕੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕਰਮਚਾਰੀਆਂ ਨਾਲ ਮੀਟਿੰਗ ਕਰਨਗੇ।ਇਹ ਜਾਣਕਾਰੀ ਦਿੰਦਿਆਂ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਸੋਨੀ ਤੇ ਜਨਰਲ ਸਕੱਤਰ ਤਲਵਿੰਦਰ ਨਿੱਝਰ ਨੇ ਦੱਸਿਆ ਕਿ ਸਰਕਾਰ ਪਿਛਲੇ ਲੰਮੇ ਸਮੇਂ ਤੋਂ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਕਰ ਰਹੀ ਹੈ, ਪ੍ਰੰਤੂ ਇਸ ਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਤੋਂ ਭੱਜ ਰਹੀ ਹੈ, ਜਿਸ ਦੇ ਚਲਦਿਆਂ ਪੰਜਾਬ ਦੇ ਸਮੂਹ ਸੀ.ਪੀ.ਐੱਫ. ਕਰਮਚਾਰੀਆਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਰਮਚਾਰੀਆਂ ਨਾਲ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਕੀਤਾ ਸੀ, ਜਿਸ ਦੇ ਚਲਦਿਆਂ ਕਰਮਚਾਰੀਆਂ ਨੇ ਆਮ ਆਦਮੀ ਪਾਰਟੀ ਨੂੰ ਵੱਡਾ ਫ਼ਤਵਾ ਦੇ ਕੇ ਸੱਤਾ ਵਿੱਚ ਲਿਆਉਂਦਾ ਸੀ, ਪ੍ਰੰਤੂ ਅੱਜ ਸਰਕਾਰ ਆਪਣਾ ਵਾਅਦਾ ਪੂਰਾ ਕਰਨ ਤੋਂ ਭੱਜ ਰਹੀ ਹੈ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਨੋਟੀਫਿਕੇਸ਼ਨ ਕਰਕੇ ਸਰਕਾਰ ਦੂਜੇ ਰਾਜਾਂ ਵਿੱਚ ਚੋਣਾਂ ਦੌਰਾਨ ਉੱਥੋਂ ਦੇ ਵੋਟਰਾਂ ਨੂੰ ਗੁੰਮਰਾਹ ਕਰ ਰਹੀ ਹੈ, ਪ੍ਰੰਤੂ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਇਸ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਨਹੀਂ ਕੀਤਾ ਗਿਆ।ਕਰਮਚਾਰੀ ਆਗੂਆਂ ਨੇ ਦੱਸਿਆ ਕਿ ਸਰਕਾਰ ਹਰ ਵਾਰ ਕਰਮਚਾਰੀਆਂ ਨਾਲ ਮੀਟਿੰਗਾਂ ਕਰਨ ਦਾ ਭਰੋਸਾ ਦਿੰਦੀ ਹੈ, ਪ੍ਰੰਤੂ ਮੀਟਿੰਗ ਤੋਂ ਪਹਿਲਾਂ ਹੀ ਇਸ ਨੂੰ ਮੁਲਤਵੀ ਕਰ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਰਵੱਈਏ ਤੋਂ ਸਪੱਸ਼ਟ ਹੈ ਕਿ ਸਰਕਾਰ ਮੁਲਾਜ਼ਮ ਮੰਗਾਂ ਪ੍ਰਤੀ ਸੁਹਿਰਦ ਨਹੀਂ ਹੈ, ਇਸ ਲਈ ਯੂਨੀਅਨ ਨੂੰ ਮਜਬੂਰਨ ਸਰਕਾਰ ਖਿਲਾਫ਼ ਮੁੜ ਸੰਘਰਸ਼ ਵਿੱਢਣਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੂਬਾ ਪ੍ਰਧਾਨ ਵੱਲੋਂ 22 ਅਕਤੂਬਰ ਨੂੰ ਮੀਟਿੰਗ ਦੌਰਾਨ ਗਿੱਦੜਬਾਹਾ ਜ਼ਿਮਨੀ ਚੋਣਾਂ ਵਿੱਚ ਸਰਕਾਰ ਨੂੰ ਘੇਰਨ ਦਾ ਐਲਾਨ ਕੀਤਾ ਜਾਵੇਗਾ ਤੇ ਗਿੱਦੜਬਾਹਾ ਹਲਕੇ ਦੇ ਵੋਟਰਾਂ ਨੂੰ ਸਰਕਾਰ ਦੇ ਭਰਮਾਊ ਬਿਆਨਾਂ ਵਿੱਚ ਨਾ ਆਉਣ ਲਈ ਜਾਗਰੂਕ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੀ.ਪੀ.ਐਫ. ਕਰਮਚਾਰੀ ਹਾਜ਼ਰ ਸਨ।

ਵਿਸ਼ਵ ਓਸਟੀਉਪ੍ਰੋਸਿਸ ਦਿਵਸ ਮੌਕੇ ਮੈਡੀਕਲ ਕੈਂਪ ਲਗਾਉਣਾ ਸ਼ਲਾਘਾਯੋਗ : ਡਾ. ਬਲਬੀਰ ਸਿੰਘ

ਸਾਨੂੰ ਨਿਯਮਤ ਰੂਪ 'ਚ ਆਪਣੇ ਸਰੀਰ ਦਾ ਚੈੱਕਅਪ ਕਰਵਾਉਣਾ ਚਾਹੀਦਾ : ਡਾ. ਧਰਮਵੀਰ ਗਾਂਧੀ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਪਟਿਆਲਾ ਆਰਥੋਪੇਡਿਕ ਸੋਸਾਇਟੀ ਵੱਲੋਂ ਆਈ ਐੱਮ ਏ ਤੇ ਜਨਹਿੱਤ ਸਮਿਤੀ ਪਟਿਆਲਾ ਨਾਲ ਮਿਲ ਕੇ ਵਿਸ਼ਵ ਓਸਟੀਉਪ੍ਰੋਸਿਸ ਦਿਵਸ ਚਿਲਡਰਨਜ਼ ਪਾਰਕ ਬਾਰਾਂਦਰੀ ਵਿਖੇ ਮਨਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।ਇਸ ਪ੍ਰੋਗਰਾਮ ਵਿੱਚ ਹੱਡੀਆਂ ਦੀਆਂ ਬਿਮਾਰੀਆਂ ਬਾਰੇ ਚਰਚਾ ਤੇ ਟੈੱਸਟ ਕੀਤੇ ਗਏ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਨੇ ਕੀਤੀ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਆਰਥੋਪੇਡਿਕ ਸੰਸਥਾ ਨੂੰ ਇਸ ਪ੍ਰੋਗਰਾਮ ਨੂੰ ਕਰਵਾਉਣ ਲਈ ਮੁਬਾਰਕਾਂ ਦਿੱਤੀਆਂ।ਉਨ੍ਹਾਂ ਵੱਲੋਂ ਆਈ ਐੱਮ ਏ ਪਟਿਆਲਾ ਤੇ ਜਨਹਿਤ ਸਮਿਤੀ ਨੂੰ ਇਸ ਪ੍ਰੋਗਰਾਮ ਵਿੱਚ ਸਹਿਯੋਗ ਦੇਣ ਲਈ ਵੀ ਸੰਸਥਾ ਸ਼ਲਾਘਾ ਕੀਤੀ।ਉਨ੍ਹਾਂ ਦੱਸਿਆ ਕਿ ਅਸੀਂ ਜੇਕਰ ਆਪਣੇ ਸਰੀਰ ਨੂੰ ਕੁਝ ਸਮਾਂ ਸੈਰ ਤੇ ਯੋਗਾ ਕਰਨ ਲਈ ਸਮਾ ਦੇਈਏ ਤਾਂ ਅਸੀਂ ਲੰਬੀ ਤੇ ਸਿਹਤਮੰਦ ਜ਼ਿੰਦਗੀ ਜੀ ਸਕਦੇ ਹਾਂ।ਉਨ੍ਹਾਂ ਦੱਸਿਆ ਕਿ ਸਰੀਰ ਦਾ ਤੰਦਰੁਸਤ ਰਹਿਣਾ ਸਾਨੂੰ ਸਕਾਰਾਤਮਿਕ ਜ਼ਿੰਦਗੀ ਜਿਊਣ ਵਿੱਚ ਮਦਦ ਕਰਦਾ ਹੈ।ਇਸ ਮੌਕੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਸਾਰਿਆਂ ਨੂੰ ਇਸ ਦਿਨ 'ਤੇ ਇਕੱਠੇ ਕਰਨ ਲਈ ਸੰਸਥਾ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੱਸਿਆ ਕੇ ਸਾਨੂੰ ਸਰੀਰਕ, ਮਾਨਸਿਕ ਤੇ ਆਤਮਿਕ ਤੌਰ 'ਤੇ ਤੰਦਰੁਸਤ ਰਹਿਣ ਦੀ ਜ਼ਰੂਰਤ ਹੈ।ਜੇਕਰ ਅਸੀਂ ਹਰ ਰੋਜ਼ ਸੈਰ ਕਰਦੇ ਹਾਂ ਤਾਂ ਅਸੀਂ ਹਮੇਸ਼ਾ ਤੰਦਰੁਸਤ ਰਹਾਂਗੇ।ਉਨ੍ਹਾਂ ਕਿਹਾ ਕਿ ਬਿਮਾਰੀਆਂ ਬਾਰੇ ਜਾਣਕਾਰੀ ਹੋਣਾ ਹੀ ਅਵੇਅਰਨੈੱਸ ਤੇ ਤੰਦਰੁਸਤ ਸਰੀਰ ਦੀ ਸ਼ੁਰੂਆਤ ਹੈ।ਸੰਸਦ ਮੈਂਬਰ ਨੇ ਕਿਹਾ ਕਿ ਸਾਨੂੰ ਨਿਯਮਤ ਰੂਪ ਵਿੱਚ ਆਪਣੇ ਸਰੀਰ ਦਾ ਚੈੱਕਅਪ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਇਸ ਮੌਕੇ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਵੱਡੀ ਗਿਣਤੀ ਵਿਚ ਸਪੈਸ਼ਲਿਸਟ ਡਾਕਟਰ ਵੀ ਮੌਜੂਦ ਸਨ। ਇਸ ਮੌਕੇ ਸੰਸਥਾ ਪਟਿਆਲਾ ਆਰਥੋਪੇਡਿਕ ਸੋਸਾਇਟੀ ਦੇ ਪ੍ਰਧਾਨ ਡਾਕਟਰ ਹਰੀ ਓਮ ਅਗਰਵਾਲ ਨੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਤੇ ਦੱਸਿਆ ਕਿ ਸੰਸਥਾ ਦੀ ਕੋਸ਼ਿਸ਼ ਹੈ ਕਿ ਲੋਕਾਂ ਨੂੰ ਬਿਮਾਰੀਆਂ ਬਾਰੇ ਸੁਚੇਤ ਕਰ ਸਕੀਏ।ਇਸ ਮੌਕੇ ਰੋਹਿਤ ਸਿੰਗਲਾ ਮੀਤ ਪ੍ਰਧਾਨ, ਆਈ ਐੱਮ ਏ ਪਟਿਆਲਾ ਦੇ ਸਕੱਤਰ ਡਾ. ਸੁਦੀਪ ਗੁਪਤਾ, ਡਾ. ਰੋਹਿਤ ਅਗਰਵਾਲ, ਡਾ. ਭਗਵੰਤ ਸਿੰਘ, ਡਾ. ਧਨਵੰਤ ਸੁਧੀਰ ਵਰਮਾ, ਡਾ. ਰਾਕੇਸ਼ ਅਰੋੜਾ, ਡਾ. ਜੇ ਪੀ ਐੱਸ ਵਾਲੀਆਂ, ਡਾਕਟਰ ਕਲੇਰ, ਡਾਕਟਰ ਉਮੇਸ਼, ਡਾ. ਅਸ਼ਿਸ ਗੁਪਤਾ, ਡਾ. ਪਰਮਜੀਤ, ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਤੇ ਪ੍ਰੈੱਸ ਸਕੱਤਰ ਜਨ ਹਿੱਤ ਸੰਮਤੀ, ਮੀਤ ਪ੍ਰਧਾਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਸਟੇਟ ਐਵਾਰਡੀ ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ ਵੀ ਪਹੁੰਚੇ। ਇਸ ਮੌਕੇ ਪਾਰਕ ਹਸਪਤਾਲ ਪਟਿਆਲਾ ਦੀ ਟੀਮ ਨੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ। ਬੋਨ ਡੋਨਿਸਿਟੀ ਟੈੱਸਟ ਦਾ ਪ੍ਰਬੰਧ ਫਾਰਮੈਡ ਅਤੇ ਟੋਰਨਟ ਫਾਰਮਾ ਵੱਲੋਂ ਮੁਫ਼ਤ ਕੀਤਾ ਗਿਆ।

ਕਾਤਰਾਂ

ਬਿਜਲੀ ਬੰਦ ਰਹੇਗੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਦੇ 66 ਕੇ ਵੀ ਸਬ ਸਟੇਸ਼ਨ ਟਿੱਬੀ ਸਾਹਿਬ ਰੋਡ ਤੋਂ ਚੱਲਦੇ ਫੀਡਰ ਜ਼ਰੂਰੀ ਮੇਂਟੀਨੈਂਸ ਕਾਰਨ 21 ਅਕਤੂਬਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਕਈ ਫੀਡਰ ਬੰਦ ਰਹਿਣਗੇ।ਜਾਣਕਾਰੀ ਅਨੁਸਾਰ ਜਿਹੜੇ ਫੀਡਰ ਬੰਦ ਰਹਿਣਗੇ, ਉਨ੍ਹਾਂ ਵਿੱਚ 11 ਕੇ.ਵੀ ਫੱਤਣਵਾਲਾ ਰੋਡ, 11 ਕੇ ਵੀ ਗਊਸਾਲਾ ਰੋਡ, 11 ਕੇ.ਵੀ ਓਲਡ ਗਰੀਨ ਮਾਰਕੀਟ, 11 ਕੇਵੀ ਨਿਊ ਜਲਾਲਾਬਾਦ ਰੋਡ ਫੀਡਰ, 11 ਕੇ ਵੀ ਡਿਸਪੋਜ਼ਲ ਅਜ਼ਾਦ ਫੀਡਰ ਤੇ 11 ਕੇ ਵੀ ਮੁਕਤੀਸਰ ਏ ਪੀ ਫੀਡਰ ਸ਼ਾਮਲ ਹਨ।

ਅਧਿਆਪਕ ਵਿਨੈ ਸ਼ਰਮਾ ਨੇ ਫਿਨਲੈਂਡ ਜਾ ਕੇ ਮਾਣ ਵਧਾਇਆ

ਜਲਾਲਾਬਾਦ (ਜੀਤ ਕੁਮਾਰ)-ਸਿੱਖਿਆ ਖੇਤਰ 'ਚ ਅਹਿਮ ਰੋਲ ਅਦਾ ਕਰਨ ਵਾਲੇ ਪੰਜਾਬ ਦੇ ਵੱਖ-ਵੱਖ ਸਕੂਲਾਂ ਦੇ ਕਰੀਬ 72 ਅਧਿਆਪਕਾਂ ਨੂੰ ਨਵੀਂ ਤਕਨੀਕ ਨਾਲ ਜਾਣੂ ਕਰਾਉਣ ਦੇ ਮੰਤਵ ਨਾਲ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਫਿਨਲੈਂਡ ਦੌਰੇ 'ਤੇ ਰਵਾਨਾ ਕੀਤੇ ਗਏ। ਸਰਕਾਰੀ ਪ੍ਰਾਇਮਰੀ ਸਕੂਲ ਮੋਘਾ ਰਾਏ ਗੁਰੂਹਰਸਹਾਏ ਵਿੱਚ ਤਾਇਨਾਤ ਮਾਰਕੀਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਦੇ ਪੁੱਤਰ ਵਿਨੈ ਸ਼ਰਮਾ ਨੇ ਸ਼ਾਮਲ ਹੋ ਕੇ ਜਲਾਲਾਬਾਦ ਦਾ ਮਾਣ ਵਧਾਇਆ ਹੈ। ਮਾਰਕੀਟ ਕਮੇਟੀ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਨੇ ਕਿਹਾ ਕਿ ਸਰਕਾਰ ਦੀਆਂ ਚੰਗੀਆਂ ਸਿੱਖਿਆ ਨੀਤੀਆਂ ਕਾਰਨ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਪਹਿਲਾਂ ਹੀ ਕਾਫੀ ਵੱਧ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਸਰਕਾਰ ਦੇ ਅਜਿਹੇ ਫੈਸਲਿਆਂ ਦਾ ਲਾਭ ਵੀ ਵਿਦਿਆਰਥੀਆਂ ਨੂੰ ਮਿਲੇਗਾ। ਸਰਕਾਰੀ ਸਕੂਲਾਂ ਦੇ ਵਿਦਿਆਰਥੀ ਅਤੇ ਅਧਿਆਪਕ ਇਸ ਨੂੰ ਪ੍ਰਾਪਤ ਕਰਨਗੇ ਤੇ ਰਾਜ ਸਿੱਖਿਆ ਦੇ ਖੇਤਰ ਵਿੱਚ ਸਭ ਤੋਂ ਅੱਗੇ ਹੋਵੇਗਾ।

ਪਰਾਲੀ ਦੇ ਢੇਰ ਨੂੰ ਲੱਗੀ ਅੱਗ ਦੇ ਮਾਮਲੇ 'ਚ ਪੁਲਸ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਅਨਾਇਤਪੁਰਾ ਵਿਖੇ ਪਰਾਲੀ ਦੇ ਢੇਰ ਨੂੰ ਲੱਗੀ ਅੱ

21 - October - Page - 6.qxd 10/20/2024 10:21 PM Page 1

ਮਾਪੇ-ਅਧਿਆਪਕ ਮਿਲਣੀ 22 ਨੂੰ

ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ) ਜਿਲ੍ਹਾ ਸਿੱਖਿਆ ਅਧਿਕਾਰੀ ਨੇ ਦੱਸਿਆ ਹੈ ਕਿ 22 ਅਕਤੂਬਰ 2024 (ਮੰਗਲਵਾਰ) ਨੂੰ ਸਮੂਹ ਸਰਕਾਰੀ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਜਾਵੇਗਾ। ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਦੇ ਅਧੀਨ ਇਹ ਮਿਲਣੀ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਦਰਮਿਆਨ ਭਰੋਸੇ ਅਤੇ ਸਾਂਝ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਰਵਾਈ ਜਾ ਰਹੀ ਹੈ। ਇਸ ਮੀਟ ਦਾ ਮੁੱਖ ਉਦੇਸ਼ ਮਾਪਿਆਂ ਨੂੰ ਬੱਚਿਆਂ ਦੀ ਸਿੱਖਿਆ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਅਤੇ ਸਕੂਲਾਂ ਵਿੱਚ ਚੱਲ ਰਹੇ ਗੁਣਾਤਮਿਕ ਸਿੱਖਿਆ ਉਪਰਾਲਿਆਂ ਬਾਰੇ ਜਾਣੂ ਕਰਾਉਣਾ ਹੈ। ਉਹਨਾਂ ਕਿਹਾ ਕੇ ਇਹ ਮਿਲਣੀ ਸਵੇਰੇ 9:00 ਵਜੇ ਤੋਂ ਦੁਪਹਿਰ 2:30 ਵਜੇ ਤੱਕ ਹੋਵੇਗੀ।ਇਸ ਮੌਕੇ ਮਾਪਿਆਂ ਨੂੰ ਸਕੂਲ ਵਿੱਚ ਪਹੁੰਚ ਕੇ ਅਧਿਆਪਕਾਂ ਨਾਲ ਗੱਲਬਾਤ ਕਰਨ ਅਤੇ ਬੱਚਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਲੈਣ ਦਾ ਮੌਕਾ ਮਿਲੇਗਾ।ਇਸ ਮਿਲਣੀ ਵਿੱਚ ਵਿਸ਼ੇਸ਼ ਦਿਆਨ ਬੱਚਿਆਂ ਦੀ ਸਿੱਖਣ ਦੀ ਗੁਣਵੱਤਾ, ਸਮੱਸਿਆਵਾਂ, ਅਤੇ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨ 'ਤੇ ਹੋਵੇਗਾ।ਇਸ ਦਿਨ ਹਰ ਸਕੂਲ ਵਿੱਚ ਸਾਫ਼-ਸਫ਼ਾਈ ਮੁਹਿੰਮ ਚਲਾਈ ਜਾਵੇਗੀ।ਇਸ ਮੁਹਿੰਮ ਦਾ ਉਦੇਸ਼ ਨਾ ਸਿਰਫ ਸਕੂਲ ਪ੍ਰੀਮਿਸ ਨੂੰ ਸਫ਼ਾਈ-ਸੁਥਰਾਈ ਦੇ ਰੂਪ ਵਿੱਚ ਤਿਆਰ ਕਰਨਾ ਹੈ, ਸਗੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਸਾਫ਼-ਸਫ਼ਾਈ ਦੀ ਮਹੱਤਾ ਨੂੰ ਵੀ ਉਜਾਗਰ ਕਰਨਾ ਹੈ। ਸਿੱਖਿਆ ਵਿਭਾਗ ਨੇ ਇਸੇ ਸਬੰਧ ਵਿੱਚ ਸਕੂਲ ਮੁਖੀਆਂ ਨੂੰ ਸੁਚੱਜੇ ਪ੍ਰਬੰਧ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਹਨ।ਮਾਪੇ-ਅਧਿਆਪਕ ਮਿਲਣੀ ਦੌਰਾਨ, ਪ੍ਰੀ-ਪ੍ਰਾਇਮਰੀ ਕਲਾਸਾਂ ਲਈ ਟੀਚਿੰਗ ਅਤੇ ਲਰਨਿੰਗ ਮਟੀਰੀਅਲ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ। ਇਸ ਪ੍ਰਦਰਸ਼ਨੀ ਰਾਹੀਂ ਮਾਪੇ ਬੱਚਿਆਂ ਦੇ ਸਿੱਖਣ ਪ੍ਰਕਿਰਿਆਵਾਂ ਨਾਲ ਜਾਣੂ ਹੋ ਸਕਣਗੇ ਅਤੇ ਇਹ ਵੇਖ ਸਕਣਗੇ ਕਿ ਕਿਵੇਂ ਸਿੱਖਣ ਸਮੱਗਰੀ ਬੱਚਿਆਂ ਦੇ ਜ਼ਹਿਨੀ ਵਿਕਾਸ ਵਿੱਚ ਮਦਦਗਾਰ ਸਾਬਤ ਹੁੰਦੀ ਹੈ।ਇਸ ਮੌਕੇ ਮਾਪਿਆਂ ਨੂੰ ਇਹ ਵੀ ਦੱਸਿਆ ਜਾਵੇਗਾ ਕਿ ਇਹ ਯੋਜਨਾਵਾਂ ਕਿਵੇਂ ਬੱਚਿਆਂ ਦੇ ਬੁਨਿਆਦੀ ਸਿੱਖਣ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਵਿੱਚ ਸਹਾਇਕ ਹਨ।ਸਕੂਲ ਪ੍ਰਬੰਧਕਾਂ ਵੱਲੋਂ ਪੰਚਾਇਤ ਮੈਂਬਰਾਂ, ਮੈਂਬਰਾਂ ਅਤੇ ਸਥਾਨਕ ਨੁਮਾਇੰਦਿਆਂ ਨੂੰ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾਵੇਗਾ। ਸਕੂਲ ਪ੍ਰਸ਼ਾਸਨ ਵੱਲੋਂ ਵਟਸਐਪ ਗਰੁੱਪਾਂ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵੀ ਮਾਪਿਆਂ ਨੂੰ ਮਿਲਣੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾਵੇਗਾ। ਪੋਸਟਰਾਂ, ਆਡੀਓ, ਅਤੇ ਵੀਡੀਓ ਮੈਸੇਜਾਂ ਰਾਹੀਂ ਮਾਪਿਆਂ ਤੱਕ ਸੂਚਨਾਵਾਂ ਪਹੁੰਚਾਈਆਂ ਜਾਣਗੀਆਂ, ਤਾਂ ਜੋ ਵਧ ਤੋਂ ਵਧ ਮਾਪੇ ਇਸ ਪ੍ਰੋਗਰਾਮ ਵਿੱਚ ਹਿਸਾ ਲੈ ਸਕਣ।22 ਅਕਤੂਬਰ ਨੂੰ ਮਾਪੇ-ਅਧਿਆਪਕ ਮਿਲਣੀ ਦੇ ਸਫਲ ਆਯੋਜਨ ਲਈ ਪੂਰਾ ਸਕੂਲ ਸਟਾਫ਼ ਸਕੂਲ ਮੁੱਖੀ ਦੀ ਅਗਵਾਈ ਹੇਠ ਹਾਜ਼ਰ ਰਹੇਗਾ।

ਸਰਸ ਮੇਲਾ-ਦਿਨ ਤੀਸਰਾ

ਪ੍ਰਸ਼ਾਸਨ ਵੱਲੋਂ ਬ੍ਰਹਮਕੁਮਾਰੀਆਂ ਨਾਲ ਮਿਲ ਕੇ ਦਿੱਤਾ ਨਸ਼ਿਆਂ ਵਿਰੁੱਧ ਜਾਗਰੂਕਤਾ ਦਾ ਸੁਨੇਹਾ

ਮੋਹਾਲੀ, (ਗੁਰਜੀਤ ਬਿੱਲਾ) ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਵੱਲੋਂ ਸਰਸ ਮੇਲੇ 'ਤੇ ਬਹੁ-ਭਾਂਤੀ ਸਭਿਆਚਾਰਕ ਪੇਸ਼ਕਾਰੀਆਂ ਅਤੇ ਨਾਮਵਰ ਕਲਾਕਾਰਾਂ ਦੀਆਂ ਸੰਗੀਤਕ ਸ਼ਾਮਾਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਂਵਾਰੀਆਂ ਨਾਲ ਭਰਪੂਰ ਗਤੀਵਿਧੀਆਂ ਵੀ ਰੋਜ਼ਾਨਾ ਕਰਵਾਈਆਂ ਜਾ ਰਹੀਆਂ ਹਨ।ਬ੍ਰਹਮਕੁਮਾਰੀਆਂ ਦੇ ਸਥਾਨਕ ਆਸ਼ਰਮ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚੇਤਨਾ ਪੈਦਾ ਕਰਨ ਲਈ ਸਟੇਜ 'ਤੇ ਨਸ਼ਿਆਂ ਖ਼ਿਲਾਫ਼ ਨਾਟਕ ਖੇਡਿਆ ਗਿਆ ਅਤੇ ਬ੍ਰਹਮਕੁਮਾਰੀਆਂ ਵੱਲੋਂ ਅਧਿਆਤਮਵਾਦ ਰਾਹੀਂ ਸਮਾਜਿਕ ਬੁਰਾਈਆਂ 'ਤੇ ਕਾਬੂ ਪਾਉਣ ਦਾ ਸੰਦੇਸ਼ ਦਿੱਤਾ ਗਿਆ।ਮੇਲੇ 'ਚ ਲੱਕੜ ਦੀ ਨਕਾਸ਼ੀ ਵਾਲੀਆਂ ਵਸਤਾਂ, ਮਹੀਨ ਮੀਨਾਕਾਰੀ ਵਾਲੀਆਂ ਤੇ ਤਰਾਸ਼ੀਆਂ ਹੋਈਆਂ ਪੱਥਰ ਦੀਆਂ ਮੂਰਤਾਂ ਤੇ ਵਸਤਾਂ, ਕਢਾਈ ਵਾਲੀਆਂਫੁਲਕਾਰੀਆਂ ਤੇ ਜੁੱਤੀਆਂ, ਅਚਾਰ-ਮੁਰੱਬੇ ਅਤੇ ਕਸ਼ਮੀਰ ਦੇ ਵੱਖਰੇ ਸੁਆਦ ਵਾਲੇ ਕਾਹਵੇ ਦੀਆਂ ਧੁੰਮਾਂ ਪਈਆਂ ਹੋਈਆਂ ਹਨ।

ਜੋਧਪੁਰ ਸ਼ਹਿਰ ਦੇ ਮਹੇਸ਼ ਕੁਮਾਰ ਜੋ ਕਿ ਪੰਜ ਪੀੜੀਆਂ ਤੋਂ ਲਗਾਤਾਰ ਰਾਜਸਥਾਨੀ ਜੁੱਤੀ ਦਾ ਕੰਮ ਕਰ ਰਹੇ ਹਨ, ਦੀ ਸਟਾਲ ਟ੍ਰਾਈਸਿਟੀ ਦੇ ਬਸ਼ਿੰਦਿਆਂ ਲਈ ਪਹਿਲੀ ਪਸੰਦ ਬਣੀ ਹੋਈ ਹੈ। ਮਹੇਸ਼ ਕੁਮਾਰ ਦੇ ਦਾਦਾ ਮਿਸ਼ਰੀ ਲਾਲ ਅਤੇ ਪਿਤਾ ਫਾਰੂ ਲਾਲ ਜੋਧਪੁਰ ਦੇ ਪਿੰਡ ਜਤਰਨ ਦੇ ਰਹਿਣ ਵਾਲੇ ਹਨ ਅਤੇ ਹੱਥੀਂ ਬੱਕਰੇ ਅਤੇ ਊਠ ਦੀ ਖੱਲ ਤੋਂ ਜੁੱਤੀਆਂ ਤਿਆਰ ਕਰਦੇ ਹਨ। ਮਹੇਸ਼ ਕੁਮਾਰ ਦੇ ਨਾਲ਼ ਉਸ ਦੇ ਚਾਚੇ ਦਾ ਮੁੰਡਾ ਮਾਂਗੀ ਲਾਲ ਵੀ ਜੁੱਤੀਆਂ ਦਾ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕੇ ਰਾਜਸਥਾਨੀ ਦੇਸੀ ਜੁੱਤੀ, ਖੁੱਸਾ ਅਤੇ ਨਾਗਰਾ ਸਟਾਇਲ ਦੀਆਂ ਔਰਤਾਂ ਅਤੇ ਬੱਚਿਆਂ ਤੇ ਮਰਦਾਂ ਦੀਆਂ ਜੁੱਤੀਆਂ ਬਣਾਈਆਂ ਜਾਂਦੀਆਂ ਹਨ ਜੋ ਕਿ ਕਿਸੇ ਸਮੇਂ ਜੋਧਪੁਰ ਦੇ ਮਹਾਰਾਜਾ ਪਰਿਵਾਰ ਦੇ ਲੋਕ ਪਾਉਂਦੇ ਸੀ। ਮਹੇਸ਼ ਕੁਮਾਰ ਵੱਲੋਂ ਬਣਾਈ ਤਿੰਨ ਫੁੱਟ ਲੰਬੀ ਮਹੀਨ ਕਢਾਈ ਵਾਲੀ ਜੁੱਤੀ ਰਾਸ਼ਟਰੀ ਐਵਾਰਡ ਲਈ ਵੀ ਚੁਣੀ ਗਈ ਸੀ।

ਸਰਸ ਮੇਲੇ 'ਚ ਬਹੁ-ਸੱਭਿਆਚਾਰ ਦੀਆਂ ਵੰਨਗੀਆਂ

ਮੋਹਾਲੀ, (ਗੁਰਜੀਤ ਬਿੱਲਾ) ਮੋਹਾਲੀ ਦੀ ਧਰਤੀ 'ਤੇ ਪਹਿਲੀ ਵਾਰ ਲੱਗੇ ਸਰਸ ਮੇਲੇ ਦੌਰਾਨ ਮੇਲੇ ਦੇਖਣ ਆ ਰਹੇ ਮੇਲੀਆਂ ਦਾ ਸਵਾਗਤ ਪੂਰਬੀ ਰਾਜਸਥਾਨ ਦੇ ਭਰਤਪੁਰ ਡੀਗ ਖੇਤਰ ਦੇ ਨਗਾੜਾ ਕਲਾਕਾਰ ਨਗਾੜਾ ਵਜਾਉਂਦੇ ਹੋਏ ਲੋਕ-ਨਾਚ ਨਾਲ ਕਰਦੇ ਹਨ।ਮੇਲੇ 'ਚ ਸੱਭਿਆਚਾਰਕ ਪੇਸ਼ਕਾਰੀਆਂ ਦੇ ਇੰਚਾਰਜ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਅਨੁਸਾਰ ਦੇਸ਼ ਦੇ ਬਹੁ-ਭਾਂਤੀ ਸੱਭਿਆਚਾਰ ਨੂੰ ਹੁਲਾਰਾ ਦੇਣ ਲਈ ਵੱਖ-ਵੱਖ ਸੂਬਿਆਂ ਦੇ ਲੋਕ ਕਲਾਕਾਰਾਂ ਨੂੰ ਵਿਸ਼ੇਸ਼ ਤੌਰ 'ਤੇ ਮੇਲੇ ਵਿੱਚ ਬੁਲਾਇਆ ਗਿਆ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਹਿੰਦੁਸਤਾਨ ਦੀਆਂ ਅਮੀਰ ਲੋਕ ਕਲਾਵਾਂ ਤੇ ਲੋਕ ਗੀਤਾਂ ਅਤੇ ਲੋਕ-ਨਾਚਾਂ ਦੇ ਰੂਬਰੂ ਕਰਵਾਇਆ ਜਾ ਸਕੇ। ਮੇਲੇ ਵਿੱਚ ਪਹੁੰਚੇ ਨਗਾੜਾ ਗਰੁੱਪ ਬਾਰੇ ਜਾਣਕਾਰੀ ਦਿੰਦਿਆ ਗਰੁੱਪ ਲੀਡਰ ਸ਼ਾਹਰੁਖ ਅਨੁਸਾਰ ਇਹ ਲੋਕ-ਨਾਚ ਉਹਨਾਂ ਦੇ ਪੁਰਖਿਆਂ ਵੱਲੋਂ ਮੁਗਲਾਂ ਅਤੇ ਰਾਜਪੂਤ ਰਾਜਿਆਂ ਦੇ ਸਮੇਂ ਤੋਂ ਚੱਲਿਆ ਆ ਰਿਹਾ ਹੈ।ਜਦੋਂ ਰਾਜਪੂਤ ਰਾਜਾ ਰਾਣਾ ਸਾਂਗਾ ਦੀ ਮੁਗ਼ਲਾਂ ਨਾਲ ਖਾਨਵਾ ਦੇ ਮੈਦਾਨ ਵਿੱਚ ਲੜਾਈ ਹੋਈ ਸੀ, ਉਸ ਮੌਕੇ ਜਿੱਤ ਦੀ ਖੁਸ਼ੀ ਦੇ ਪ੍ਰਤੀਕ ਵਜੋਂ ਨਗਾੜਾ ਲੋਕ-ਨਾਚ, ਬਹਾਦਰੀ ਦੀ ਗਾਥਾ ਨੂੰ ਪੇਸ਼ ਕਰਨ ਲਈ ਕੀਤਾ ਗਿਆ ਸੀ। ਉਸ ਤੋਂ ਬਾਅਦ ਰਾਜਪੂਤ ਘਰਾਣਿਆਂ ਵਿੱਚ ਹਰ ਖੁਸ਼ੀ ਦੇ ਮੌਕੇ ਨਗਾੜਾ ਵਜਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਇਹ ਲੋਕ-ਨਾਚ ਰਾਜਸਥਾਨ ਤੋਂ ਇਲਾਵਾ ਉੱਤਰ ਪ੍ਰਦੇਸ਼ ਵਿੱਚ ਵੀ ਪ੍ਰਚੱਲਿਤ ਹੈ। ਇਸ ਲੋਕ-ਨਾਚ ਵਿੱਚ ਨਗਾੜਾ-ਨਗਾੜੀ, ਢੋਲਕ, ਖੰਜਰੀ, ਮਜੀਰਾ, ਝੰਡੀ ਅਤੇ ਹਾਰਮੋਨੀਅਮ ਆਦਿ ਲੋਕ-ਸਾਜ਼ਾਂ ਦੀ ਵਰਤੋਂ ਕਰਦੇ ਹੋਏ ਨਾਇਕ ਅਤੇ ਨਾਇਕਾ ਦੇ ਰੂਪ ਵਿੱਚ ਕਲਾਕਾਰਾਂ ਵੱਲੋਂ ਨਾਚ ਪੇਸ਼ ਕੀਤਾ ਜਾਂਦਾ ਹੈ।

ਡਿਪਟੀ ਕਮਿਸ਼ਨਰ ਨੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਕ ਉਚ ਪੱਧਰੀ ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਚੱਲ ਰਹੇ ਮਹੱਤਵਪੂਰਣ ਵਿਕਾਸ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ।ਉਨ੍ਹਾਂ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਨੂੰ ਜਲਦੀ ਮੁਕੰਮਲ ਕੀਤਾ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਵਿੱਚ ਨਗਰ ਨਿਗਮ ਜਲੰਧਰ ਦੇ ਕਮਿਸ਼ਨਰ ਗੌਤਮ ਜੈਨ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਪੱਖੋਂ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਕੁਆਲਿਟੀ ਪੱਖੋਂ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਰੇੜੂ ਧੋਗੜੀ ਰੋਡ, ਲੰਮਾ ਪਿੰਡ-ਜੰਡੂ ਸਿੰਘਾ ਰੋਡ ਨੂੰ ਚਹੁੰ ਮਾਰਗੀ ਕਰਨ, ਆਦਮਪੁਰ ਏਅਰਪੋਰਟ ਅਪਰੋਚ ਰੋਡ, ਬਰਲਟਨ ਪਾਰਕ ਵਿਖੇ ਸਪੋਰਟਸ ਹੱਬ, ਸੁਭਾਨਾ ਰੇਲਵੇ ਅੰਡਰ ਪਾਸ ਪ੍ਰਾਜੈਕਟ, ਸੀਵਰੇਜ ਲਾਈਨਾਂ ਪਾਉਣ ਸਮੇਂ ਨੁਕਸਾਨੀਆਂ ਸੜਕਾਂ ਦੇ ਮੁੜ ਨਿਰਮਾਣ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ।ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਡਾ. ਅਗਰਵਾਲ ਨੇ ਕਿਹਾ ਕਿ ਅਧਿਕਾਰੀ ਫੀਲਡ ਵਿੱਚ ਜਾ ਕੇ ਖੁਦ ਵਿਕਾਸ ਕਾਰਜਾਂ ਦੀ ਨਿਗਰਾਨੀ ਯਕੀਨੀ ਬਣਾਉਣ, ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਰੇੜੂ ਧੋਗੜੀ ਰੋਡ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਜਲ ਸਪਲਾਈ ਅਤੇ ਸੀਵਰੇਜ ਵਿਭਾਗ ਦੇ ਅਧਿਕਾਰੀਆਂ ਨੂੰ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਰਫ਼ਤਾਰ ਤੇਜ਼ ਕਰਨ ਲਈ ਕਿਹਾ, ਤਾਂ ਜੋ ਇਸ ਉਪਰੰਤ ਸੜਕ ਦੇ ਕਾਰਜ ਨੂੰ ਮੁਕੰਮਲ ਕੀਤਾ ਜਾ ਸਕੇ। ਲੰਮਾ ਪਿੰਡ-ਜੰਡੂ ਸਿੰਘਾ ਰੋਡ ਨੂੰ ਚਹੁੰ ਮਾਰਗੀ ਕਰਨ ਦੇ ਕੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕਰਦਿਆਂ ਉਨ੍ਹਾਂ ਪੀ. ਐਸ. ਪੀ. ਸੀ. ਐਲ. ਦੇ ਅਧਿਕਾਰੀਆਂ ਨੂੰ ਬਿਜਲੀ ਦੇ ਖੰਬੇ ਸ਼ਿਫਟ ਕਰਨ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤ ਕੀਤੀ। ਬਰਲਟਨ ਪਾਰਕ ਵਿਖੇ ਸਪੋਰਟਸ ਹੱਬ ਪ੍ਰਾਜੈਕਟ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕਰਨ ਲਈ ਇਸ ਪ੍ਰਾਜੈਕਟ ਨੂੰ ਵੱਖ-ਵੱਖ ਹਿੱਸਿਆਂ ਵਿੱਚ ਵੰਡ ਕੇ ਕਰਵਾਉਣ ਲਈ ਕਿਹਾ।

ਸਰਸ ਮੇਲੇ 'ਚ ਆਗਰੇ ਦੀ ਸੰਗਮਰਮਰ ਦੀ ਦਸਤਕਾਰੀ, ਕੱਚੀ ਘੋੜੀ ਲੋਕ-ਨਾਚ ਬਣੀ ਖਿੱਚ ਦਾ ਕੇਂਦਰ

ਮੋਹਾਲੀ, (ਗੁਰਜੀਤ ਬਿੱਲਾ) ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮੋਹਾਲੀ ਵਿਖੇ ਚੱਲ ਰਹੇ ਸਰਸ ਮੇਲੇ ਵਿੱਚ 600 ਤੋਂ ਵਧੇਰੇ ਵੱਖ-ਵੱਖ ਰਾਜਾਂ ਦੇ ਸ਼ਿਲਪਕਾਰਾਂ ਵੱਲੋਂ ਆਪਣੇ ਖੇਤਰ ਦੇ ਸ਼ਿਲਪਕਾਰੀ ਨਮੂਨਿਆਂ ਦੇ 300 ਦੇ ਕਰੀਬ ਸਟਾਲ ਲਗਾਏ ਗਏ ਹਨ, ਜਿੱਥੇ ਸੰਗਮਰਮਰ, ਲੱਕੜੀ, ਕੱਪੜੇ ਅਤੇ ਸਜਾਵਟੀ ਵਸਤਾਂ ਦੇ ਸਟਾਲ ਮੇਲੀਆਂ ਲਈ ਖਿੱਚ ਦਾ ਕੇਂਦਰ ਬਣ ਰਹੇ ਹਨ। ਮੇਲੇ ਵਿੱਚ ਉੱਤਰ ਪ੍ਰਦੇਸ਼ ਦੇ ਆਗਰਾ ਖੇਤਰ ਦੇ ਕਾਰੀਗਰਾਂ ਵੱਲੋਂ ਸੰਗਮਰਮਰ ਦੀਆਂ ਸਲੇਟਾਂ ਨੂੰ ਤਰਾਸ਼ ਕੇ ਵੱਖ-ਵੱਖ ਤਰ੍ਹਾਂ ਦੇ ਬੁੱਤ ਅਤੇ ਉਨ੍ਹਾਂ ਉੱਤੇ ਰੰਗਾਂ ਅਤੇ ਮੋਤੀਆਂ ਦੇ ਨਾਲ਼ ਸੁੰਦਰ ਕਸ਼ੀਦਾਕਾਰੀ ਕੀਤੀ ਹੋਈ ਹੈ।ਇੱਥੇ ਹੱਥ ਨਾਲ਼ ਸੰਗਮਰਮਰ ਤੋਂ ਬਣੀਆਂ ਵਸਤੂਆਂ ਵਿੱਚ ਹਾਥੀ, ਸ਼ੇਰ, ਪਾਣੀ ਦੇ ਫੁਹਾਰੇ, ਸ਼ਤਰੰਜ, ਗਊ, ਗੌਤਮ ਬੁੱਧ ਦੀਆਂ ਮੂਰਤੀਆਂ, ਖੂਬਸੂਰਤ ਗਮਲੇ, ਲੈਂਪ, ਬੈਠਣ ਲਈ ਸਟੂਲ ਅਤੇ ਹੋਰ ਸਜਾਵਟ ਦੀਆਂ ਵਸਤਾਂ ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ ਰਸੋਈ ਦੀਆਂ ਰੋਜ਼ਾਨਾ ਵਰਤੋਂ ਵਾਲੀਆਂ ਵਸਤਾਂ ਖਿੱਚ ਦਾ ਕੇਂਦਰ ਬਣ ਰਹੇ ਹਨ।ਹਸਤ ਦਸਤਕਾਰੀ ਦੇ ਕਲਾਕਾਰ ਸਲੀਮ ਕੁਰੈਸ਼ੀ ਆਗਰਾ ਨੇ ਗੱਲ ਕਰਦਿਆਂ ਦੱਸਿਆ ਕਿ ਇਹ ਉਨ੍ਹਾਂ ਦਾ ਪੁਸ਼ਤੈਨੀ ਕੰਮ ਹੈ, ਜੋ ਕਿ ਲਗਭਗ ਪਿਛਲੇ 60 ਸਾਲਾਂ ਤੋਂ ਉਨ੍ਹਾਂ ਦੇ ਪਰਵਾਰ ਦੁਆਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮੇਲੇ ਵਿੱਚ ਲਗਾਏ ਸਟਾਲ ਵਿੱਚ ਜੋ ਵੀ ਸਮਾਨ ਲਿਆਂਦਾ ਗਿਆ ਹੈ ਉਹ ਸਾਰਾ ਹੱਥ ਨਾਲ ਤਿਆਰ ਕੀਤਾ ਗਿਆ ਹੈ।

ਸੱਭਿਆਚਾਰਕ ਪ੍ਰੋਗਰਾਮਾਂ ਦੀ ਦੇਖ-ਰੇਖ ਕਰ ਰਹੇ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਦੱਸਿਆ ਕਿ ਰਾਜਸਥਾਨ ਦੇ ਬੂੰਦੀ ਜ਼ਿਲ੍ਹੇ ਦੇ ਸ਼ੇਖਾਵਟੀ ਖੇਤਰ ਵਿੱਚ ਕੱਚੀ ਘੋੜੀ ਲੋਕ ਨਾਚ ਦੀ ਪੇਸ਼ਕਾਰੀ ਦਰਸ਼ਕਾਂ ਵਿਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣ ਰਿਹਾ ਹੈ। ਜੈਸਲਮੇਰ ਦੇ ਟਿੱਬਿਆਂ ਦੇ ਕੱਕੇ ਰੇਤੇ ਵਿੱਚੋਂ ਉਪਜਿਆ ਰਾਜਸਥਾਨ ਦੀ ਧਰਤੀ ਦਾ ਇਹ ਲੋਕ ਨਾਚ ਗੁਜਰਾਤ, ਰਾਜਸਥਾਨ ਅਤੇ ਮਹਾਰਾਸ਼ਟਰ ਰਾਜਾਂ ਵਿੱਚ ਖਾਸ ਤੌਰ

21-OCT-PAGE-7.qxd 10/20/2024 9:25 PM Page 1

ਮੁਢਲੀ ਸਹਾਇਤਾ ਟ੍ਰੇਨਿੰਗ ਦੇ ਵਿਦਿਆਰਥੀਆਂ ਨੇ ਸਮਾਜਸੇਵਾ ਦਾ ਪ੍ਰਣ ਲਿਆ

ਕੋਟਕਪੂਰਾ (ਰਛਪਾਲ ਭੁੱਲਰ)-ਵਿਨੀਤ ਕੁਮਾਰ ਆਈ ਏ ਐੱਸ ਡਿਪਟੀ ਕਮਿਸ਼ਨਰ ਫਰੀਦਕੋਟ ਤੇ ਮਨਦੀਪ ਸਿੰਘ ਮੋਗਾ ਸਕੱਤਰ ਰੈੱਡ ਕਰਾਸ ਦੀ ਅਗਵਾਈ ਤੇ ਉਦੇ ਰੰਦੇਵ ਫਸਟ ਏਡ ਇੰਸਟ੍ਰਕਟਰ ਦੀ ਦੇਖ-ਰੇਖ ਹੇਠ ਚਲਾਏ ਜਾ ਰਹੇ ਅੱਠ ਰੋਜ਼ਾ ਮੁੱਢਲੀ ਸਹਾਇਤਾ ਕੋਰਸ ਦੀ ਇਹ ਸਭ ਤੋਂ ਵੱਡੀ ਪ੍ਰਾਪਤੀ ਹੈ ਕਿ ਸਾਰੇ ਸਿਖਿਆਰਥੀਆਂ ਨੇਂ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਇਹ ਪ੍ਰਣ ਕੀਤਾ ਕਿ ਇਸ ਟ੍ਰੇਨਿੰਗ ਕੈਂਪ ਨੂੰ ਪਾਸ ਕਰਨ ਤੋਂ ਬਾਅਦ ਉਹ ਸਾਰੇ ਜ਼ਿਲ੍ਹਾ ਫਰੀਦਕੋਟ ਰੈੱਡ ਕਰਾਸ ਸੋਸਾਇਟੀ ਦੇ ਨਾਲ ਆਪਣੇ ਪਿੰਡਾਂ ਤੇ ਸ਼ਹਿਰਾਂ ਵਿੱਚ ਸਮਾਜ ਸੇਵਾ ਦੇ ਕੰਮ ਕਰਨ ਲਈ ਤਿਆਰ ਰਹਿਣਗੇ।ਸਾਰਿਆਂ ਨੇ ਅਜਿਹੇ ਸਿਖਲਾਈ ਕੈਂਪਾਂ ਲਈ ਜ਼ਿਲ੍ਹਾ ਫ਼ਰੀਦਕੋਟ ਰੈੱਡ ਕਰਾਸ ਸੁਸਾਇਟੀ ਦੇ ਚੇਅਰਮੈਨ ਵਿਨੀਤ ਕੁਮਾਰ ਡਿਪਟੀ ਕਮਿਸ਼ਨਰ ਫ਼ਰੀਦਕੋਟ ਤੇ ਮਨਦੀਪ ਸਿੰਘ ਮੋਗਾ ਸਕੱਤਰ ਰੈੱਡ ਕਰਾਸ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ। ਇਸ ਸਮੇਂ ਰੈੱਡ ਕਰਾਸ ਸੁਸਾਇਟੀ ਫਰੀਦਕੋਟ ਤੋਂ ਯਾਦਵਿੰਦਰ ਸਿੰਘ, ਨਿਰਮਲਾ, ਵੀਰਪਾਲ ਕੌਰ, ਨੀਲਕੰਠ, ਕੁਲਦੀਪ ਸਿੰਘ ਨੇ ਵੀ ਸਹਿਯੋਗ ਦਿੱਤਾ।

ਡੀ ਵੀ ਐੱਮ ਸਕੂਲ 'ਚ ਪਰਾਲੀ ਨਾ ਸਾੜਨ ਦੇ ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ, ਜਿੱਥੇ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਉੱਥੇ ਹੀ ਡੀ.ਵੀ.ਐੱਮ. ਪਬਲਿਕ ਸਕੂਲ ਉਦੇਕਰਨ ਨੇ ਬੱਚਿਆਂ ਦੇ ਪੋਸਟਰ, ਲੇਖ ਲਿਖਣ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ।ਸਕੂਲ ਦੇ ਮੁਖੀ ਡਾ. ਰਾਜ ਕੁਮਾਰੀ ਨੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਜਾਗਰੂਕ ਕਰਨ ਲਈ ਸਕੂਲ ਵਿਖੇ ਬੱਚਿਆਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਨ ਲਈ ਪੋਸਟਰ, ਲੇਖ ਲਿਖਣ ਤੇ ਭਾਸ਼ਣ ਮੁਕਾਬਲੇ ਕਰਵਾਏ।ਇਨ੍ਹਾਂ ਮੁਕਾਬਲਿਆਂ ਵਿੱਚ ਪੰਜਾਹ ਬੱਚਿਆਂ ਨੇ ਭਾਗ ਲੈਂਦਿਆਂ ਪਰਾਲੀ ਨਾ ਸਾੜਨ ਸਬੰਧੀ ਸਲੋਗਨ, ਧੂੰਏਂ ਤੋਂ ਹੋਣ ਵਾਲੇ ਨੁਕਸਾਨ ਨੂੰ ਦਰਸਾਉਂਦੇ ਪੋਸਟਰ ਬਣਾਏ।ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਮਦਨ ਮੋਹਨ ਨੇ ਦੱਸਿਆ ਕਿ ਪਰਾਲੀ ਸਾੜਨ ਕਰਕੇ ਜ਼ਹਿਰੀਲੀਆਂ ਗੈਸਾਂ ਕਾਰਬਨ ਡਾਈਆਕਸਾਈਡ ਅੱਖਾਂ ਤੇ ਸਾਹ ਦੀ ਨਲੀ ਵਿੱਚ ਜਲਣ ਪੈਦਾ ਕਰਦੀ ਹੈ।ਅਖੀਰ ਵਿੱਚ ਉਨ੍ਹਾ ਦੱਸਿਆ ਕਿ ਜਿਸ ਧਰਤੀ 'ਤੇ ਅਸੀਂ ਰਹਿੰਦੇ ਹਾਂ ਉਸ ਦੇ ਵਾਤਾਵਰਨ ਦੀ ਸੰਭਾਲ ਕਰਨਾ ਸਾਡਾ ਸਾਰਿਆਂ ਦਾ ਫਰਜ਼ ਹੈ, ਸੋ ਸਾਨੂੰ ਸਾਰਿਆਂ ਨੂੰ ਹੀ ਉਪਰਾਲੇ ਕਰ ਆਪਣਾ-ਆਪਣਾ ਯੋਗਦਾਨ ਪਾਉਣ ਦੀ ਲੋੜ ਹੈ।

ਕੁਲਦੀਪ ਕੌਰ ਧਨੋਆ ਪਿੰਡ ਖੁਦਾਦਪੁਰਾ ਦੀ ਸਰਪੰਚ ਬਣੀ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਬੀਤੇ ਦਿਨੀਂ ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਸਮਾਣਾ ਬਲਾਕ ਤੇ ਪਿੰਡ ਖੁਦਾਦਪੁਰਾ ਦੀ ਸ੍ਰੀਮਤੀ ਕੁਲਦੀਪ ਕੌਰ ਧਨੋਆ ਪਤਨੀ ਸ੍ਰ. ਅਜੈਬ ਸਿੰਘ ਧਨੋਆ ਆਪਣੀ ਵਿਰੋਧੀ ਉਮੀਦਵਾਰ ਨੂੰ ਹਰਾ ਕੇ ਪਿੰਡ ਖੁਦਾਦਪੁਰਾ ਦੇ ਸਰਪੰਚ ਦੀ ਚੋਣ ਜਿੱਤ ਗਏ ਹਨ। ਉਨ੍ਹਾਂ ਨਾਲ ਉਨ੍ਹਾਂ ਦੇ ਗਰੁੱਪ ਦੇ ਤਿੰਨ ਮੈਂਬਰ ਜਸਬੀਰ ਸਿੰਘ, ਮੋਹਨ ਸਿੰਘ ਤੇ ਗੁਰਪ੍ਰੀਤ ਕੌਰ ਵੀ ਆਪਣੇ ਵਿਰੋਧੀ ਮੈਂਬਰਾਂ ਨੂੰ ਹਰਾ ਕੇ ਚੋਣ ਜਿੱਤ ਗਏ ਹਨ।ਸ੍ਰੀਮਤੀ ਕੁਲਦੀਪ ਕੌਰ ਧਨੋਆ ਨੇ ਸਰਪੰਚ ਬਣਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਸਾਰੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰੇ ਪਿੰਡ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਦੀ ਕੋਸ਼ਿਸ਼ ਕਰਨਗੇ ਤੇ ਪਿੰਡ ਦੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਤੋਂ ਕਰਨਗੇ।ਸ੍ਰੀਮਤੀ ਕੁਲਦੀਪ ਕੌਰ ਧਨੋਆ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੀ ਪੰਚਾਇਤ 5 ਮੈਂਬਰਾਂ ਦੀ ਪੰਚਾਇਤ ਹੈ ਅਤੇ ਉਸ ਦੀ ਟੀਮ ਦੇ ਤਿੰਨ ਮੈਂਬਰ ਵੀ ਜਿੱਤ ਪ੍ਰਾਪਤ ਕਰ ਚੁੱਕੇ ਹਨ।

ਨਵੇਂ ਚੁਣੇ ਸਰਪੰਚ ਹਰਪ੍ਰੀਤ ਕੌਰ ਦਾ ਸਨਮਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਕਰਮਗੜ੍ਹ (ਬਰਨਾਲਾ) ਵਿਖੇ ਬੀਬੀ ਹਰਪ੍ਰੀਤ ਕੌਰ ਪਤਨੀ ਹਰਕੇਸ਼ ਸਿੰਘ ਚਹਿਲ 655 ਵੋਟਾਂ ਦੇ ਵੱਡੇ ਫਰਕ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਸਰਪੰਚ ਚੁਣੇ ਗਏ।ਇਸ ਮੌਕੇ ਪੰਚ ਸ਼ਿੰਦਰਪਾਲ ਕੌਰ, ਪੰਚ ਗੁਰਮੇਲ ਕੌਰ, ਪੰਚ ਪਿਆਰਾ ਰਾਮ, ਪੰਚ ਜਗਜੀਵਨ ਸਿੰਘ, ਪੰਚ ਗੁਰਦੀਪ ਸਿੰਘ, ਪੰਚ ਗੁਰਬਚਨ ਸਿੰਘ ਮਾਨਾ, ਪੰਚ ਪਰਮਜੀਤ ਕੌਰ, ਪੰਚ ਬਲਰਾਜ ਕੌਰ, ਪੰਚ ਗੁਰਜੰਟ ਸਿੰਘ ਟੀਟੂ ਚੁਣੇ ਗਏ।ਸਰਪੰਚ ਬੀਬੀ ਹਰਪ੍ਰੀਤ ਕੌਰ ਚਹਿਲ ਨੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਪਿੰਡ ਦੇ ਸਰਬਪੱਖੀ ਵਿਕਾਸ ਲਈ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦਾ ਐਲਾਨ ਕੀਤਾ।ਇਸ ਮੌਕੇ ਵੱਖ ਵੱਖ ਸੰਸਥਾਵਾਂ, ਕਿਸਾਨ ਯੂਨੀਅਨਾਂ, ਗੁਰਦੁਆਰਾ ਕਮੇਟੀ, ਸਮੂਹ ਪਿੰਡ ਵਾਸੀਆਂ ਵੱਲੋਂ ਸਰਪੰਚ ਬੀਬੀ ਹਰਪ੍ਰੀਤ ਕੌਰ ਚਹਿਲ ਤੇ ਸਮੂਹ ਪੰਚਾਂ ਨੂੰ ਸਨਮਾਨਤ ਕੀਤਾ ਗਿਆ।ਭਾਕਿਯੂ ਕਾਦੀਆਂ ਦੇ ਬਲਦੇਵ ਸਿੰਘ ਤੇ ਧਰਮ ਸਿੰਘ ਫੌਜੀ ਐੱਮ ਸੀ ਨੇ ਆਪਣੇ ਜੱਦੀ ਪਿੰਡ ਕਰਮਗੜ੍ਹ ਦੀ ਸਮੁੱਚੀ ਪੰਚਾਇਤ ਨੂੰ ਵਧਾਈ ਦਿੰਦਿਆ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

ਤੋਲਾਵਾਲ ਦੀ ਗੁਰਮੀਤ ਕੌਰ ਨੇ ਇੱਕ ਵੋਟ ਨਾਲ ਪੰਚੀ ਜਿੱਤੀ

ਚੀਮਾ ਮੰਡੀ (ਰਵਿੰਦਰ ਚੀਮਾ)-ਨੇੜਲੇ ਪਿੰਡ ਤੋਲਾਵਾਲ ਵਿਖੇ ਹੋਈਆਂ ਪੰਚਾਇਤੀ ਚੋਣਾਂ ਵਿੱਚ ਸੱਤ ਨੰਬਰ ਵਾਰਡ ਵਿੱਚ ਇੰਨਾ ਫਸਵਾਂ ਮੁਕਾਬਲਾ ਸੀ ਕਿ ਗਰਮੀਤ ਕੌਰ ਨੇ ਆਪਣੇ ਵਿਰੋਧੀ ਨੂੰ ਪਛਾੜ ਕੇ ਇੱਕ ਵੋਟ 'ਤੇ ਪੰਚੀ ਦੀ ਚੋਣ ਜਿੱਤ ਲਈ ਹੈ। ਜ਼ਿਕਰਯੋਗ ਹੈ ਕਿ ਇਸ ਵਾਰਡ ਵਿੱਚ ਜੋਗਿੰਦਰ ਕੌਰ ਤੇ ਗੁਰਮੀਤ ਕੌਰ ਪੰਚੀ ਦੀ ਚੋਣ ਲੜ ਰਹੇ ਸਨ, ਜਿਸ ਦਾ ਮੁਕਾਬਲਾ ਇੰਨਾ ਸਖਤ ਸੀ ਕਿ ਜੋਗਿੰਦਰ ਕੌਰ ਨੂੰ 134 ਵੋਟਾਂ ਤੇ ਗੁਰਮੀਤ ਕੌਰ ਨੂੰ 135 ਵੋਟਾਂ ਪਈਆਂ।ਵੋਟਾਂ ਦੀ ਗਿਣਤੀ ਤਿੰਨ ਵਾਰ ਕੀਤੀ ਗਈ, ਜਿਸ ਨਾਲ ਗੁਰਮੀਤ ਕੌਰ ਨੂੰ ਇੱਕ ਵੋਟ 'ਤੇ ਜੇਤੂ ਕਰਾਰ ਦਿੱਤਾ ਗਿਆ। ਵਰਨਣਯੋਗ ਹੈ ਕਿ ਇਸ ਬੂਥ ਉੱਪਰ ਜਦ ਗਿਣਤੀ ਹੋ ਰਹੀ ਸੀ ਤਾਂ ਗੁਰਮੀਤ ਕੌਰ ਇੱਕ ਵੋਟ 'ਤੇ ਜਿੱਤ ਰਹੀ ਸੀ ਤਾਂ ਦੂਸਰੇ ਪਾਸੇ ਜੋਗਿੰਦਰ ਕੌਰ ਦੇ ਪੋਲਿੰਗ ਏਜੰਟ ਨੇ ਤਿੰਨ ਵੋਟਾਂ ਮੂੰਹ ਵਿੱਚ ਪਾ ਕੇ ਚੱਬ ਦਿੱਤੀਆਂ, ਜਿਸ ਦੇ ਨਤੀਜੇ ਵਜੋਂ ਪ੍ਰਜ਼ਾਇਡਿੰਗ ਅਫਸਰ ਨੇ ਪੁਲਸ ਸਦ ਕੇ ਉਸ ਪੋਲਿੰਗ ਏਜੰਟ ਉੱਪਰ ਪਰਚਾ ਦਰਜ ਕਰਕੇ ਗੁਰਮੀਤ ਕੌਰ ਨੂੰ ਜੇਤੂ ਕਰਾਰ ਦਿੱਤਾ ਗਿਆ। ਇਸ ਮੌਕੇ ਮਲਕੀਤ ਸਿੰਘ ਗੋਰਾਇਆ, ਨਿਸ਼ਾਨ ਸਿੰਘ, ਗੁਰਦੀਪ ਸਿੰਘ ਦੀਪਾ, ਸਰਪੰਚ ਕੁਲਵਿੰਦਰ ਸਿੰਘ, ਜਗਸੀਰ ਸਿੰਘ ਭੰਗੂ ਆਦਿ ਹਾਜ਼ਰ ਸਨ।

ਡੀ ਐੱਸ ਪੀ ਨੇ ਪਿੰਡਾਂ 'ਚ ਕਿਸਾਨਾਂ ਨੂੰ ਪਰਾਲੀ ਸੰਭਾਲਣ ਲਈ ਕੀਤਾ ਪ੍ਰੇਰਿਤ

ਮੂਨਕ (ਰਾਜਪਾਲ ਸਿੰਗਲਾ)-ਐੱਸ ਐੱਸ ਪੀ ਸੰਗਰੂਰ ਸਰਤਾਜ ਸਿੰਘ ਚਾਹਲ ਦੀਆਂ ਹਦਾਇਤਾਂ ਅਨੁਸਾਰ ਕਾਰਵਾਈ ਕਰਦਿਆਂ ਡੀ ਐੱਸ ਪੀ ਦੀਪਇੰਦਰਪਾਲ ਸਿੰਘ ਜੇਜੀ ਵੱਲੋਂ ਪਿਛਲੇ ਕਈ ਦਿਨਾਂ ਤੋਂ ਸਬ ਡਵੀਜ਼ਨ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਸੰਭਾਲਣ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਬਾਰੇ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿੰਡ ਖੋਖਰ, ਫਤਿਹਗੜ੍ਹ, ਚੂੜਲ ਖੁਰਦ, ਡਸਕਾ, ਰੱਤਾ ਖੇੜਾ, ਨੰਗਲਾ, ਅੜਕਵਾਸ, ਲਹਿਲ ਖੁਰਦ, ਕਾਲ ਬੰਜਾਰਾ, ਫਲੇੜਾ ਆਦਿ ਵੱਡੀ ਗਿਣਤੀ ਪਿੰਡਾਂ ਦੇ ਵਿੱਚ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਰਹਿੰਦ ਖੂਹਦ ਨਾ ਸਾੜਨ ਦੀ ਅਪੀਲ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿੱਚ ਖੇਤੀਬਾੜੀ ਤੇ ਸਹਿਕਾਰਤਾ ਵਿਭਾਗ ਦੇ ਮਾਹਰਾਂ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਵੱਖ ਵੱਖ ਤਕਨੀਕਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਵੱਖ ਵੱਖ ਥਾਣਿਆਂ ਦੇ ਮੁਖੀ ਤੇ ਪ੍ਰਸ਼ਾਸਨ ਦੇ ਹੋਰ ਕਰਮਚਾਰੀ ਵੀ ਜਾਗਰੂਕਤਾ ਮੁਹਿੰਮ ਦਾ ਸਰਗਰਮ ਹਿੱਸਾ ਬਣ ਰਹੇ ਹਨ ਤੇ ਯਕੀਨੀ ਤੌਰ 'ਤੇ ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆਉਣਗੇ, ਕਿਉਂਕਿ ਪਿੰਡਾਂ ਵਿੱਚ ਕਿਸਾਨਾਂ ਵੱਲੋਂ ਇਸ ਗੱਲ ਦਾ ਵਿਸ਼ਵਾਸ ਦਿਵਾਇਆ ਜਾ ਰਿਹਾ ਹੈ ਕਿ ਉਹ ਝੋਨੇ ਦੀ ਵਾਢੀ ਕਰਨ ਤੋਂ ਬਾਅਦ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ।

ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਵਿਧਾਇਕਾ ਦੇ ਘਰ ਦਾ ਘਿਰਾਓ

ਮੋਗਾ (ਇਕਬਾਲ ਸਿੰਘ ਖਹਿਰਾ)-ਮੰਡੀਆਂ 'ਚੋਂ ਝੋਨੇ ਦੀ ਖਰੀਦ ਨਾ ਹੋਣ ਕਾਰਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਅਣਮਿੱਥੇ ਸਮੇਂ ਲਈ ਦਿਨ-ਰਾਤ ਦਾ ਧਰਨਾ ਦੂਜੇ ਦਿਨ ਵੀ ਕਿਸਾਨਾਂ ਵੱਲੋਂ ਪੱਕੇ ਟੈਂਟ ਲਾ ਕੇ ਮੋਗਾ ਦੀ ਵਿਧਾਇਕਾ ਦੇ ਘਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਣਗੀਆਂ, ਉਦੋਂ ਤੱਕ ਧਰਨਾ ਪ੍ਰਦਰਸ਼ਨ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ, ਉਥੇ ਹੀ ਦਾਰਾਪੁਰ ਦੇ ਟੋਲ ਪਲਾਜੇ 'ਤੇ ਆਗੂ ਬਲੌਰ ਸਿੰਘ ਘੱਲਕਲਾਂ ਦੀ ਅਗਵਾਈ ਹੇਠ ਧਰਨਾ ਦਿੱਤਾ ਗਿਆ। ਕਿਸਾਨ ਆਗੂ ਆਗੂ ਬਲੌਰ ਸਿੰਘ ਘੱਲਕਲਾਂ, ਗੁਰਮੀਤ ਸਿੰਘ ਲੰਗੇਆਣਾ, ਜਗਜੀਤ ਸਿੰਘ ਮੱਦੋਕੇ, ਗੁਰਦੇਵ ਸਿੰਘ ਕਿਸ਼ਨਪੁਰਾ, ਲਖਵੀਰ ਸਿੰਘ ਚੜਿੱਕ, ਮਹਿਲਾ ਕਿਸਾਨ ਆਗੂ ਹਰਬੰਸ ਕੌਰ ਨੇ ਕਿਹਾ ਕਿ ਬੀਤੀ ਕੱਲ੍ਹ ਤੋਂ ਪੰਜਾਬ ਦੇ 25 ਟੋਲ ਪਲਾਜੇ ਵੀ ਬੰਦ ਕੀਤੇ ਗਏ ਹਨ। ਪਿਛਲੇ ਕਈ ਦਿਨਾਂ ਤੋਂ ਅਗੇਤੇ ਝੋਨੇ ਦੀ ਵਢਾਈ ਕਰਕੇ ਕਿਸਾਨ ਮੰਡੀਆਂ ਵਿੱਚ ਰੁਲ ਰਹੇ ਹਨ, ਹਾਲੇ ਤੱਕ ਮੰਡੀਆਂ ਵਿੱਚ ਆਪ ਸਰਕਾਰ ਵੱਲੋਂ ਨਾ ਹੀ ਬਾਰਦਾਨਾ ਤੇ ਨਾ ਹੀ ਖਰੀਦ ਕਰਨ ਵਾਲੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਭੇਜਿਆ ਗਿਆ ਹੈ। ਜਥੇਬੰਦੀ ਵੱਲੋਂ ਸਰਕਾਰ ਨੂੰ ਵਾਰ ਵਾਰ ਅਪੀਲ ਕਰਨ 'ਤੇ ਵੀ ਕੋਈ ਝੋਨੇ ਖਰੀਦ ਤੇ ਚੁਕਾਈ ਦਾ ਢੁੱਕਵਾਂ ਪ੍ਰਬੰਧ ਨਹੀਂ ਕੀਤਾ ਗਿਆ ਜਿਸ ਤੋਂ ਮਜਬੂਰ ਹੋ ਕੇ ਪੰਜਾਬ ਸਰਕਾਰ ਦੇ ਐੱਮ ਐੱਲ ਏ ਤੇ ਭਾਜਪਾ ਸਰਕਾਰ ਦੇ ਨੇਤਾਵਾਂ ਦੇ ਘਰਾਂ ਅੱਗੇ ਧਰਨੇ ਲਾਉਣ ਦੀ ਜ਼ਰੂਰਤ ਪਈ ਹੈ।

ਇਸ ਮੌਕੇ ਉਨ੍ਹਾਂ ਕਿਹਾ ਕਿ ਝੋਨੇ ਦੀ ਪੂਰੀ ਐੱਮ ਐੱਸ ਪੀ ਤੇ ਨਿਰਵਿਘਨ ਖਰੀਦ ਚਾਲੂ ਕਰੇ ਤੇ ਹੁਣ ਤੱਕ ਘੱਟ ਮੁੱਲ 'ਤੇ ਵਿਕੇ ਝੋਨੇ ਦੇ ਰੇਟ 'ਤੇ ਪੂਰਤੀ ਕਰੇ। ਸਰਕਾਰ ਦੀ ਸਿਫਾਰਸ਼ ਨਾਲ ਬੀਜੀ ਗਈ ਪੀ ਆਰ 126 ਕਿਸਮ ਦਾ ਪੂਸਾ 44 ਨਾਲੋਂ ਘੱਟ ਝਾੜ ਦੀ ਕਮੀਂ ਤੇ ਐੱਮ ਐੱਸ ਪੀ ਤੋਂ ਘੱਟ ਮਿਲੇ ਮੁੱਲ ਦੀ ਵੀ ਪੂਰਤੀ ਕਰੇ ਨਹੀਂ ਫਿਰ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਨਾ ਪੈ ਸਕਦਾ ਹੈ।

ਪੰਜਾਬ ਸਰਕਾਰ ਦੀਆਂ ਖਰੀਦ ਏਜੰਸੀਆਂ ਝੋਨੇ ਦੀ ਨਮੀ 22% ਤੱਕ ਕਰਨ ਤੇ ਦਾਗੀ ਦਾਣਿਆਂ ਪ੍ਰਤੀ ਆਪਣੀਆਂ ਸ਼ਰਤਾਂ ਨਰਮ ਕਰਨ ਨਹੀਂ ਫਿਰ ਇਹ ਤਾਨਾਸ਼ਾਹੀ ਫੁਰਮਾਨ ਨੂੰ ਕਿਸਾਨ ਮਨਜ਼ੂਰ ਕਿਸੇ ਵੀ ਕੀਮਤ 'ਤੇ ਨਹੀਂ ਕਰਨਗੇ। ਹਰ ਸੀਜ਼ਨ ਕਿਸਾਨਾਂ ਨਾਲ ਮੰਡੀਆਂ ਵਿੱਚ ਸੋਨੇ ਵਰਗੀ ਫਸਲ ਨਾਲ ਕਾਰਪੋਰੇਟ ਘਰਾਣਿਆਂ ਵੱਲੋਂ ਸਰਕਾਰ ਨਾਲ ਮਿਲ ਕੇ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ, ਜੋ ਕਿ ਬਰਦਾਸ਼ਤ ਤੋਂ ਬਾਹਰ ਹੈ।

ਪਰਾਲੀ ਦੀ ਸਾਂਭ ਸੰਭਾਲ ਲਈ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਮੰਗ

ਨਾਇਬ ਤਹਿਸੀਲਦਾਰ ਨੂੰ ਮੰਗ ਪੱਤਰ ਸੌਂਪਦੇ ਕਿਸਾਨ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੇ ਚੱਲਦਿਆਂ ਭਾਰਤੀ ਕਿਸਾਨ ਯੂਨੀਅਨ ਖੋਸਾ ਵੱਲੋਂ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ ਦੀ ਅਗਵਾਈ ਹੇਠ ਨਾਇਬ ਤਹਿਸੀਲਦਾਰ ਪਾਤੜਾਂ ਕਰਮਜੀਤ ਸਿੰਘ ਨੂੰ ਮਿਲ ਕੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਦੇ ਲਈ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਮੰਗ ਨੂੰ ਲੈ ਕੇ ਮੰਗ ਪੱਤਰ ਸੌਂਪਿਆ ਗਿਆ।ਇਸ ਦੌਰਾਨ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਪਰਾਲੀ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਕਾਰ ਵੱਲੋਂ ਮਸ਼ੀਨਰੀ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਕਿਸਾਨਾਂ ਦੀ ਮਦਦ ਲਈ ਮਸ਼ੀਨਰੀ ਉਪਲਬਧ ਕਰਵਾਈ ਗ

21-Oct-PAGE-8.qxd 10/20/2024 10:20 PM Page 1

ਕਿਸਾਨਾਂ ਵੱਲੋਂ ਚੱਕਾ ਜਾਮ ਅੱਜ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਸਰਕਾਰ ਵੱਲੋਂ ਝੋਨੇ ਦੀ ਲਿਫਟਿੰਗ ਨਾ ਕਰਨ ਦੁਖੀ ਕਿਸਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਚੁੱਕੇ ਹਨ। ਲਿਫਟਿੰਗ ਨਾ ਹੋਣ ਕਾਰਨ ਆੜ੍ਹਤੀਆਂ ਤੇ ਕਿਸਾਨਾਂ ਵੱਲੋਂ ਮੀਟਿੰਗ ਰੱਖੀ ਗਈ, ਜਿਸ ਦੀ ਪ੍ਰਧਾਨਗੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮਨਵੀਰ ਸਿੰਘ ਪਰਮਾਰ ਨੇ ਕੀਤੀ।ਇਕੱਤਰ ਹੋਏ ਆੜ੍ਹਤੀਆਂ ਨੇ ਅਣਮਿੱਥੇ ਸਮੇਂ ਲਈ ਚੱਕਾ ਜਾਮ ਕਰਨ ਦੇ ਐਲਾਨ ਦੇ ਨਾਲ-ਨਾਲ ਸਰਕਾਰ ਦੇ ਘਟੀਆ ਖਰੀਦ ਪ੍ਰਬੰਧਾਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਪ੍ਰਧਾਨ ਮਨਵੀਰ ਸਿੰਘ ਪਰਮਾਰ ਨੇ ਕਿਹਾ ਕਿ ਸਰਕਾਰ ਨੇ ਅਜਿਹੇ ਹਾਲਾਤ ਜਾਣ ਬੁੱਝ ਕੇ ਪੈਦਾ ਕੀਤੇ ਜਾ ਰਹੇ ਹਨ। ਖਰੀਦ ਏਜੰਸੀਆਂ ਕੋਲ ਬਾਰਦਾਨਾਂ ਵੀ ਖਤਮ ਹੋ ਚੁੱਕਾ ਹੈ ਕਿਸਾਨਾਂ ਵੱਲੋਂ ਵਧੇਰੇ ਸੁੱਕ ਚੁੱਕੇ ਝੋਨੇ ਦੀ ਕਟਾਈ ਕਰ ਲਈ ਹੈ ਤੇ ਬਹੁਤ ਸਾਰੀਆਂ ਟਰਾਲੀਆਂ ਕਿਸਾਨਾਂ ਦੇ ਘਰਾਂ ਵਿੱਚ ਭਰੀਆਂ ਖੜ੍ਹੀਆਂ ਹਨ। ਕਿਸਾਨਾਂ ਨੇ ਕਿਹਾ ਕਿ ਜੇਕਰ ਅਜਿਹੇ ਹਾਲਾਤ ਰਹੇ ਤਾਂ ਪ੍ਰੇਸ਼ਾਨੀ ਕਾਰਨ ਕਿਸਾਨ ਖੁਦਕੁਸ਼ੀਆਂ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਨਰਿੰਦਰ ਸਿੰਘ ਚਾਹਲ, ਬਲਰਾਜ ਕਿਸ਼ਨ ਚੋਪੜਾ, ਅਜੀਤ ਸਿੰਘ ਸੋਇਤਾ, ਸਤਿੰਦਰਪਾਲ ਸਿੰਘ ਧਾਲੀਵਾਲ, ਨਿਰਮਲ ਸਿੰਘ, ਰਾਜਵੰਤ ਸਿੰਘ, ਰਾਜੂ ਚੋਪੜਾ, ਜਸਕਰਨ ਸਿੰਘ, ਦਵਿੰਦਰ ਕੁਮਾਰ ਚੋਪੜਾ ਆਦਿ ਹਾਜ਼ਰ ਸਨ।

ਦੋਆਬਾ ਜਨਰਲ ਕੈਟੇਗਰੀ ਫਰੰਟ ਪੰਜਾਬ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਨੇ ਲਗਾਇਆ ਧਰਨਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਦੋਆਬਾ ਜਨਰਲ ਕੈਟੇਗਰੀ ਫਰੰਟ ਪੰਜਾਬ ਅਤੇ ਜਮਹੂਰੀ ਕਿਸਾਨ ਸਭਾ ਪੰਜਾਬ ਵਲੋਂ ਕਿਸਾਨਾ ਦੇ ਹੱਕ ਵਿੱਚ ਪਹਿਲਾਂ ਤੋਂ ਦਿੱਤੀ ਧਰਨੇ ਦੀ ਕਾਲ ਮੁਤਾਬਿਕ ਫੁਗਲਾਣਾ ਦਾਣਾ ਮੰਡੀ ਵਿਖੇ ਇਕੱਠੇ ਹੋ ਕੇ ਫਗਵਾੜਾ ਹੁਸ਼ਿਆਰਪੁਰ ਰੋਡ ਬੰਦ ਕਰਨ ਦਾ ਏਲਾਨ ਕੀਤਾ ਗਿਆ ਸੀ ਦੇ ਸੰਬੰਧ ਵਿੱਚ ਦਾਣਾ ਮੰਡੀ ਫੁਗਲਾਣਾ ਵਿਖੇ ਸਮੂਹ ਸਾਥੀਆ ਦਾ ਇਕੱਠ ਹੋਇਆ ਜਿਸ ਵਿੱਚ ਬਲਵੀਰ ਸਿੰਘ ਫੁਗਲਾਣਾ, ਸੁਰਜੀਤ ਸਿੰਘ ਭੁੰਗਰਨੀ, ਜਸਵਿੰਦਰ ਸਿੰਘ ਸੰਘਾ, ਦਵਿੰਦਰ ਸਿੰਘ ਕੱਕੂ, ਬਲਵਿੰਦਰ ਸਿੰਘ ਗਿੱਲ, ਮਲਕੀਅਤ ਸਿੰਘ ਜਮਹੂਰੀ ਕਿਸਾਨ ਸਭਾ, ਮੱਖਣਜੀਤ ਸਿੰਘ, ਕਰਨਜੀਤ ਸਿੰਘ, ਬਲਵਿੰਦਰ ਸਿੰਘ ਬਿੰਦਾ, ਸੋਨੂ ਟੇਲਰ, ਸਤਨਾਮ ਸਿੰਘ ਸ਼ਿੰਦੂ, ਜੀਤ ਸਿੰਘ, ਬਲਵਿੰਦਰ ਸਿੰਘ ਭਾਮ, ਜਸਵੀਰ ਸਿੰਘ ਭਾਮ, ਮਹਿੰਦਰ ਸਿੰਘ ਸਾਬਕਾ ਸਰਪੰਚ, ਮਨਜੀਤ ਸਿੰਘ ਸੋਨੂ, ਰੀਤੇਸ਼ ਬਾਸਲ ਅਤੇ ਰਜਵੀਰ ਸਿੰਘ ਸ਼ਾਮਲ ਹੋਏ। ਧਰਨੇ ਦੀ ਰੁਪਰੇਖਾ ਸਰਕਾਰ ਵਲੋਂ ਦੋ ਦਿਨ ਦਾ ਭਰੋਸਾ ਦੇਣ ਅਤੇ ਕਿਸਾਨ ਜਥੇਬੰਦੀਆ ਵਲੋਂ 4ਦਿਨ ਦਾ ਸਮਾ ਦੇਣ ਕਾਰਨ ਬਦਲਣੀ ਪਈ ਧਰਨੇ ਨੂੰ ਸਮਾਪਤ ਕਰਵਾਉਣ ਅਤੇ ਟਰੈਫਿਕ ਚਾਲੂ ਰੱਖਣ ਲਈ ਪ੍ਰਸ਼ਾਸ਼ਨ ਅਤੇ ਐਸ ਐਚ ਓ ਮੇਹਟੀਆਣਾ ਨੇ ਕਾਫੀ ਜਦੋ ਜਹਿਦ ਕੀਤੀ ਅਤੇ ਲਗਾਤਾਰ ਧਰਨਾਕਾਰੀਆ ਨਾਲ ਰਾਬਤਾ ਬਨਾਈ ਰੱਖਿਆ ਅੰਤ ਵਿੱਚ ਨਵਦੀਪ ਸਿੰਘ ਨਾਇਬ ਤਹਿਸੀਲਦਾਰ ਹੁਸ਼ਿਆਰਪੁਰ ਨੇ ਧਰਨਾਕਾਰੀਆ ਨੂੰ ਭਰੋਸੇ ਵਿੱਚ ਲੈਂਦੇ ਹੋਏ ਧਰਨਾ 4 ਦਿਨਾਂ ਲਈ ਸਮਾਪਤ ਕਰਵਾਇਆ।

ਇਨੋਸੈਂਟ ਹਾਰਟਸ ਸਕੂਲ ਵੱਲੋਂ ਸਰਵਾਈਕਲ ਕੈਂਸਰ ਬਾਰੇ ਜਾਗਰੂਕਤਾ ਸੈਮੀਨਾਰ

ਜਲੰਧਰ (ਸ਼ੈਲੀ ਐਲਬਰਟ)-ਸਿਹਤ ਨੂੰ ਪਹਿਲ ਦੇ ਤੌਰ 'ਤੇ ਰੱਖਣਾ, ਦਿਸ਼ਾ: ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਏ ਅਤੇ ਪ੍ਰਬੰਧਿਤ ਇੱਕ ਪਹਿਲ ਨੇ ਸਰਵਾਈਕਲ ਕੈਂਸਰ ਬਾਰੇ ਜਾਗਰੂਕਤਾ ਲਈ ਸੈਮੀਨਾਰ ਦਾ ਆਯੋਜਨ ਕੀਤਾ।ਇਸ ਸੈਮੀਨਾਰ ਵਿੱਚ ਇੰਨੋਸੈਂਟ ਹਾਰਟਸ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।ਇਸ ਦਾ ਆਯੋਜਨ ਫੁਲਕਾਰੀ, ਕੋਨਕਰ ਕੈਂਸਰ ਆਰਗੇਨਾਈਜੇਸ਼ਨ ਦੇ ਸਹਿਯੋਗ ਨਾਲ ਕੀਤਾ ਗਿਆ ਸੀ।ਇਸ ਸਮਾਗਮ ਦਾ ਉਦੇਸ਼ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦੀ ਛੇਤੀ ਪਛਾਣ ਅਤੇ ਰੋਕਥਾਮ ਦੇ ਮਹੱਤਵ ਬਾਰੇ ਲੜਕੀਆਂ ਅਤੇ ਔਰਤਾਂ ਨੂੰ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਸ਼ਕਤੀ ਪ੍ਰਦਾਨ ਕਰਨਾ ਸੀ। ਸੈਮੀਨਾਰ ਦੌਰਾਨ ਸ਼੍ਰੀਮਤੀ ਦੀਪਤੀ ਸਰਦਾਨਾ, (ਕੋਨਕਰ ਕੈਂਸਰ ਪ੍ਰੋਗਰਾਮ ਦੀ ਮੁਖੀ), ਡਾ. ਅਮਿਤਾ ਸ਼ਰਮਾ, ਪ੍ਰਸਿੱਧ (ਗਾਇਨੀਕੋਲੋਜਿਸਟ ਅਤੇ ਕਨਕਰ ਕੈਂਸਰ ਪ੍ਰੋਗਰਾਮ ਦੇ ਤਕਨੀਕੀ ਮੁਖੀ), ਸ਼੍ਰੀਮਤੀ ਪੂਜਾ ਅਰੋੜਾ - (ਵਿਸ਼ੇਸ਼ ਸਿੱਖਿਅਕ ਅਤੇ ਫੈਸੀਲੀਟੇਟਰ ਕਨਕਰ ਕੈਂਸਰ ਪ੍ਰੋਗਰਾਮ), ਸ਼੍ਰੀਮਤੀ ਅਦਵਿਤਾ ਤਿਵਾੜੀ (ਉਪਪ੍ਰਧਾਨ - ਫੁਲਕਾਰੀ ਜਲੰਧਰ) ਸ਼੍ਰੀਮਤੀ ਮੋਨਲ ਕਲਸੀ (ਸਕੱਤਰ ਫੁਲਕਾਰੀ) ਆਦਿ। ਪ੍ਰਸਿੱਧ ਮਾਹਿਰਾਂ ਨੇ ਸਰਵਾਈਕਲ ਕੈਂਸਰ ਦੇ ਕਾਰਨਾਂ ਅਤੇ ਲੱਛਣਾਂ, ਟੀਕਾਕਰਨ ਅਤੇ ਸਕ੍ਰੀਨਿੰਗ ਦੀ ਮਹੱਤਤਾ, ਰੋਕਥਾਮ ਲਈ ਸਿਹਤਮੰਦ ਜੀਵਨ ਸ਼ੈਲੀ ਦੇ ਵਿਕਲਪ, ਨਵੀਨਤਮ ਡਾਕਟਰੀ ਤਰੱਕੀ ਅਤੇ ਇਲਾਜ ਦੇ ਵਿਕਲਪਾਂ ਬਾਰੇ ਕੀਮਤੀ ਸੂਝ ਅਤੇ ਦਿਸ਼ਾ-ਨਿਰਦੇਸ਼ ਸਾਂਝੇ ਕੀਤੇ। ਡਾ: ਪਲਕ ਗੁਪਤਾ ਬੌਰੀ, ਸੀ ਐਸ ਆਰ ਡਾਇਰੈਕਟਰ, ਇੰਨੋਸੈਂਟ ਹਾਰਟਸ, ਨੇ ਨੋਟ ਕੀਤਾ ਕਿ ਇਹ ਪਹਿਲ ਜਾਗਰੂਕਤਾ ਫੈਲਾਉਣ ਅਤੇ ਔਰਤਾਂ ਦੀ ਸਿਹਤ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਹੈ। ਅਸੀਂ ਇੱਕ ਸਿਹਤਮੰਦ ਸਮਾਜ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹਾਂ।ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਫੁਲਕਾਰੀ ਕਨਕਰ ਕੈਂਸਰ ਦਾ ਮਿਸ਼ਨ ਸਾਡੇ ਸਕੂਲ ਦੀਆਂ ਕਦਰਾਂ-ਕੀਮਤਾਂ ਦੇ ਅਨੁਸਾਰ ਸਿੱਖਿਆ ਅਤੇ ਵਕਾਲਤ ਰਾਹੀਂ ਕੈਂਸਰ ਨਾਲ ਲੜਨਾ ਹੈ।

ਹਰਿਆਣਾ ਸਾਰੇ ਸੂਬਿਆਂ 'ਚ ਮੋਹਰੀ ਬਣੇ, ਇਸ ਦਿਸ਼ਾ 'ਚ ਕੀਤੇ ਜਾਣਗੇ ਕੰਮ : ਰਾਜੇਸ਼ ਨਾਗਰ

ਚੰਡੀਗੜ੍ਹ (ਕ੍ਰਿਸ਼ਨ ਗਰਗ) ਹਰਿਆਣਾ ਦੇ ਰਾਜਮੰਤਰੀ ਰਾਜੇਸ਼ ਨਾਗਰ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਇਕ ਵਿਜਨ ਦੇ ਨਾਲ ਹਰਿਆਣਾ ਨੂੰ ਵਿਕਸਿਤ ਹਰਿਆਣਾ ਬਨਾਉਣ ਦਾ ਕੰਮ ਕੀਤਾ ਜਾਵੇਗਾ ਅਤੇ ਹਰਿਆਣਾ ਸਾਰੇ ਸੂਬਿਆਂ ਵਿੱਚ ਮੋਹਰੀ ਹੋਵੇ ਇਸ ਦਿਸ਼ਸ਼ ਵਿਚ ਕੰਮ ਕੀਤੇ ਜਾਣਗੇ।ਰਾਜ ਮੰਤਰੀ ਰਾਜੇਸ਼ ਨਾਗਰ ਕਿੰਗਫਿਸ਼ਸ਼ ਸੈਰ-ਸਪਾਟਾ ਸਥਾਨ ਅੰਬਾਲਾ ਸ਼ਸ਼ਹਰ ਵਿਚ ਪੱਤਰਕਾਰਾਂ ਨਾਲ ਗਲਬਾਤ ਕਰ ਰਹੇ ਸਨ।ਰਾਜ ਮੰਤਰੀ ਨੇ ਕਿਹਾ ਕਿ ਡਬਲ ਇੰਜਨ ਦੀ ਸਰਕਾਰ ਕੇਂਦਰ ਤੇ ਸੂਬੇ ਵਿਚ ਤੀਜੀ ਵਾਰ ਬਣੀ ਹੈ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿਚ ਹਰ ਵਰਗ ਦੇ ਉਥਾਨ ਲਈ ਕੰਮ ਕੀਤੇ ਜਾਣਗੇ।

ਮਨਸੂਰਪੁਰ ਦੀ ਨਵੀਂ ਚੁਣੀ ਪੰਚਾਇਤ ਨੂੰ ਸਰਟੀਫਿਕੇਟ ਦਿੱਤੇ

ਫਿਲੌਰ-(ਨਿਰਮਲ) ਪਿੰਡ ਮਨਸੂਰਪੁਰ ਦੀ ਨਵੀਂ ਚੁਣੀ ਗਈ ਪੰਚਾਇਤ ਨੂੰ ਰਿਟਰਨਿੰਗ ਅਫ਼ਸਰ ਜਗਦੀਪ ਸਿੰਘ ਵੱਲੋਂ ਸਰਟੀਫਿਕੇਟ ਦਿੱਤਾ ਗਿਆ।ਇਸ ਮੌਕੇ ਪਿੰਡ ਦੇ ਸਮੂਹ ਵਾਸੀਆਂ ਦਾ ਸਰਪੰਚਨੀ ਬੀਬੀ ਪਰਮਜੀਤ ਕੌਰ ਨੇ ਧੰਨਵਾਦ ਕੀਤਾ ਅਤੇ ਕਿਹਾ ਕਿ ਅਸੀਂ ਤਨ ਮਨ ਨਾਲ ਪਿੰਡ ਦੇ ਵਿਕਾਸ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਨੇਪਰੇ ਚਾੜ੍ਹਨਗੇ। ਇਸ ਮੌਕੇ ਸੁੱਚਾ ਰਾਮ ਨੰਬਰਦਾਰ, ਦਲਜੀਤ ਸਿੰਘ ਧਾਰੀਵਾਲ, ਕੁਲਦੀਪ ਸਿੰਘ ਧਾਰੀਵਾਲ, ਰਾਕੇਸ਼ ਕੁਮਾਰ, ਰਾਮਦਾਸ, ਹਰਪ੍ਰੀਤ ਸਿੰਘ, ਮਨਜੀਤ ਸਿੰਘ ਧਾਰੀਵਾਲ, ਜੁਝਾਰ ਸਿੰਘ ਸਿੱਧੂ, ਹਰਦੀਪ ਸਿੰਘ ਦੀਪਾ, ਨੰਬਰਦਾਰ ਅਮਰੀਕ ਸਿੰਘ, ਮੋਹਨ ਲਾਲ, ਲਖਵੀਰ ਸਿੰਘ ਅਤੇ ਹੋਰ ਹਾਜ਼ਰ ਸਨ।

ਦਰਗਾਹ ਅਹੀਆਪੁਰ ਵਿਖੇ ਮੇਲਾ 24 ਨੂੰ, ਪੋਸਟਰ ਰਿਲੀਜ਼

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਬਿਰ ਪਾਕ ਸੱਚੀ ਦਰਗਾਹ ਅਹਿਆਪੁਰ ਦੂਸਰਾ ਕਲੀਅਰ ਸ਼ਰੀਫ ਵਿਖੇ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਦੀ ਅਗਵਾਈ ਵਿੱਚ ਹਜ਼ਰਤ ਸਰਕਾਰ ਸਾਬਿਰ ਪਾਕ ਦੀ ਯਾਦ ਨੂੰ ਸਮਰਪਿਤ 20ਵਾਂ ਸਾਲਾਨਾ ਜੋੜ ਮੇਲਾ 24 ਅਕਤੂਬਰ ਨੂੰ ਬੜੀ ਧੂਮਧਾਮ ਅਤੇ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ।ਇਸ ਸੰਬੰਧੀ ਬਾਬਾ ਸ਼ੇਰ ਸਿੰਘ ਜੀ ਅਤੇ ਦਰਗਾਹ ਦੇ ਸੇਵਾਦਾਰਾਂ ਵੱਲੋਂ ਅੱਜ ਪੋਸਟਰ ਜਾਰੀ ਕੀਤਾ ਗਿਆ।ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾ. ਮੀਰਾ ਹਸਨ, ਦੇਵੀਕਾ, ਰਾਜੇਸ਼ ਜਸਰਾ, ਸੂਬੇਦਾਰ ਮੇਜਰ ਸੁਰਿੰਦਰ ਸਿੰਘ, ਨਸੀਬ ਸਿੰਘ, ਵਿਨੋਦ ਰਾਜਸਥਾਨੀ, ਜੀਤ ਰਾਮ, ਦੌਲਤ ਰਾਮ, ਤਰਸੇਮ ਲਾਲ ਜੰਮੂ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

ਅੱਖਾਂ ਦਾ ਫ੍ਰੀ ਮੈਡੀਕਲ ਕੈਂਪ

ਅਲਾਵਲਪੁਰ (ਮਦਨ ਭੰਗੜ)- ਮੇਨ ਬਾਜ਼ਾਰ ਗੀਤਾ ਭਵਨ ਅਲਾਵਲਪੁਰ ਵਿਖੇ ਅੱਖਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ।ਸਨਾਤਨ ਧਰਮ ਮਹਾਂਵੀਰ ਦਲ, ਗੀਤਾ ਭਵਨ, ਅਲਾਵਲਪੁਰ ਵਲੋਂ ਲਾਈਨ ਕਲੱਬ ਦੇ ਸਹਿਯੋਗ ਨਾਲ ਅੱਖਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਵਿੱਚ ਅੱਖਾਂ ਦੇ ਮਾਹਰ ਡਾ. ਕੁਲਦੀਪ ਸਿੰਘ ਵੱਲੋਂ 63 ਮਰੀਜਾਂ ਦਾ ਚੈੱਕਅਪ ਕੀਤਾ ਗਿਆ।ਇਸ ਦੌਰਾਨ ਮਰੀਜ਼ਾਂ ਨੂੰ ਦਵਾਈ ਮੁਫਤ ਦਿੱਤੀ ਗਈ।ਕੈਂਪ ਦੌਰਾਨ ਮਾਹਰ ਡਾਕਟਰਾਂ ਦੀ ਟੀਮ ਵੱਲੋਂ 26 ਮਰੀਜਾਂ ਦਾ ਅੱਖਾਂ ਦਾ ਅਪਰੇਸ਼ਨ ਕਰਨ ਲਈ ਕਿਹਾ ਗਿਆ।ਇਸ ਮੌਕੇ ਲਾਈਨ ਕਲੱਬ ਦੇ ਮੈਂਬਰ ਦਸ਼ਵਿੰਦਰ ਕੁਮਾਰ, ਰਘਵੀਰ ਸਿੰਘ ਬਿਰਦੀ, ਰਾਹੁਲ ਸ਼ਰਮਾ ਬਲੌਂ ਕੈਂਪ ਦੌਰਾਨ ਵਿਸ਼ੇਸ਼ ਸੇਵਾਵਾਂ ਨਿਭਾਈਆਂ ਗਈਆਂ।ਇਸ ਮੌਕੇ ਸਨਾਤਨ ਧਰਮ ਮਹਾਂਵੀਰ ਦਲ ਦੇ ਪ੍ਰਧਾਨ ਰੰਜੀਵ ਪਾਂਜਾ, ਮੀਤ ਪ੍ਰਧਾਨ ਰਵਿੰਦਰ ਪੂਰੀ, ਨਵਜੀਤ ਸੇਠੀ, ਸਾਹਿਲ ਕੁਮਾਰ ਹਾਜ਼ਰ ਸਨ।ਵਿਸ਼ੇਸ਼ ਤੌਰ 'ਤੇ ਜਗਦੀਸ਼ ਜੱਸਲ ਵਿਧਾਨ ਸਭਾ ਆਦਮਪੁਰ, ਵਿਜੈ ਕੁਮਾਰ ਰਾਣਾ (ਮੰਡਲ ਪ੍ਰਧਾਨ ਭਾਜਪਾ ਅਲਾਵਲਪੁਰ), ਗੁਰਪਾਲ ਲਾਲ, ਹਾਜ਼ਰ ਹੋਏ।

ਅਮਰਜੀਤ ਸਿੰਘ ਬਹੂਆ ਦੇ ਪੰਚ ਚੁਣੇ

ਬੰਗਾ (ਅਵਤਾਰ ਕਲੇਰ) ਨਜ਼ਦੀਕੀ ਪਿੰਡ ਬਹੂਆ ਵਿਖੇ ਅਮਰਜੀਤ ਸਿੰਘ ਅੰਬਾ ਵਾਰਡ ਨੰਬਰ 4 ਤੋਂ ਮੈਂਬਰ ਪੰਚਾਇਤ ਚੁਣੇ ਗਏ।ਉਹਨਾਂ ਸਮੂਹ ਵੋਟਰਾਂ ਅਤੇ ਸਪੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਸਾਰਿਆਂ ਨੇ ਮੇਰਾ ਸਾਥ ਦਿੱਤਾ।ਮੈਂ ਹਮੇਸ਼ਾ ਸਾਰਿਆਂ ਦਾ ਰਿਣੀ ਰਹਾਂਗਾ ਅਤੇ ਆਪਣੇ ਵਾਰਡ ਅਤੇ ਪਿੰਡ ਦੇ ਵਿਕਾਸ ਲਈ ਤਤਪਰ ਰਹਾਂਗਾ।

ਜੋਗਿੰਦਰ ਸਿੰਘ ਨੇ ਬਸੀ ਜਲਾਲ ਦੇ ਵੋਟਰਾਂ ਦਾ ਕੀਤਾ ਧੰਨਵਾਦ

ਅੱਡਾ ਸਰਾਂ (ਜਸਵੀਰ ਕਾਜਲ) ਪਿੰਡ ਬਸੀ ਜਲਾਲ ਦੇ ਵੋਟਰਾਂ ਨੇ ਮੈਨੂੰ ਬਹੁਤ ਮਾਣ ਦਿੱਤਾ ਅਤੇ ਮੇਰੇ ਲਈ ਸਖ਼ਤ ਮਿਹਨਤ ਕੀਤੀ ਹੈ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਰਿਟਾਇਰ ਏ ਐਸ ਆਈ ਜੋਗਿੰਦਰ ਸਿੰਘ ਨੇ ਸਥਾਨਕ ਪੱਤਰਕਾਰਾਂ ਨਾਲ ਗਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਮੈਨੂੰ ਸਰਪੰਚ ਦੇ ਉਮੀਦਵਾਰ ਚੋਣ ਮੌਕੇ ਮੇਰੇ ਵੋਟਰਾਂ ਨੇ ਬਹੁਤ ਸਖ਼ਤ ਮਿਹਨਤ ਕੀਤੀ ਹੈ ਮੈਂ ਭਾਵੇਂ ਥੋੜ੍ਹੀਆ ਵੋਟਾਂ ਨਾਲ ਅਸਫਲ ਰਿਹਾ ਹਾਂ, ਪਰ ਫਿਰ ਵੀ ਮੈਂ ਵੋਟਰਾਂ ਦੇ ਮੋਢੇ ਨਾਲ ਮੋਢਾ ਲਾ ਕੇ ਚੱਟਾਨ ਵਾਂਗ ਖੜ੍ਹਾ ਹਾਂ ਅਤੇ ਮੈਂ ਆਪਣੇ ਵੋਟਰਾਂ ਦੀ ਸੇਵਾ ਵਿਚ ਹਰ ਸਮੇਂ ਤਤਪਰ ਹਾਂ।ਮੈਂ ਵੋਟਰਾਂ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਮੇਰਾ ਬਹੁਤ ਸਾਥ ਦਿੱਤਾ।

ਸ੍ਰੀ ਗੁਰੂ ਰਾਮਦਾਸ ਦਾ 490ਵਾਂ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

ਮੋਹਾਲੀ (ਗੁਰਜੀਤ ਬਿੱਲਾ) ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਚੌਥੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ 490ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਮਲਕੀਤ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਚੌਥੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਦਾ ਜੀਵਨ ਬ੍ਰਿਤਾਂਤ ਅਤੇ ਗੁਰੂ ਸਾਹਿਬਾਨ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਕਰਵਾਉਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ 1 ਨਵੰਬਰ ਨੂੰ ਬੰਦੀ ਛੋੜ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ।

ਪਿਪਸ ਸਕੂਲ ਦੀ ਵਿਦਿਆਰਥਣ ਨੇ ਨੀਟ ਦੀ ਪ੍ਰੀਖਿਆ ਕੀਤੀ ਪਾਸ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੰਬੀ): ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ ਨੀਟ ਦੀ ਪ੍ਰੀ

21-Oct-PAGE-9.qxd 10/20/2024 10:19 PM Page 1

ਮੁਖਤਿਆਰ ਸਿੰਘ ਹੇਰ ਤੀਸਰੀ ਵਾਰ ਹੇਰਾਂ ਦੇ ਸਰਪੰਚ ਬਣੇ

ਕਾਲਾ ਸੰਘਿਆਂ (ਮਨਜੀਤ ਮਾਨ) ਬਲਾਕ ਨਕੋਦਰ ਅਧੀਨ ਪੈਂਦੇ ਪਿੰਡ ਹੇਰਾਂ ਵਿਖੇ ਪੰਚਾਇਤੀ ਚੋਣ ਦੌਰਾਨ ਕਾਂਗਰਸ ਪਾਰਟੀ ਦੇ ਉਮੀਦਵਾਰ ਮੁਖਤਿਆਰ ਸਿੰਘ ਹੇਰ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਨੇਕ ਸਿੰਘ ਨੇਕਾ ਵਿਚਕਾਰ ਸਖਤ ਮੁਕਾਬਲਾ ਸੀ।ਜਿਕਰਯੋਗ ਹੈ ਕਿ ਜਿਸ ਦਾ ਨਤੀਜਾ ਕਾਫੀ ਹਨੇਰੇ ਸੁਣਨ ਨੂੰ ਮਿਲਿਆ।

ਕਾਂਗਰਸ ਪਾਰਟੀ ਪੱਖੀ ਉਮੀਦਵਾਰ ਮੁਖਤਿਆਰ ਸਿੰਘ ਹੇਰ ਪਿੰਡ ਹੇਰਾਂ ਦੇ ਤੀਸਰੀ ਵਾਰ ਸਰਪੰਚ ਚੁਣੇ ਗਏ।ਮੁਖਤਿਆਰ ਸਿੰਘ ਹੇਰ ਨੇ ਸਰਪੰਚੀ ਦੀ ਚੋਣ ਜਿੱਤਣ ਉਪਰੰਤ ਪ੍ਰੈਸ ਨਾਲ ਗੱਲਬਾਤ ਕਰਦਿਆ ਪੂਰੇ ਨਗਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਬਹੁਤ ਸੰਮਤੀ ਨਾਲ ਪੰਚਾਇਤ ਦੇ ਪੰਚ ਵੀ ਚੁਣੇ ਗਏ ਹਨ।ਜਿਸ ਵਿੱਚ ਹਰਦੀਪ ਸਿੰਘ ਦੀਪਾ ਹੇਅਰ, ਹਰਜੋਬਨ ਕੁਮਾਰ, ਸੰਤੋਸ਼ ਰਾਣੀ ਉਰਫ ਪਿੰਕੀ, ਨਿਰਮਲਜੀਤ ਕੌਰ ਹੇਅਰ, ਕੁਲਵੰਤ ਸਿੰਘ ਹੇਅਰ, ਮਨਦੀਪ ਕੌਰ ਹੇਅਰ, ਬਲਵੀਰ ਕੌਰ, ਸਰਤਾਜ ਬਿੱਟਾ ਤੇ ਖੁਸ਼ਵਿੰਦਰ ਸਿੰਘ ਛਿੰਦਾ ਮੈਂਬਰ ਪੰਚਾਇਤ ਚੁਣੇ ਗਏ। ਸਰਪੰਚ ਮੁਖਤਿਆਰ ਸਿੰਘ ਨੇ ਹੋਰ ਆਖਿਆ ਕਿ ਪਿੰਡ ਦੇ ਵਿਕਾਸ ਕਾਰਜਾ ਨੂੰ ਤਰਜੀਹ ਪਹਿਲ ਦੇ ਅਧਾਰ 'ਤੇ ਦਿੱਤੀ ਜਾਵੇਗੀ।

ਪੰਜਾਬ ਲਲਿਤ ਕਲਾ ਅਕਾਦਮੀ ਦਾ ਪੁਨਰਗਠਨ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਲਲਿਤ ਕਲਾ ਅਕਾਦਮੀ ਦੀ ਜਨਰਲ ਕੌਂਸਲ ਦੀ ਮੀਟਿੰਗ ਅਕਾਦਮੀ ਦੇ ਪ੍ਰਧਾਨ ਗੁਰਦੀਪ ਧੀਮਾਨ, ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਅਤੇ ਪੰਜਾਬ ਕਲਾ ਪ੍ਰੀਸ਼ਦ ਦੇ ਸਕੱਤਰ ਡਾ. ਰਵੇਲ ਸਿੰਘ ਦੀ ਅਗਵਾਈ ਹੇਠ ਕੀਤੀ ਗਈ।ਮੀਟਿੰਗ ਵਿੱਚ ਸਰਬਸੰਮਤੀ ਨਾਲ ਸੁਮੀਤ ਦੂਆ ਨੂੰ ਮੀਤ ਪ੍ਰਧਾਨ ਅਤੇ ਪੋਸਟ ਗਰੈਜੂਏਟ ਸਰਕਾਰੀ ਕਾਲਜ ਲੜਕੀਆਂ ਦੇ ਡਾ. ਜਸਪਾਲ ਕਮਾਣਾ ਨੂੰ ਅਕਾਦਮੀ ਦੇ ਸਕੱਤਰ ਚੁਣਿਆ ਗਿਆ।

ਇਸ ਤੋਂ ਇਲਾਵਾ ਅਕਾਦਮੀ ਦੀ ਕਾਰਜਕਾਰਨੀ ਕਮੇਟੀ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਜਸਕੰਵਲਜੀਤ ਕੌਰ, ਅਸ਼ਵਨੀ ਵਰਮਾ, ਬਾਸੁਦੇਵ ਬਿਸਵਾਸ ਅਤੇ ਕਮਲ ਸੋਹਲ ਦੀ ਚੋਣ ਕੀਤੀ ਗਈ।ਅਕਾਦਮੀ ਦੀ ਜਨਰਲ ਕੌਂਸਲ ਦੇ ਮੈਂਬਰ ਸਾਹਿਬਾਨ ਸਤਵੰਤ ਸਿੰਘ ਸੁਮੇਲ, ਬ੍ਰਿਜੇਸ਼ ਜੱਲੀ, ਪ੍ਰਵੀਨ ਕੁਮਾਰ ਅਤੇ ਸੁਭਾਸ ਭਾਸਕਰ ਵੀ ਮੌਜੂਦ ਰਹੇ।ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਅਤੇ ਸਕੱਤਰ ਡਾ. ਰਵੇਲ ਸਿੰਘ ਨੇ ਸਮੁੱਚੇ ਨਾਮਜ਼ਦ ਮੈਂਬਰਾਂ ਨੂੰ ਵਧਾਈ ਦਿੱਤੀ।ਉਨ੍ਹਾਂ ਨੇ ਪੰਜਾਬ ਲਲਿਤ ਕਲਾ ਅਕਾਦਮੀ ਅਤੇ ਪੰਜਾਬ ਕਲਾ ਪ੍ਰੀਸ਼ਦ ਦੀਆਂ ਅਗਲੇਰੇ ਸਮਾਰੋਹਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ।ਅਕਾਦਮੀ ਦੇ ਪ੍ਰਧਾਨ ਗੁਰਦੀਪ ਧੀਮਾਨ ਨੇ ਕਿਹਾ ਕਿ ਅਕਾਦਮੀ ਦੀ ਨਵੀਂ ਬਣੀ ਸਮੁੱਚੀ ਟੀਮ ਤਨਦੇਹੀ ਨਾਲ ਸਭ ਨਾਲ ਮਿਲ ਕੇ ਪੂਰੀ ਇਮਾਨਦਾਰੀ ਨਾਲ ਕੰਮ ਕਰੇਗੀ।

ਬਲਾਕ ਪੱਧਰੀ ਮਿੰਨੀ ਪ੍ਰਾਇਮਰੀ ਖੇਡਾਂ ਕਲੱਸਟਰ ਟਿੱਬਾ ਵਿਖੇ ਸ਼ਾਨੋ-ਸ਼ੌਕਤ ਨਾਲ ਸੰਪੰਨ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)- ਸਿੱਖਿਆ ਵਿਭਾਗ ਪੰਜਾਬ ਦੁਆਰਾ ਪਹਿਲੀ ਤੋਂ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਵਿੱਦਿਆ ਦੇ ਨਾਲ ਨਾਲ ਖੇਡਾਂ ਨਾਲ ਜੋੜਨ ਤੇ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆ ਦੇ ਉਦੇਸ਼ ਤਹਿਤ ਬਲਾਕ ਮਸੀਤਾਂ ਦੁਆਰਾ 45ਵੀਆਂ ਮਿੰਨੀ ਪ੍ਰਾਇਮਰੀ ਬਲਾਕ ਪੱਧਰੀ ਖੇਡਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਮਮਤਾ ਬਜਾਜ ਦੇ ਨਿਰਦੇਸ਼ਾਂ 'ਤੇ ਬਲਾਕ ਸਿੱਖਿਆ ਅਧਿਕਾਰੀ ਕਮਲਜੀਤ ਦੀ ਅਗਵਾਈ ਤੇ ਸੈਂਟਰ ਹੈੱਡ ਟੀਚਰ ਬਲਵਿੰਦਰ ਸਿੰਘ ਅਤੇ ਬਲਾਕ ਸਪੋਰਟਸ ਇੰਚਾਰਜ ਮੇਜਰ ਸਿੰਘ ਪੀ ਟੀ ਆਈ ਦੀ ਦੇਖ ਰੇਖ ਹੇਠ ਸਮੂਹ ਗ੍ਰਾਮ ਪੰਚਾਇਤ ਟਿੱਬਾ ਤੇ ਬਲਾਕ ਦੇ ਸਮੂਹ ਅਧਿਆਪਕਾਂ ਦੇ ਸਾਂਝੇ ਸਹਿਯੋਗ ਨਾਲ ਯਾਦਗਾਰੀ ਹੋ ਨਿਬੜੀਆਂ।ਇਸ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਸਰਪੰਚ ਜਸਪ੍ਰੀਤ ਕੌਰ ਤੇ ਦਲਵਿੰਦਰ ਸਿੰਘ, ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਰਮਿੰਦਰ ਸਿੰਘ ਜੋਸਨ ਜ਼ਿਲ੍ਹਾ ਕੋਆਰਡੀਨੇਟਰ ਮਿਸ਼ਨ ਸਮਰੱਥ, ਜੋਗਿੰਦਰ ਸਿੰਘ ਅਮਾਨੀਪੁਰ, ਬਲਜੀਤ ਸਿੰਘ ਬੱਬਾ (ਦੋਵੇਂ ਸਾਬਕਾ ਜ਼ਿਲ੍ਹਾ ਕੋਆਰਡੀਨੇਟਰ ਖੇਡਾਂ) ਨੇ ਸ਼ਿਰਕਤ ਕੀਤੀ।ਇਸ ਦੌਰਾਨ ਹੋਏ ਕਬੱਡੀ ਲੜਕਿਆਂ ਦੇ ਵਿੱਚ ਕਲੱਸਟਰ ਡਡਵਿੰਡੀ, ਕਲੱਸਟਰ ਮੁਹੱਬਲੀਪੁਰ, ਕਬੱਡੀ ਲੜਕੀਆਂ ਦੇ ਵਿੱਚ ਕਲੱਸਟਰ ਮੁਹੱਬਲੀਪੁਰ, ਕਲੱਸਟਰ ਬਿਧੀਪੁਰ, ਕਬੱਡੀ ਲੜਕਿਆਂ ਵਿੱਚ ਕਲੱਸਟਰ ਮੇਵਾ ਸਿੰਘ ਵਾਲਾ, ਕਲੱਸਟਰ ਸੁਲਤਾਨਪੁਰ ਲੋਧੀ (ਲੜਕੀਆਂ) ਦੇ ਵੱਖ ਵੱਖ ਖਿਡਾਰੀਆਂ ਦੇ ਰੌਚਕ ਮੁਕਾਬਲੇ ਦੇਖਣ ਨੂੰ ਮਿਲੇ।ਇਸੇ ਪ੍ਰਕਾਰ ਖੋ-ਖੋ ਲੜਕਿਆਂ ਵਿੱਚ ਕਲੱਸਟਰ ਠੱਟਾ ਨਵਾਂ ਦੇ ਖਿਡਾਰੀ ਪੂਰੇ ਉਤਸ਼ਾਹ ਨਾਲ ਖੇਡੇ।ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਟੀਮਾਂ ਨੂੰ ਸਰਪੰਚ ਜਸਪ੍ਰੀਤ ਕੌਰ, ਬਲਵਿੰਦਰ ਕੌਰ, ਹਰਨਿੰਦਰ ਕੌਰ, ਜਤਿੰਦਰ ਸਿੰਘ, ਦਰਸ਼ਨ ਕੌਰ, ਸੁਖਦੇਵ ਸਿੰਘ, ਗੁਰਮੀਤ ਕੌਰ, ਪਰਮਜੀਤ ਕੌਰ, ਬਖਸ਼ੀਸ਼ ਸਿੰਘ (ਸਾਰੇ ਪੰਚ), ਦਲਵਿੰਦਰ ਸਿੰਘ ਆਦਿ ਨੇ ਸਾਂਝੇ ਤੌਰ ਤੇ ਅਸ਼ੀਰਵਾਦ ਦਿੱਤਾ।ਟੂਰਨਾਮੈਂਟ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਹੈੱਡ ਟੀਚਰ ਸੁਖਚੈਨ ਸਿੰਘ ਬੱਧਣ ਨੇ ਬਾਖੂਬੀ ਨਿਭਾਈ।

ਡਾ. ਚੱਬੇਵਾਲ ਵੱਲੋਂ ਦਾਣਾ ਮੰਡੀ ਦਾ ਅਚਨਚੇਤ ਦੌਰਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ) ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਲੋਕ ਸਭਾ ਵੱਲੋਂ ਫੁਗਲਾਣਾ ਦਾਣਾ ਮੰਡੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਇਸ ਸਮੇਂ ਉਨ੍ਹਾ ਨਾਲ ਡਾਕਟਰ ਇਸ਼ਾਂਤ ਚੱਬੇਵਾਲ ਨੇ ਵੀ ਵਿਸ਼ੇਸ਼ ਸ਼ਿਰਕਤ ਕੀਤੀ।ਡਾਕਟਰ ਰਾਜ ਕੁਮਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਨ ਹੇਠ, ਡੀ ਐਫ ਸੀ ਸਤਿਬੀਰ ਸਿੰਘ ਮਾਵੀ ਦੀ ਰਹਿਨੁਮਾਈ ਹੇਠ ਇੰਸਪੈਕਟਰ ਪਨਗ੍ਰੇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਵੱਲੋਂ ਕੀਤੀ ਜਾ ਰਹੀ ਝੋਨੇ ਦੀ ਸਮੇਂ ਸਿਰ ਖਰੀਦ ਅਤੇ ਚੁੱਕਾਈ 'ਤੇ ਤਸੱਲੀ ਪ੍ਰਗਟਾਈ ਅਤੇ ਕਿਸਾਨਾਂ ਨਾਲ ਪੂਰੀ ਤਰ੍ਹਾਂ ਸਹਿਯੋਗ ਕਰਨ ਅਤੇ ਹਰ ਤਰਾਂ ਦੀ ਮੁਸ਼ਕਲ ਦੂਰ ਕਰਨ ਲਈ ਹਦਾਇਤਾਂ ਜਾਰੀ ਕੀਤੀਆ। ਇਸ ਸਮੇਂ ਆੜ੍ਹਤੀਏ ਜੀਤ ਸਿੰਘ ਧਾਮੀ, ਜੁਗਿੰਦਰ ਪਾਲ ਸਿੰਘ, ਮਨਪ੍ਰੀਤ ਸਿੰਘ ਅਤੇ ਫੁਗਲਾਣਾ ਦੇ ਨਵੇਂ ਚੁਣੇ ਗਏ ਸਰਪੰਚ ਬਿਪਿਨ ਠਾਕੁਰ ਨੇ ਵੀ ਵਿਸ਼ੇਸ਼ ਹਾਜ਼ਰੀ ਲਗਵਾਈ। ਡਾਕਟਰ ਰਾਜਕੁਮਾਰ ਚੱਬੇਵਾਲ ਵੱਲੋਂ ਬਿਪਿਨ ਠਾਕੁਰ ਨੂੰ ਸਰਪੰਚ ਚੁਣੇ ਜਾਣ 'ਤੇ ਮੁਬਾਰਕਬਾਦ ਦਿੰਦਿਆਂ, ਪਿੰਡ ਦੇ ਵਿਕਾਸ ਕਾਰਜਾ ਵਾਸਤੇ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਗਿਆ ।

ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਦੇ ਰੋਸ ਵਜੋਂ 27 ਨੂੰ ਝੰਡਾ ਮਾਰਚ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਪੱਧਰੀ ਆਨ ਲਾਈਨ ਮੀਟਿੰਗ ਜਸਵੀਰ ਸਿੰਘ ਤਲਵਾੜਾ ਦੀ ਪ੍ਰਧਾਨਗੀ ਹੇਠ ਹੋਈ।ਕਮੇਟੀ ਨੇ ਪੰਜਾਬ ਸਰਕਾਰ ਦੇ ਲਾਰਾ ਲਾਊ ਰੱਵਈਆ ਦਾ ਸਖਤ ਨੋਟਿਸ ਲੈਂਦਿਆਂ ਸੂਬਾ ਪੱਧਰੀ ਐਕਸ਼ਨਾਂ ਦਾ ਐਲਾਨ ਕਰਦਿਆਂ, ਸਰਕਾਰ ਖ਼ਿਲਾਫ਼ ਮੋਰਚਾ ਖੋਲ ਦਿੱਤਾ ਹੈ।ਪ੍ਰੈਸ ਨੋਟ ਜ਼ਾਰੀ ਕਰਦਿਆਂ ਸੂਬਾਈ ਆਗੂਆਂ ਨੇ ਦੱਸਿਆ ਕਿ 27 ਅਕਤੂਬਰ ਨੂੰ ਚਾਰੇ ਜਿਮਨੀ ਚੋਣ ਹਲਕਿਆਂ ਚੱਬੇਵਾਲ, ਡੇਰਾ ਬਾਬਾ ਨਾਨਕ, ਬਰਨਾਲਾ ਅਤੇ ਗਿੱਦੜਬਾਹਾ ਵਿੱਚ ਰੈਲੀਆਂ ਕਰ ਝੰਡਾ ਮਾਰਚ ਕਰ ਪੰਜਾਬ ਸਰਕਾਰ ਚੋਣਾਂ ਸਮੇਂ ਕੀਤੇ ਵਾਅਦਿਆਂ ਅਤੇ ਇਸ਼ਤਿਹਾਰਬਾਜ਼ੀ ਰਾਹੀਂ ਕੀਤੇ ਜਾ ਰਹੇ ਝੂਠੇ ਦਾਅਵਿਆਂ ਦੀ ਪੋਲ ਆਮ ਲੋਕਾ ਸਾਹਮਣੇ ਖੋਲੀ ਜਾਵੇਗੀ।ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਜਿੱਥੇ ਵੀ ਮੁੱਖ ਮੰਤਰੀ ਪੰਜਾਬ ਜਾਣਗੇ ਉਹਨਾਂ ਦਾ ਕਾਲੀਆਂ ਝੰਡੀਆਂ ਨਾਲ ਜਿਲਾ ਪੱਧਰ ਤੇ ਸਵਾਗਤ ਕੀਤਾ ਜਾਵੇਗਾ।

ਨਾਇਬ ਸਿੰਘ ਸੈਨੀ ਨੇ ਕੇਂਦਰੀ ਸਿੱਖਿਆ ਮੰਤਰੀ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ (ਕ੍ਰਿਸ਼ਨ ਗਰਗ) ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨੇ ਨਵੀਂ ਦਿੱਲੀ ਵਿਚ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਮੁੱਖ ਮੰਤਰੀ ਅਤੇ ਕੇਂਦਰੀ ਮੰਤਰੀ ਦੇ ਵਿਚ ਕਈ ਅਹਿਮ ਵਿਸ਼ਿਆਂ 'ਤੇ ਚਰਚਾ ਹੋਈ।

ਚੋਰੀ ਦੇ ਵਹੀਕਲ ਤੇ ਨਸ਼ੀਲੇ ਟੀਕੇ ਸਮੇਤ ਇੱਕ ਕਾਬੂ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਏ ਐਸ ਆਈ ਅਮਰਜੀਤ ਸਿੰਘ ਸਮੇਤ ਪੁਲਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਇੱਕ ਮੁਲਜ਼ਮ ਗੁਰਵਿੰਦਰ ਸਿੰਘ ਉਰਫ ਗਿੰਦਰ ਵਾਸੀ ਪੁੱਲ ਪੁਖਤਾ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਪਾਸੋਂ 13 ਨਸ਼ੀਲੇ ਟੀਕੇ, ਚੋਰੀ ਸ਼ੁਦਾ ਵਹੀਕਲ 2 ਮਰੂਤੀ ਕਾਰਾਂ, 1 ਜਿੰਨ ਕਾਰ, 1 ਮੋਟਰਸਾਈਕਲ, 1 ਬੈਟਰੀ ਬਰਾਮਦ ਕੀਤੀ ਹੈ।ਟਾਂਡਾ ਪੁਲਸ ਨੇ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ।

ਵਿਦਿਆਰਥੀਆਂ ਦੀ ਫੀਲਡ ਵੀਜ਼ਿਟ ਕਰਵਾਈ

ਬਲਾਚੌਰ (ਜਸਵਿੰਦਰ ਬੈਂਸ) ਪੀ ਐਮ ਆਈ ਡੀ ਸੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਬਲਾਚੌਰ ਦੇ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਤੇ ਸੈਨੇਟਰੀ ਇੰਸਪੈਕਟਰ ਭਾਰਤ ਭੂਸ਼ਨ ਦੀ ਅਗਵਾਈ ਹੇਠ ਸਸਟੇਨਬਿਲਟੀ ਲੀਡਰਸ਼ਿਪ ਪ੍ਰੋਗਰਾਮ ਤਹਿਤ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਦੇ ਵਿਦਿਆਰਥੀਆਂ ਨੇ ਪ੍ਰੋਸੈਸਿੰਗ ਪਲਾਂਟ ਤੇ ਵੀਜ਼ਿਟ ਕੀਤਾ। ਵਿਦਿਆਰਥੀਆਂ ਨੇ ਕੰਪੋਸਟ ਯੂਨਿਟ ਤੇ ਐਮ ਆਰ ਐਫ਼ ਤੇ ਗਿੱਲੇ 'ਤੇ ਸੁੱਕੇ ਕੂੜੇ ਦੀ ਕਿਵੇਂ ਪ੍ਰੋਸੈਸਿੰਗ ਕੀਤੀ ਜਾਂਦੀ ਹੈ ਉਸ ਬਾਰੇ ਜਾਣਕਾਰੀ ਹਾਸਲ ਕੀਤੀ ਗਈ।ਸਵੱਛ ਭਾਰਤ ਟੀਮ ਦੀ ਪ੍ਰੋਗਰਾਮ ਕੋਆਰਡੀਨੇਟਰ ਮਨਿੰਦਰ ਕੌਰ ਵੱਲੋਂ ਲਾਈਵ ਡੇਮੋ ਦੇ ਕੇ ਸੈਗਰੀਗੇਟਰ ਵੇਸਟ ਜਿਵੇਂ ਕਿ ਗਿੱਲੇ ਕੂੜੇ ਤੋਂ ਖਾਦ ਅਤੇ ਸੁੱਕੇ ਕੂੜੇ ਜਾਂ ਪਲਾਸਟਿਕ ਦੀ ਬੇਲਾਂ ਕਿਵੇਂ ਤਿਆਰ ਕੀਤੀਆਂ ਜਾਂਦੀਆਂ ਹਨ ਉਸ ਪ੍ਰੋਸੈਸਿੰਗ ਨੂੰ ਵਿਸਤਾਰ ਨਾਲ ਸਮਝਾਇਆ ਗਿਆ।ਪੂਰਾ ਪ੍ਰੋਗਰਾਮ ਸਕੂਲ ਦੇ ਮੁੱਖ ਅਧਿਆਪਕ ਸ਼੍ਰੀਮਤੀ ਲਲਿਤਾ ਰਾਣੀ, ਨੋਡਲ ਅਫ਼ਸਰ ਜਗਮੋਹਨ ਸਿੰਘ, ਗੁਰਪ੍ਰੀਤ ਕੌਰ ਮੈਡਮ, ਤਜਿੰਦਰ ਸਿੰਘ, ਲਖਵੀਰ ਸਿੰਘ ਦੇ ਤਾਲਮੇਲ ਨਾਲ ਮਿਲ ਕੇ ਕਰਵਾਇਆ ਗਿਆ।

ਰਾਮ ਨਗਰ ਤੋਂ ਗੁਰਮੇਲ ਸਿੰਘ ਬਣੇ ਸਰਪੰਚ

ਆਦਮਪੁਰ (ਪਰਮਜੀਤ ਸਿੰਘ)- ਪਿੰਡ ਰਾਮ ਨਗਰ ਵਿੱਚ ਵੋਟਿੰਗ ਦਾ ਕੰਮ ਪੂਰੇ ਅਮਨੋਂ ਅਮਾਨ ਨਾਲ ਖਤਮ ਹੋਇਆ। ਪਿੰਡ ਰਾਮ ਨਗਰ ਦੇ ਸੂਝਵਾਨ ਵੋਟਰਾਂ ਵੱਲੋਂ ਪਿੰਡ ਦੇ ਸਰਬ ਸਾਂਝੇ ਉਮੀਦਵਾਰ ਗੁਰਮੇਲ ਸਿੰਘ ਫੌਜੀ ਨੂੰ ਭਾਰੀ ਬਹੁਮਤ ਨਾਲ ਜਿਤਾਉਂਦਿਆਂ ਪਿੰਡ ਰਾਮ ਨਗਰ ਦਾ ਸਰਪੰਚ ਬਣਾਇਆ ਗਿਆ।ਗੁਰਮੇਲ ਸਿੰਘ ਨੇ 549 ਵੋਟਾਂ ਲੈ ਕੇ ਜਿੱਤ ਪ੍ਰਾਪਤ ਕੀਤੀ। ਪੰਚਾਇਤ ਮੈਂਬਰਾਂ ਨੇ ਸੱਤ ਦੇ ਸੱਤ ਮੈਂਬਰਾਂ ਨੇ ਜਿੱਤ ਪ੍ਰਾਪਤ ਕੀਤੀ ਜਿਸ ਤਰ੍ਹਾਂ ਜਸਵਿੰਦਰ ਕੌਰ, ਮੀਨਾ ਕੁਮਾਰੀ, ਪ੍ਰਵੀਨ ਕੁਮਾਰੀ, ਪਰਵਿੰਦਰ ਕੌਰ, ਹਰਭਜਨ ਦਾਸ, ਲਵਿਸ ਚੋਪੜਾ, ਪਿਆਰਾ ਸਿੰਘ ਭੱਟੀ। ਇਸ ਮੌਕੇ ਉਹਨਾਂ ਵੱਲੋਂ ਲੋਕਾਂ ਦੇ ਭਾਰੀ ਇਕੱਠ ਨਾਲ ਪੂਰੇ ਪਿੰਡ ਦਾ ਦੌਰਾ ਕਰਦਿਆਂ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।

ਵਿਸ਼ਕਰਮਾ ਮੰਦਰ 'ਚ ਚੋਰੀ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਸਥਾਨਕ ਰਾਮ ਮਾਛੀਵਾੜਾ ਰੋਡ 'ਤੇ ਵਿਸ਼ਕਰਮਾ ਮੰਦਰ ਵਿੱਚ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਮਿਲੀ ਜਾਣਕਾਰੀ ਅਨੁਸਾਰ ਬੀਤੀ ਰਾਤ ਚੋਰਾਂ ਨੇ ਵਿਸ਼ਵਕਰਮਾ ਮੰਦਰ ਵਿੱਚ ਪਈ ਗੋਲਕ ਨੂੰ ਨਿਸ਼ਾਨਾ ਬਣਾਇਆ ਗਿਆ।ਚੋਰ ਮੰਦਰ ਦੀ ਗੋਲਕ ਤੋੜ ਕੇ ਉਸ ਵਿੱਚੋਂ ਨਗਦੀ ਚੋਰੀ ਕਰਕੇ ਲੈ ਗਏ। ਵਿਸ਼ਵਕਰਮਾ ਮੰਦਰ ਕਮੇਟੀ ਵਾਲਿਆਂ ਨੂੰ ਇਸ ਦੀ ਸੂਚਨਾ ਉੱਥੇ ਦੇ ਰਹਿਣ ਵਾਲੇ ਪੰਡਤ ਵੱਲੋਂ ਦਿੱਤੀ ਗਈ।ਮੰਦਰ ਦੇ ਪ੍ਰਬੰਧਕ ਲਾਡੀ ਜਾਂਗੜਾ ਨੇ ਡਾਕਟਰ ਬੀ ਕੇ ਨੇ ਦੱਸਿਆ ਕਿ ਗੋਲਕ ਵਿੱਚ ਪਿਛਲੇ ਇੱਕ ਮਹੀਨੇ ਤੋਂ ਮਾਇਆ ਮੌਜੂਦ ਇਸ। ਉਨ੍ਹਾ ਮੁਤਾਬਿਕ ਗੋਲਕ 'ਚ 35 ਤੋਂ 40 ਹਜ਼ਾਰ ਰੁਪਏ ਹੋਣ ਦਾ ਅਨੁਮਾਨ ਸੀ।ਮੌਕੇ 'ਤੇ ਥਾਣਾ ਰਾਹੋਂ ਤੋਂ ਐਸ ਐਚ ਓ ਜਰਨੈਲ ਸਿੰਘ ਵੀ ਘਟਨਾ ਵਾਲੀ ਥਾਂ 'ਤੇ ਪੁੱਜੇ ਉਹਨਾਂ ਹੋਈ ਚੋਰੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਤੇ ਚੋਰਾਂ ਨੂੰ ਜਲਦ ਫੜਨ ਦਾ ਭਰੋਸਾ ਦਿੱਤਾ।

ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੀ ਅਹਿਮ ਮੀਟਿੰਗ ਸੰਪੰਨ

ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ) ਜਿਲ੍ਹਾ ਸਿੱਖਿ

21-OCT-PAGE-10.qxd 10/20/2024 9:26 PM Page 1

ਵਲਟੋਹਾ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਬਿਆਨਬਾਜ਼ੀ ਅਤੀ ਨਿੰਦਣਯੋਗ : ਬੀਬੀ ਘਨੌਰੀ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਸਿੰਘ ਲੋਹਗੜ੍ਹ)- ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵਿਰੁੱਧ ਕੀਤੀ ਬਿਆਨਬਾਜ਼ੀ ਅਤਿ ਨਿੰਦਣਯੋਗ ਹੈ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਨੇ ਗੱਲਬਾਤ ਦੌਰਾਨ ਕੀਤਾ। ਉਹ ਇਥੇ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਆਏ ਸਨ। ਬੀਬੀ ਘਨੌਰੀ ਨੇ ਕਿਹਾ ਕਿ ਸਾਰੇ ਤਖਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਸਾਰਿਆਂ ਦੇ ਸਤਿਕਾਰਤ ਹਨ। ਇਨ੍ਹਾਂ ਵਿਰੁੱਧ ਬਿਆਨਬਾਜ਼ੀ ਬਰਦਾਸ਼ਤ ਯੋਗ ਨਹੀਂ ਹੈ। ਬੀਬੀ ਘਨੌਰੀ ਨੇ ਸੂਬਾ ਸਰਕਾਰ ਦੀ ਤਿੱਖੀ ਅਲੋਚਨਾ ਕਰਦਿਆਂ ਕਿਹਾ ਕਿ ਕੇਂਦਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਆਪਣਾ ਦੱਸ ਕੇ ਲੋਕਾਂ ਵਿੱਚ ਗੁੰਮਰਾਹਕੁਨ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਵੱਲੋਂ ਭੇਜੇ ਫੰਡਾਂ ਨੂੰ ਸਹੀ ਢੰਗ ਨਾਲ ਨਾ ਵਰਤ ਕੇ ਵੱਡੀ ਪੱਧਰ 'ਤੇ ਘਪਲੇਬਾਜ਼ੀ ਕੀਤੀ ਜਾ ਰਹੀ ਹੈ, ਜਿਸ ਨੂੰ ਲੋਕਾਂ ਦੀ ਸੱਥ ਵਿੱਚ ਨੰਗਾ ਕੀਤਾ ਜਾਵੇਗਾ।

ਸੇਫਟੀ ਅਧਿਕਾਰੀਆਂ ਮਠਿਆਈ ਤੇ ਮੀਟ ਦੇ ਸੈਂਪਲ ਭਰੇ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਸਹਾਇਕ ਫੂਡ ਕਮਿਸ਼ਨਰ ਅੰਮ੍ਰਿਤਪਾਲ ਸਿੰਘ ਸੋਢੀ, ਫੂਡ ਸੇਫਟੀ ਅਫਸਰ ਹਰਵਿੰਦਰ ਸਿੰਘ ਤੇ ਤਿਰਲੋਕ ਸਿੰਘ ਦੀ ਟੀਮ ਵੱਲੋਂ ਫਰੀਦਕੋਟ ਸ਼ਹਿਰ ਤੇ ਆਸ-ਪਾਸ ਦੇ ਪਿੰਡਾਂ ਵਿੱਚ ਮਠਿਆਈ ਦੀਆਂ ਦੁਕਾਨਾਂ ਤੇ ਮੀਟ ਦੀਆਂ ਦੁਕਾਨਾਂ ਤੋਂ ਕੁੱਲ 7 ਸੈਂਪਲ ਇਕੱਤਰ ਕੀਤੇ ਅਤੇ ਅਗਲੇਰੀ ਜਾਂਚ ਲਈ ਲੈਬ ਨੂੰ ਭੇਜ ਦਿੱਤੇ ਗਏ। ਜਿਵੇਂ ਹੀ ਇਨ੍ਹਾਂ ਸੈਂਪਲਾਂ ਦੇ ਨਤੀਜੇ ਪ੍ਰਾਪਤ ਹੋਣਗੇ ਵਿਭਾਗ ਵੱਲੋਂ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸਹਾਇਕ ਫੂਡ ਕਮਿਸ਼ਨਰ ਅੰਮ੍ਰਿਤਪਾਲ ਸਿੰਘ ਨੇ ਖਾਣ-ਪੀਣ ਦਾ ਸਾਮਾਨ ਵੇਚਣ ਵਾਲੇ ਸਮੂਹ ਦੁਕਾਨਦਾਰਾਂ ਨੂੰ ਮਿਆਰੀ ਚੀਜ਼ਾਂ ਵੇਚਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਕੋਈ ਵੀ ਆਮ ਵਿਅਕਤੀ ਨਕਲੀ ਜਾਂ ਘਟੀਆ ਮਿਆਰ ਵਾਲੀਆਂ ਚੀਜ਼ਾਂ ਜਾਂ ਫੂਡ ਸੇਫਟੀ ਐਕਟ ਅਧੀਨ ਆਉਂਦੀਆਂ ਖਾਣ-ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਜਾਂ ਘਟੀਆ ਮਿਆਰ ਸਬੰਧੀ ਸ਼ਿਕਾਇਤ ਜਾਂ ਜਾਣਕਾਰੀ ਦਫਤਰ ਵਿਖੇ ਦੇ ਸਕਦਾ ਹੈ। ਉਨ੍ਹਾਂ ਸਮੂਹ ਦੁਕਾਨਦਾਰਾਂ ਨੂੰ ਫੂਡ ਸੇਫਟੀ ਤੇ ਸਟੈਂਡਰਡ ਐਕਟ ਅਧੀਨ ਰਜਿਸਟ੍ਰੇਸ਼ਨ ਅਤੇ ਲਾਇਸੈਂਸ ਪ੍ਰਾਪਤ ਕਰਨ ਦੀ ਹਦਾਇਤ ਵੀ ਕੀਤੀ।

ਕਾਂਗਰਸ ਨੂੰ ਪੰਚਾਇਤ ਚੋਣਾਂ 'ਚ ਭਾਰੀ ਹੁੰਗਾਰਾ ਮਿਲਿਆ : ਤਿਵਾੜੀ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੰਚਾਇਤ ਚੋਣਾਂ ਦੌਰਾਨ ਇਲਾਕੇ ਦੇ ਪਿੰਡਾਂ ਵਿੱਚ ਕਾਂਗਰਸ ਨੂੰ ਭਰਵਾਂ ਹੁੰਗਾਰਾ ਮਿਲਿਆ ਅਤੇ ਕਈ ਉਮੀਦਵਾਰ ਸਰਪੰਚ ਤੇ ਪੰਚਾਇਤ ਮੈਂਬਰ ਚੁਣੇ ਗਏ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਲਾਕ ਕਾਂਗਰਸ ਮਾਛੀਵਾੜਾ ਦੇ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਤਿਵਾੜੀ ਨੇ ਕਿਹਾ ਕਿ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਉਨ੍ਹਾ ਕਿਹਾ ਕਿ ਪੰਚਾਇਤ ਚੋਣਾਂ ਵਿਚ ਸਰਪੰਚ ਤੇ ਪੰਚਾਇਤ ਮੈਂਬਰਾਂ ਦਾ ਕਾਂਗਰਸ ਪੱਖੀ ਬਣਨਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ 'ਆਪ' ਸਰਕਾਰ ਦੀਆਂ ਨੀਤੀਆਂ ਤੋਂ ਦੁਖੀ ਹਨ। ਉਨ੍ਹਾ ਕਿਹਾ ਕਿ ਅੱਜ ਮੰਡੀਆਂ ਵਿਚ ਕਿਸਾਨ ਰੁਲ ਰਿਹਾ ਹੈ, ਕਰਮਚਾਰੀ ਆਪਣੇ ਹੱਕਾਂ ਲਈ ਧਰਨੇ ਲਗਾ ਰਹੇ ਹਨ ਤੇ ਸੂਬੇ ਵਿੱਚ ਅਮਨ, ਕਾਨੂੰਨ ਦੀ ਸਥਿਤੀ ਵਿਗੜੀ ਹੋਈ ਹੈ। ਪਰਮਿੰਦਰ ਤਿਵਾੜੀ ਨੇ ਕਿਹਾ ਕਿ ਕਾਂਗਰਸੀ ਵਰਕਰਾਂ ਵੱਲੋਂ ਆਉਣ ਵਾਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਵੀ ਪਾਰਟੀ ਸ਼ਾਨ ਨਾਲ ਜਿੱਤੇਗੀ।

ਕ੍ਰਿਸ਼ਨਾ ਕਾਲਜ ਰੱਲੀ ਵਿਖੇ ਦੋ ਰੋਜ਼ਾ ਮੈਡੀਕਲ ਕੈਂਪ

ਬਰੇਟਾ (ਰੀਤਵਾਲ)-ਕ੍ਰਿਸ਼ਨਾ ਕਾਲਜ ਰੱਲੀ ਦੇ ਵਿਹੜੇ ਵਿੱਚ ਨੇਕੀ ਫਾਉਂਡੇਸ਼ਨ ਬੁਢਲਾਡਾ ਦੇ ਸਹਿਯੋਗ ਨਾਲ ਦੋ ਰੋਜ਼ਾ ਮੈਡੀਕਲ ਕੈਂਪ ਲਾਇਆ ਗਿਆ। ਇਸ ਕੈਂਪ ਵਿੱਚ ਔਰਤ ਰੋਗਾਂ ਦੇ ਮਾਹਰ ਡਾ. ਨੀਸ਼ਾ ਸਿੰਗਲਾ ਤੇ ਡਾ. ਕੀਰਤੀ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਸਰਜਨ ਡਾ. ਕੁਲਦੀਪ ਕੌਰ ਨੇ ਵੀ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਦੇ ਦੂਸਰੇ ਦਿਨ ਹੱਡੀਆਂ ਤੇ ਜੋੜਾਂ ਦੇ ਮਾਹਰ ਡਾ. ਦੀਪਕ ਗਰਗ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਸਿਹਤ ਸੰਭਾਲ ਸੰਬੰਧੀ ਸਲਾਹ ਮਸ਼ਵਰਾ ਅਤੇ ਸਹੀ ਕਸਰਤ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਦੰਦਾਂ ਦੇ ਮਾਹਰ ਡਾਕਟਰ ਨਿਰਮਲ ਸਿੰਘ ਨੇ ਵੀ ਮਰੀਜ਼ਾਂ ਦਾ ਚੈੱਕਅਪ ਕੀਤਾ। ਇਸ ਕੈਂਪ ਵਿੱਚ ਇਲਾਕੇ ਦੇ ਲੋੜਵੰਦ ਮਰੀਜ਼ਾਂ ਨੇ ਇਸ ਕੈਂਪ ਦਾ ਲਾਭ ਉਠਾਇਆ। ਪ੍ਰੋਗਰਾਮ ਦੇ ਅਖੀਰ ਵਿੱਚ ਨੇਕੀ ਟੀਮ ਤੇ ਸਮੂਹ ਡਾਕਟਰ ਸਾਹਿਬਾਨ ਦਾ ਕਾਲਜ ਦੇ ਮੈਨਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਪਰਸਨ ਸੁਖਵਿੰਦਰ ਸਿੰਘ ਚਹਿਲ, ਸਕੱਤਰ ਸੱਤਪਾਲ ਸਿੰਘ ਚਹਿਲ ਤੇ ਪ੍ਰਧਾਨ ਡਾਕਟਰ ਵਿਜੈ ਸਿੰਗਲਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਮੱਲ੍ਹੀ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਕਾਲਜ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਦੋ ਰੋਜ਼ਾ ਕੈਂਪ ਵਿੱਚ ਪਹੁੰਚੇ ਸਾਰੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਪ੍ਰਦਾਨ ਕੀਤੀਆਂ ਗਈਆਂ।

ਸ਼੍ਰੋਮਣੀ ਅਕਾਲੀ ਦਲ ਨੂੰ ਝਟਕਾ, ਸਾਬਕਾ ਚੇਅਰਮੈਨ ਦਵਿੰਦਰ ਬੱਬਲ ਤੇ ਸੁਰਿੰਦਰ ਕਮਰਾ ਕਾਂਗਰਸ 'ਚ ਸ਼ਾਮਲ

ਰਾਜਾ ਵੜਿੰਗ ਤੇ ਪ੍ਰਤਾਪ ਸਿੰਘ ਬਾਜਵਾ ਨੇ ਕੀਤਾ ਸਵਾਗਤ

ਜਲਾਲਾਬਾਦ (ਜੰਗੀਰ ਕੌਰ)-ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਵੱਡਾ ਝਟਕਾ ਲੱਗਿਆ, ਜਦੋਂ ਅਕਾਲੀ ਅਦਲ ਦੇ ਸੀਨੀਅਰ ਨੇਤਾ ਤੇ ਜਲਾਲਾਬਾਦ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਦਵਿੰਦਰ ਸਿੰਘ ਬੱਬਲ ਨੇ ਅਕਾਲੀ ਦਲ ਨੂੰ ਅਲਵਿੰਦਾ ਕਹਿ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਇਸ ਮੌਕੇ ਅਕਾਲੀ ਨੇਤਾ ਸੁਰਿੰਦਰ ਸਿੰਘ ਪੱਪੀ ਕਮਰਾ ਵੀ ਮੌਜੂਦ ਸਨ। ਇਹ ਦੋਵੇਂ ਨੇਤਾ ਚੰਡੀਗੜ੍ਹ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਦਵਿੰਦਰ ਸਿੰਘ ਬੱਬਲ ਤੇ ਸੁਰਿੰਦਰ ਸਿੰਘ ਪੱਪੀ ਕਮਰਾ ਨੂੰ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਮਿਲੇਗਾ। ਇਸ ਮੌਕੇ ਸਾਬਕਾ ਮੰਤਰੀ ਹੰਸ ਰਾਜ ਜੋਸਨ ਵੀ ਮੌਜੂਦ ਸਨ।

ਸੀ ਜੀ ਐੱਮ ਨੇ ਜ਼ਿਲ੍ਹਾ ਜੇਲ੍ਹ 'ਚ ਕੈਂਪ ਕੋਰਟ ਲਗਾਈ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੇ ਪੱਤਰ ਅਨੁਸਾਰ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ ਜੇਲ੍ਹਾਂ ਵਿੱਚ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਦੀ ਵਿਧੀ ਨੂੰ ਮਜ਼ਬੂਤ ਕਰਨ ਹਿੱਤ ਤੇ ਸੀ ਰਾਜ ਕੁਮਾਰ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ, ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਡਾ. ਗਗਨਦੀਪ ਕੌਰ, ਸੀ.ਜੀ.ਐੱਮ/ਸਕੱਤਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਜੇਲ੍ਹ, ਸ੍ਰੀ ਮੁਕਤਸਰ ਸਾਹਿਬ ਵਿਖੇ ਕੈਂਪ ਕੋਰਟ ਲਗਾਈ ਗਈ।ਇਸ ਮੌਕੇ ਮਾਨਯੋਗ ਸਕੱਤਰ ਸਾਹਿਬ ਵੱਲੋਂ ਜੇਲ੍ਹ ਵਿੱਚ ਬੰਦ ਹਵਾਲਾਤੀ/ਕੈਦੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਲਦ ਹੀ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ ਅਤੇ ਉਨ੍ਹਾਂ ਨੇ ਜੇਲ੍ਹ ਵਿੱਚ ਚੱਲ ਰਹੇ ਲੀਗਲ ਏਡ ਕਲੀਨਿਕ 'ਚ ਮੌਜੂਦ ਵਕੀਲ ਸਾਹਿਬਾਨ ਤੇ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਕੈਦੀਆਂ-ਹਵਾਲਾਤੀਆਂ ਨੂੰ ਮਿਲ ਰਹੀ ਕਾਨੂੰਨੀ ਸਹਾਇਤਾ 'ਤੇ ਤਸੱਲੀ ਪ੍ਰਗਟ ਕੀਤੀ।ਇਸ ਤੋਂ ਇਲਾਵਾ ਜੇਲ੍ਹ ਸੁਪਰਡੈਂਟ ਸਮੇਤ ਸਟਾਫ਼ ਮੈਂਬਰ ਵੀ ਹਾਜ਼ਰ ਸਨ।ਇਸ ਤੋਂ ਇਲਾਵਾ ਮਾਨਯੋਗ ਸਕੱਤਰ ਸਾਹਿਬ ਵੱਲੋਂ ਜੇਲ੍ਹ ਵਿੱਚ ਬੰਦ ਕੈਦੀਆਂ/ਹਵਾਲਾਤੀਆ ਨੂੰ 14 ਦਸੰਬਰ 2024 ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਆਪਣੇ ਕੇਸ ਦਾ ਨਿਪਟਾਰਾ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਆਪਣਾ ਕੇਸ ਨੈਸ਼ਨਲ ਲੋਕ ਅਦਾਲਤ ਵਿੱਚ ਲਗਵਾ ਸਕਦੇ ਹਨ।

ਖੇਤੀਬਾੜੀ ਮੰਤਰੀ ਵੱਲੋਂ ਬੁਰਜ ਸਿੱਧਵਾਂ ਦੀ ਪੰਚਾਇਤ ਦਾ ਸਨਮਾਨ

ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)-ਪਿੰਡ ਬੁਰਜ਼ ਸਿੱਧਵਾਂ ਤੋਂ ਭਾਰੀ ਵੋਟਾਂ ਨਾਲ ਜਿੱਤ ਹਾਸਲ ਕਰਕੇ ਸਰਪੰਚ ਬਣੇ ਸ੍ਰ. ਰਣਜੀਤ ਸਿੰਘ ਜੋਸਨ ਜੇਤੂ ਮੈਂਬਰਾਂ ਸਮੇਤ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਗ੍ਰਹਿ ਵਿਖੇ ਪਿੰਡ ਖੁੱਡੀਆਂ ਪਹੁੰਚੇ, ਜਿੱਥੇ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਰਣਜੀਤ ਸਿੰਘ ਜੋਸਨ ਨੂੰ ਸਰਪੰਚ ਬਣਨ ਦੀ ਵਧਾਈ ਦਿੰਦੇ ਹੋਏ ਬਿਨਾਂ ਕਿਸੇ ਪੱਖਪਾਤ ਦੇ ਪਿੰਡ ਦਾ ਵਿਕਾਸ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਰਣਜੀਤ ਸਿੰਘ ਨੇ ਵੀ ਵਿਸ਼ਵਾਸ ਦਿਵਾਇਆ ਕਿ ਉਹ ਬਿਨਾਂ ਕਿਸੇ ਪੱਖਪਾਤ ਪਿੰਡ ਦਾ ਵਿਕਾਸ ਕਰਵਾਉਣਗੇ।

ਧਾਲੀਵਾਲ ਪਰਵਾਰ ਵੱਲੋਂ ਨਵੇਂ ਸਰਪੰਚ ਲਖਮੀਰਵਾਲਾ ਤੇ ਛਾਹੜ ਸਨਮਾਨਤ

ਧਾਲੀਵਾਲ ਪਰਵਾਰ ਵੱਲੋਂ ਨਵੇਂ ਬਣੇ ਸਰਪੰਚ ਮਨਿੰਦਰ ਸਿੰਘ ਲਖਮੀਰਵਾਲਾ ਤੇ ਦਰਬਾਰਾ ਸਿੰਘ ਛਾਹੜ ਦਾ ਸਨਮਾਨ ਕੀਤੇ ਜਾਣ ਦਾ ਦ੍ਰਿਸ਼।

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਧਾਲੀਵਾਲ ਨਿਵਾਸ ਵਿਖੇ ਸ੍ਰ. ਗੁਰਿੰਦਰ ਜੀਤ ਸਿੰਘ ਧਾਲੀਵਾਲ ਤੇ ਕੰਵਰਜੀਤ ਸਿੰਘ ਲੱਕੀ ਧਾਲੀਵਾਲ ਦੀ ਅਗਵਾਈ ਹੇਠ ਇਕੱਤਰ ਹੋਏ ਇਲਾਕੇ ਦੇ ਪੱਤਵਤੇ ਸੱਜਣਾਂ ਵੱਲੋਂ ਪਿੰਡ ਲਖਮੀਰਵਾਲਾ ਦੇ ਸਰਬਸੰਮਤੀ ਨਾਲ ਸਰਪੰਚ ਬਣੇ ਮਨਿੰਦਰ ਸਿੰਘ ਲਖਮੀਰਵਾਲਾ ਤੇ ਸਮਾਜ ਸੇਵੀ ਇਸਵਰ ਜੀਤ ਸਿੰਘ ਮਿੱਠੂ ਦੇ ਨਜ਼ਦੀਕੀ ਪਿੰਡ ਛਾਹੜ ਦੇ ਸਰਪੰਚ ਦਰਬਾਰਾ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕਰਨ ਉਪਰਤ ਉਨ੍ਹਾ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਸਾਬਕਾ ਐੱਸ ਪੀ ਗਿਆਨੀ ਗੁਰਬਚਨ ਸਿੰਘ ਤੇ ਨਗਰ ਕੌਂਸਲ ਸੁਨਾਮ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਗੁਰਿੰਦਰ ਜੀਤ ਸਿੰਘ ਧਾਲੀਵਾਲ ਤੇ ਕੰਵਰਜੀਤ ਸਿੰਘ ਲੱਕੀ ਧਾਲੀਵਾਲ ਨੇ ਨਵੇਂ ਬਣੇ ਸਰਪੰਚਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਮਨਿੰਦਰ ਸਿੰਘ ਲਖਮੀਰਵਾਲਾ ਤੇ ਦਰਬਾਰਾ ਸਿੰਘ ਛਾਹੜ ਨਾਲ ਸਾਡੇ ਪਰਵਾਰ ਦੀ ਪਰਿਵਾਰਕ ਸਾਂਝ ਹੈ। ਉਨ੍ਹਾ ਕਿਹਾ ਕਿ ਮਨਿੰਦਰ ਲਖਮੀਰਵਾਲਾ ਨੂੰ ਸਰਬਸੰਮਤੀ ਨਾਲ ਪਿੰਡ ਲਖਮੀਰਵਾਲਾ ਦਾ ਸਰਪੰਚ ਤੇ ਦਰਬਾਰਾ ਸਿੰਘ ਪਿੰਡ ਛਾਹੜ ਦਾ ਸਰਪੰਚ ਬਣਨ ਨਾਲ ਸਾਡੇ ਪਰਿਵਾਰ ਦਾ ਵੀ ਮਾਣ ਵਧਿਆ ਹੈ।ਇਸ ਮੌਕੇ ਨਿਸ਼ਾਨ ਸਿੰਘ ਟੋਨੀ ਨੇ ਕਿਹਾ ਕਿ ਮਨਿੰਦਰ ਸਿੰਘ ਲਖਮੀਰਵਾਲਾ ਬਹੁਤ ਹੀ ਨਿਮਰ ਤੇ ਮਿਲਣਸਾਰ ਸ਼ਖਸੀਅਤ ਦੇ ਮਾਲਕ ਹਨ।ਪੂਰੇ ਪਿੰਡ ਨੇ ਉਸ ਦਾ ਸਾਥ ਦਿੱਤਾ, ਕਿਉਂਕਿ ਉਹ ਸਾਰਿਆਂ ਦਾ ਸਤਿਕਾਰ ਕਰਦਾ ਹੈ ਤੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੁੰਦਾ ਹੈ।ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ 'ਚ ਮਨਿੰਦਰ ਸਿੰਘ ਲਖਮੀਰਵਾਲਾ ਆਪਣੇ ਪਿੰਡ ਦੇ ਸਰਬਪੱਖੀ ਵਿਕਾਸ 'ਚ ਕਾਮਯਾਬ ਹੋਣਗੇ ਅਤੇ ਪਿੰਡ ਵਾਸੀਆਂ ਦੀਆਂ ਉਮੀਦਾਂ 'ਤੇ ਖਰਾ ਉੱਤਰ ਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਹਲਕੇ ਵਿੱਚ ਜਥੇਬੰਦਕ ਤੌਰ 'ਤੇ ਮਜ਼ਬੂਤ ਕਰਨਗੇ।ਇਸ ਮੌਕੇ ਮਨਿੰਦਰ ਲਖਮੀਰਵਾਲਾ ਤੇ ਦਰਬਾਰਾ ਸਿੰਘ ਛਾਹੜ ਨੇ ਧਾਲੀਵਾਲ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰਿਆਂ ਦੇ ਸਹਿਯੋਗ ਨਾਲ ਸਰਪੰਚ ਬਣੇ ਹਨ ਤੇ ਆਪਣੇ ਆਪਣੇ ਪਿੰਡ ਦਾ ਵਿਕਾਸ ਉਨ੍ਹਾਂ ਦੀ ਪਹਿਲ ਹੋਵੇਗੀ ਤੇ ਉਹ ਆਪਣੇ ਪਿੰਡਾਂ ਵਿੱਚ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌ

21-Oct-PAGE-11-Majha-2024.qxd 10/20/2024 10:30 PM Page 1

ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਮੰਡਲ ਦਾ ਡੈਲੀਗੇਟ ਅਜਲਾਸ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਡੈਮੋਕ੍ਰੇਟਿਕ ਮੁਲਾਜ਼ਮ ਯੂਨੀਅਨ ਪੰਜਾਬ ਮੰਡਲ ਅੰਮ੍ਰਿਤਸਰ ਵੱਲੋਂ ਅੱਜ ਵਣ ਨਰਸਰੀ ਰਈਆ ਵਿਖੇ ਗੁਰਦੀਪ ਸਿੰਘ ਕਲੇਰ, ਸੁਰਜੀਤ ਸਿੰਘ ਲਾਲੀ ਅਤੇ ਹਰਜਿੰਦਰ ਸਿੰਘ ਸ਼ੈਲੀ ਦੀ ਪ੍ਰਧਾਨਗੀ ਹੇਠ ਆਪਣਾ ਜਥੇਬੰਦਕ ਡੈਲੀਗੇਟ ਅਜਲਾਸ ਕਰਵਾਇਆ ਗਿਆ। ਜਿਸ ਵਿੱਚ ਮੰਡਲ ਅੰਮ੍ਰਿਤਸਰ ਦੀ ਰੇਂਜ ਰਈਆ-1, ਰਈਆ-2, ਅੰਮ੍ਰਿਤਸਰ-2 ਅਤੇ ਤਰਨ ਤਾਰਨ ਦੀ ਮੈਂਬਰਸ਼ਿਪ ਦੇ ਅਧਾਰ 'ਤੇ ਚੁਣੇ ਹੋਏ 45 ਡੈਲੀਗੇਟਾਂ ਨੇ ਹਿੱਸਾ ਲਿਆ।

ਅਜਲਾਸ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਰਛਪਾਲ ਸਿੰਘ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕੀਤੇ ਜਾ ਰਹੇ ਦਾਅਵੇ ਨਿਰਾ ਝੂਠ ਦਾ ਪੁਲੰਦਾ ਹਨ ਜਦਕਿ ਪਿਛਲੇ ਢਾਈ ਸਾਲਾਂ ਵਿੱਚ ਪੰਜਾਬ ਅੰਦਰ ਕਿਸੇ ਇੱਕ ਵੀ ਕੱਚੇ ਵਰਕਰ ਨੂੰ ਪੱਕਾ ਨਹੀਂ ਕੀਤਾ ਗਿਆ। ਉਨ੍ਹਾ ਕਿਹਾ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਵੀ 10 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਜੰਗਲਾਤ ਵਰਕਰਾਂ ਨੂੰ ਪੱਕਾ ਕਰਨ ਦਾ ਫੈਸਲਾ ਸੁਣਾਇਆ ਹੈ ਅਤੇ ਪੰਜਾਬ ਸਰਕਾਰ ਵੱਲੋਂ ਉਸ ਫੈਸਲੇ ਨੂੰ ਲਾਗੂ ਕਰਨ ਦੀ ਬਜਾਏ ਵਰਕਰਾਂ ਨੂੰ ਪੱਕਾ ਕਰਨ ਖ਼ਿਲਾਫ ਡਬਲ ਬੈਂਚ ਕੋਲ ਅਪੀਲ ਪਾਈ ਹੋਈ ਹੈ। ਜਿਸ ਤੋਂ ਸਿੱਧ ਹੁੰਦਾ ਹੈ ਕਿ ਭਗਵੰਤ ਮਾਨ ਸਰਕਾਰ ਕੱਚੇ ਵਰਕਰਾਂ ਨੂੰ ਪੱਕਾ ਨਹੀਂ ਕਰਨਾ ਚਾਹੁੰਦੀ।

ਅਜਲਾਸ ਵਿੱਚ ਸਰਬਸੰਮਤੀ ਨਾਲ ਅਗਲੇ ਦੋ ਸਾਲਾਂ ਲਈ ਮੰਡਲ ਅੰਮ੍ਰਿਤਸਰ ਦੀ ਜਥੇਬੰਦਕ ਚੋਣ ਕੀਤੀ ਗਈ। ਜਿਸ ਵਿੱਚ ਗੁਰਦੀਪ ਸਿੰਘ ਕਲੇਰ ਸਰਪ੍ਰਸਤ, ਦੀਵਾਨ ਸਿੰਘ ਪ੍ਰਧਾਨ, ਬਲਜਿੰਦਰ ਸਿੰਘ ਮਿੰਟੂ ਸਕੱਤਰ, ਬਲਵਿੰਦਰ ਸਿੰਘ ਗੰਡੀਵਿੰਡ ਵਿੱਤ ਸਕੱਤਰ, ਕੁੰਨਣ ਸਿੰਘ ਜੱਲੂਪੁਰ ਸੀਨੀਅਰ ਮੀਤ ਪ੍ਰਧਾਨ, ਸੁੱਖਾ ਸਿੰਘ ਲੋਹਗੜ੍ਹ ਮੀਤ ਪ੍ਰਧਾਨ, ਹਰਜਿੰਦਰ ਸਿੰਘ ਸ਼ੈਲੀ ਮੀਤ ਪ੍ਰਧਾਨ, ਮੰਗਤ ਸਿੰਘ ਜੱਲੂਪੁਰ ਜਾਇੰਟ ਸਕੱਤਰ, ਕੁਲਬੀਰ ਸਿੰਘ ਤਰਸਿੱਕਾ ਪ੍ਰੈਸ ਸਕੱਤਰ, ਜੋਗਾ ਸਿੰਘ ਸਰਹਾਲੀ ਜਥੇਬੰਦਕ ਸਕੱਤਰ, ਜਸਬੀਰ ਸਿੰਘ ਤਰਸਿੱਕਾ ਜਥੇਬੰਦਕ ਸਕੱਤਰ ਅਤੇ ਸੁਰਜੀਤ ਸਿੰਘ ਲਾਲੀ ਸਹਾਇਕ ਵਿੱਤ ਸਕੱਤਰ ਤੋਂ ਇਲਾਵਾ ਪ੍ਰੇਮ ਸਿੰਘ ਪੰਡੋਰੀ, ਰਣਜੀਤ ਕੌਰ ਵੱਲ੍ਹਾ, ਬਲਵਿੰਦਰ ਕੌਰ ਬਹੋੜੂ ਅਤੇ ਅਮਰਜੀਤ ਕੌਰ ਕਾਹਲਵਾਂ ਦੀ ਕਮੇਟੀ ਮੈਂਬਰ ਵਜੋਂ ਚੋਣ ਕੀਤੀ ਗਈ।ਅਜਲਾਸ ਵਿੱਚ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਤਹਿਸੀਲ ਬਾਬਾ ਬਕਾਲਾ ਦੇ ਪ੍ਰਧਾਨ ਵਿਪਨ ਰਿਖੀ, ਮਿਡ ਡੇ ਮੀਲ ਵਰਕਰਜ਼ ਯੂਨੀਅਨ ਦੀ ਸੂਬਾ ਜਨਰਲ ਸਕੱਤਰ ਮਮਤਾ ਸ਼ਰਮਾ ਅਤੇ ਡੈਮੋਕ੍ਰੇਟਿਕ ਜਲ ਸਰੋਤ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਸੁਖਦੇਵ ਸਿੰਘ ਉਮਰਾਨੰਗਲ ਨੇ ਵੀ ਸ਼ਮੂਲੀਅਤ ਕੀਤੀ।

ਸਟੱਬਲ ਬਰਨਿੰਗ ਇੰਚਾਰਜ ਸੋਨਮ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ

ਮਜੀਠਾ (ਸੋਇਮ ਆਨੰਦ)- ਪਰਾਲੀ ਦੀ ਸਾਂਭ ਸੰਭਾਲ ਸੰਬੰਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਟੱਬਲ ਬਰਨਿੰਗ ਇੰਚਾਰਜ ਮੈਡਮ ਸੋਨਮ ਆਈ ਏ ਐਸ ਵੱਲੋਂ ਐਫ ਐਸ ਟੀ ਟੀਮ ਦੇ ਅਧਿਕਾਰੀਆਂ ਨਾਲ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਜਿਸ ਵਿੱਚ ਗੋਸਲ ਜਿਮੀਦਾਰਾ, ਬੁਰਜ, ਟਰਪਈ, ਰੋਮਾਣਾ ਚੱਕ, ਭੱਮਾਂ, ਵਡਾਲਾ, ਕੋਟਲਾ ਸੁਲਤਾਨ ਸਿੰਘ ਆਦਿ ਪਿੰਡ ਸ਼ਾਮਲ ਹਨ। ਇਸ ਮੌਕੇ ਅੱਗ ਲਗਾਉਣ ਵਾਲੇ ਕਿਸਾਨਾਂ ਨੂੰ ਅਧਿਕਾਰੀਆਂ ਵਲੋਂ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਲਈ ਬੁਕਿੰਗ ਕਰਾਉਣ ਲਈ ਸਮਝਾਇਆ ਗਿਆ। ਜਿਨ੍ਹਾਂ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਗਈ ਸੀ ਉਨ੍ਹਾਂ ਦੇ ਚਲਾਨ ਕੱਟ ਕੇ ਮੌਕੇ 'ਤੇ ਜੁਰਮਾਨਾ ਵੀ ਵਸੂਲ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਵਿਭਾਗ ਮਜੀਠਾ ਤੇ ਖੇਤੀਬਾੜੀ ਵਿਸਥਾਰ ਅਫਸਰ ਸਮੇਤ ਸਮੂਹ ਸਟਾਫ, ਤਹਿਸੀਲਦਾਰ ਮਜੀਠਾ, ਡੀ ਐਸ ਪੀ ਮਜੀਠਾ, ਫਾਇਰ ਬਿਗੇਡ ਟੀਮ, ਸਮੂਹ ਸਰਕਲਾਂ ਦੇ ਇੰਚਾਰਜ ਆਦਿ ਮੌਜੂਦ ਸਨ । ਇਸ ਦੌਰਾਨ ਮੈਡਮ ਸੋਨਮ ਵੱਲੋਂ ਕਿਸਾਨਾਂ ਨਾਲ ਬਿਨਾ ਅੱਗ ਲਗਾਏ ਪਰਾਲੀ ਦੀ ਸਾਂਭ ਸੰਭਾਲ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਕਿਸਾਨਾਂ ਨੂੰ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਨੇ ਇਸ ਸਬੰਧੀ ਵਿਸ਼ਵਾਸ ਦਿਵਾਇਆ ਕਿ ਉਹ ਪਰਾਲੀ ਨੂੰ ਅੱਗ ਨਹੀ ਲਗਾਉਣਗੇ। ਕਿਸਾਨਾਂ ਨੂੰ ਵੱਧ ਤੋਂ ਵੱਧ ਬੇਲਰ ਮੁਹੱਈਆ ਕਰਵਾਉਣ ਲਈ ਹਦਾਇਤਾਂ ਦਿੱਤੀਆਂ। ਮੈਡਮ ਸੋਨਮ ਨੇ ਪੱਤਰਕਾਰਾਂ ਨਾਲ ਗਲ ਕਰਦਿਆਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਤੋਂ ਬਾਅਦ ਉਹ ਆਪਣੇ ਖੇਤਾਂ ਵਿੱਚ ਪਰਾਲੀ ਤੇ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਕਿਉਂਕਿ ਅੱਗ ਲਗਾਉਣ ਨਾਲ ਜਿਥੇ ਵਾਤਾਵਰਣ ਦੂਸ਼ਿਤ ਹੋ ਰਿਹਾ ਹੈ ਉਥੇ ਹੀ ਖੇਤਾਂ 'ਚ ਜ਼ਮੀਨ ਵਿਚਲੇ ਉਪਜਾਊ ਤੱਤ ਵੀ ਖਤਮ ਹੋ ਜਾਂਦੇ ਹਨ ।

ਡੀ ਸੀ ਵੱਲੋਂ ਦਾਣਾ ਮੰਡੀ ਕਾਦੀਆਂ ਦਾ ਦੌਰਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਦਾਣਾ ਮੰਡੀ ਕਾਦੀਆਂ ਦਾ ਅੱਜ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਵੱਲੋਂ ਦੌਰਾ ਕੀਤਾ ਗਿਆ ਤੇ ਕਿਸਾਨਾਂ ਜਿਮੀਦਾਰਾਂ ਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਗਿਆ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਗਿਆ। ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਕਿਹਾ ਕਿ ਦਾਣਾ ਮੰਡੀ ਕਾਦੀਆਂ ਵਿੱਚੋਂ ਕਿਸਾਨਾਂ ਦਾ ਇੱਕ-ਇੱਕ ਦਾਣਾ ਚੁੱਕਿਆ ਜਾਵੇਗਾ। ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ 'ਚ ਖ਼ਰੀਦ ਸੁਚਾਰੂ ਢੰਗ ਨਾਲ ਚੱਲ ਰਹੀ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਨੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਆੜ੍ਹਤੀਆਂ ਨਾਲ ਗੱਲ ਕਰਦਿਆਂ ਕਿਹਾ ਕਿ ਮੰਡੀ ਵਿੱਚ ਆਏ ਝੋਨੇ ਦੀ ਨਾਲੋ ਨਾਲ ਖ਼ਰੀਦ ਕਰਨੀ ਯਕੀਨੀ ਬਣਾਈ ਜਾਵੇ ਤੇ ਮੰਡੀ 'ਚ ਆਏ ਝੋਨੇ ਦੀ ਪੱਖਾ ਲਗਾਉਣ ਉਪਰੰਤ ਤੁਰੰਤ ਖ਼ਰੀਦ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਸ ਦੀ ਖ਼ਰੀਦ ਤੁਰੰਤ ਕੀਤੀ ਜਾ ਸਕੇ ਤੇ ਕਿਸਾਨਾਂ ਨੂੰ ਵੀ ਮੰਡੀ ਵਿੱਚ ਬੈਠਣਾ ਨਾ ਪਵੇ।ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਰਾਲੀ/ਨਾੜ ਨੂੰ ਅੱਗ ਨਾ ਲਾਉਣ।ਉਨ੍ਹਾਂ ਦੱਸਿਆ ਕਿ ਪਰਾਲੀ ਪ੍ਰਬੰਧਨ, ਨਵੀਨਤਮ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਆਸਾਨੀ ਨਾਲ ਖੇਤਾਂ ਵਿੱਚ ਹੀ ਮਿਲਾ ਸਕਦੇ ਹਨ।

ਉਨ੍ਹਾਂ ਕਿਸਾਨਾਂ ਨੂੰ 'ਉੱਨਤ ਕਿਸਾਨ' ਮੋਬਾਇਲ ਐਪ ਦੀ ਵਰਤੋਂ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਰਾਹੀਂ ਕਿਸਾਨ ਆਪਣੇ ਨੇੜੇ ਮੌਜੂਦ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਆਸਾਨੀ ਨਾਲ ਬੁਕਿੰਗ ਕਰਵਾ ਸਕਦੇ ਹਨ। ਉਧਰ ਮਾਰਕੀਟ ਕਮੇਟੀ ਕਾਦੀਆਂ ਦੇ ਚੇਅਰਮੈਨ ਮੋਹਨ ਸਿੰਘ ਨੇ ਕਿਹਾ ਕਿ ਮੰਡੀ ਦੇ ਵਿੱਚ ਹਰ ਤਰ੍ਹਾਂ ਦੀ ਸੁਵਿਧਾ ਉਪਲਬਧ ਹੈ ਅਤੇ ਕਿਸਾਨਾਂ ਤੇ ਜ਼ਿਮੀਦਾਰਾਂ ਨੂੰ ਮੰਡੀ ਵੱਲੋਂ ਵੀ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ ਟੀ ਬੀ ਆਈ) ਸਕੂਲ ਕਲਿਆਣਪੁਰ ਵਿਖੇ ਸ੍ਰਿਸ਼ਟੀ ਦੇ ਮਾਲਕ, ਸੇਵਾ ਦੇ ਸਰੂਪ, ਸੋਢੀ ਸੁਲਤਾਨ, ਹੁਕਮ ਮੰਨਣ ਦਾ ਰੂਪ, ਅੰਮ੍ਰਿਤ ਸਰੋਵਰ ਦੇ ਦਾਤੇ, ਨਿਮਰਤਾ, ਦਇਆ ਤੇ ਕਰੁਣਾ ਦੇ ਸਾਗਰ, ਅਨੰਦ ਕਾਰਜ ਦੀ ਪਵਿੱਤਰ ਮਰਯਾਦਾ ਦੇ ਸੰਸਥਾਪਕ ਧੰਨ ਗੁਰੂ ਨਾਨਕ ਮਹਾਰਾਜ ਦੀ ਚੌਥੀ ਜੋਤ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਸਬੰਧੀ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਤਰਸੇਮ ਸਿੰਘ ਅਤੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਦੁਆਰਾ ਸ੍ਰੀ ਜਪੁਜੀ ਸਾਹਿਬ ਤੇ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਦੇ ਜਾਪ ਕਰਨ ਉਪਰੰਤ ਗੁਰਬਾਣੀ ਕੀਰਤਨ ਕੀਤਾ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਨ੍ਹਾਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੀ ਜੀਵਨੀ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਐਜੂਕੇਸ਼ਨਲ ਡਾਇਰੈਕਟਰ ਡਾ. ਕ੍ਰਿਤਇੰਦਰ ਕੌਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਉਪਦੇਸ਼ਾਂ ਉੱਤੇ ਚੱਲਣਾ ਚਾਹੀਦਾ ਹੈ ਅਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨੇ ਚਾਹੀਦੇ ਹਨ। ਇਸ ਪ੍ਰੋਗਰਾਮ ਦੀ ਤਿਆਰੀ ਅਧਿਆਪਕ ਕੁਲਵਿੰਦਰ ਕੌਰ ਅਤੇ ਰਣਦੀਪ ਕੌਰ ਨੇ ਕਰਵਾਈ। ਇਸ ਮੌਕੇ ਕੋਆਰਡੀਨੇਟਰ ਪ੍ਰਭਜੋਤ ਕੌਰ, ਅਮਨਦੀਪ ਕੌਰ, ਅਕਵਿੰਦਰ ਕੌਰ ਤੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਆਮ ਆਦਮੀ ਪਾਰਟੀ ਵੱਲੋਂ ਗੁਰਦੀਪ ਸਿੰਘ ਰੰਧਾਵਾ ਨੂੰ ਟਿਕਟ ਦੇਣ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਅੱਜ ਆਮ ਆਦਮੀ ਪਾਰਟੀ ਹਾਈ ਕਮਾਂਡ ਵੱਲੋਂ ਪੰਜਾਬ ਵਿੱਚ ਹੋਣ ਜਾ ਰਹੀਆਂ ਚਾਰ ਜ਼ਿਮਨੀ ਚੋਣਾਂ ਦੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਜਿਸ ਦੇ ਤਹਿਤ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੂੰ ਵੀ ਦੂਸਰੀ ਵਾਰ ਆਮ ਆਦਮੀ ਪਾਰਟੀ ਵੱਲੋਂ ਟਿਕਟ ਦੇਣ 'ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ । ਇਸ ਮੌਕੇ ਪਾਰਟੀ ਵਰਕਰਾਂ ਨੇ ਗੁਰਦੀਪ ਸਿੰਘ ਰੰਧਾਵਾ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਤੇ ਡੇਰਾ ਬਾਬਾ ਨਾਨਕ ਤੋਂ ਟਿਕਟ ਮਿਲਣ 'ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੀਪ ਸਿੰਘ ਰੰਧਾਵਾ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਨੇ ਮੇਰੇ ਉੱਪਰ ਵਿਸ਼ਵਾਸ ਕਰਕੇ ਮੈਨੂੰ ਦੂਸਰੀ ਵਾਰ ਹਲਕਾ ਡੇਰਾ ਬਾਬਾ ਨਾਨਕ ਤੋਂ ਟਿਕਟ ਦਿੱਤੀ ਹੈ। ਉਨ੍ਹਾ ਕਿਹਾ ਕਿ ਪਿਛਲੇ 4 ਸਾਲ ਤੋਂ ਮੇਰੇ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾਇਆ ਗਿਆ ਸੀ ਜਿਸ ਦੇ ਫਲਸਰੂਪ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਰੀਬ ਮੈਨੂੰ 33 ਹਜ਼ਾਰ ਵੋਟਾਂ ਪਈਆਂ ਸਨ ਤੇ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਮੈਨੂੰ 44 ਹਜ਼ਾਰ ਵੋਟਾਂ ਪਈਆਂ ਸਨ। ਰੰਧਾਵਾ ਨੇ ਕਿਹਾ ਕਿ ਇਸ ਵਾਰ ਲੋਕ ਆਮ ਆਦਮੀ ਪਾਰਟੀ ਵੱਲੋਂ ਆਪਣੇ ਢਾਈ ਸਾਲ ਦੇ ਕਾਰਜਕਾਲ ਦੌਰਾਨ ਕਰਵਾਏ ਗਏ ਕੰਮਾਂ ਦੀ ਬਦੌਲਤ ਇਸ ਸੀਟ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਪਾਰਟੀ ਹਾਈ ਕਮਾਂਡ ਦੀ ਝੋਲੀ ਵਿੱਚ ਪਾਉਣਗੇ । ਇਸ ਮੌਕੇ ਵਰਕਰਾਂ ਨੂੰ ਲਾਮਬੰਦ ਕਰਦੇ ਹੋਏ ਰੰਧਾਵਾ ਨੇ ਕਿਹਾ 13 ਨਵੰਬਰ ਨੂੰ ਹਲਕਾ ਡੇਰਾ ਬਾਬਾ ਨਾਨਕ ਵਿੱਚ ਵੋਟਾਂ ਪੈਣ ਜਾ ਰਹੀਆਂ ਹਨ ਤੇ ਆਪਣੀ ਸੂਝ ਬੂਝ ਨਾਲ ਨਾਲ ਬਿਨਾਂ ਕਿਸੇ ਲੜਾਈ ਝਗੜੇ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਕੇ ਆਪਣੇ ਉਮੀਦਵਾਰ ਨੂੰ ਕਾਮਯਾਬ ਕੀਤਾ ਜਾਵੇ । ਇਸ ਮੌਕੇ ਪਰਮਿੰਦਰ ਸਿੰਘ ਰੰਧਾਵਾ, ਸੋਨੂੰ ਰੱਤਾ, ਰੇਸ਼ਮ ਸਿੰਘ ਪੱਡਾ, ਹਰੀ ਪੱਡਾ, ਕੁਲਦੀਪ ਸਿੰਘ ਰੱਤਾ, ਡਾ. ਤਸਬੀਰ ਸਿੰਘ, ਮਨਰੂਪ ਸਿੰਘ ਰੰਧਾਵਾ, ਰਾਜੇਸ਼ ਕੁਮਾਰ ਬਿੱਟਾ ਗੁਪਤਾ, ਹਰਜੀਤ ਸਿੰਘ ਠੇਠਰਕੇ, ਮੇਜਰ ਸਿੰਘ ਠੇਠਰਕੇ, ਰਾਜਾ ਮੱਲੀ ਪੱਬਾਰਾਲੀ ਕਲਾਂ, ਸੁਖ ਤਲਵੰਡੀ ਰਾਮਾ, ਸਰਪੰਚ ਰਮਨਜੀਤ ਸਿੰਘ ਕੋਟ ਮੌਲਵੀ ਆਦਿ ਹਾਜ਼ਰ ਸਨ।

ਗਿੱਲ ਨੇ ਡਿਸਪੈਂਸਰੀ ਤੇ ਲੈਬਾਰਟਰੀ ਦੀ ਇਮਾਰਤ ਦਾ ਕੀਤਾ ਉਦਘਾਟਨ

ਚੋਹਲਾ ਸਾਹਿਬ (ਰਮਨ ਚੱਡਾ)- ਅੱਜ ਦੇਸ਼ ਭਗਤ ਸੁੱਚਾ ਸਿੰਘ ਮੈਮੋਰੀਅਲ ਸੁਸਾਇਟੀ ਚੋਹਲਾ ਸਾਹਿਬ ਵੱਲੋਂ ਸਥਾਨ ਕਸਬੇ ਵਿੱਚ ਸਥਿਤ ਦੇਸ਼ ਭਗਤ ਸੁੱਚਾ ਸਿੰਘ ਦੀ ਯਾਦਗਾਰ ਹਾਲ ਵਿੱਚ ਸਾਬਕਾ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਖਡੂਰ ਸਾਹਿਬ ਜਸਬੀਰ ਸਿੰਘ ਗਿੱਲ ਵੱਲੋਂ ਡਿਸਪੈਂਸਰੀ ਅਤੇ ਲੈਬਾਰਟਰੀ ਦੀ ਇਮਾਰਤ ਦਾ ਉਦਘਾਟਨ ਕੀਤਾ ਗਿਆ ਹੈ। ਇਸ ਸਬੰਧੀ ਕਾਰਜਕਾਰੀ ਪ੍ਰਧਾਨ ਜਥੇਦਾਰ ਸਤਨਾਮ ਸਿੰਘ ਸੱਤਾ ਬਲਾਕ ਸੰਮਤੀ ਮੈਂਬਰ ਚੋਹਲਾ ਸਾਹਿਬ ਨੇ ਦੱਸਿਆ 13 ਅਕਤੂਬਰ 2023 ਨੂੰ ਡਿਸਪੈਂਸਰੀ ਅਤੇ ਲ

21-Oct-PAGE-12.qxd 10/20/2024 10:22 PM Page 1

ਜਨਮ ਦਿਨ ਮੁਬਾਰਕ

ਪ੍ਰਤਾਪ ਸਿੰਘ ਕੰਗ, ਪਿੰਡ ਕੰਗ ਕਲਾਂ

ਅਵਤਾਰ ਜਟਾਣਾਂ ਤੇ ਰਜਿੰਦਰ ਜਟਾਣਾਂ ਵਾਸੀ ਪਟਿਆਲਾ ਨੇ ਆਪਣੇ ਵਿਆਹ ਦੀ 28ਵੀਂ ਵਰ੍ਹੇਗੰਢ ਮਨਾਈ।

ਤਿਉਹਾਰਾਂ ਦੇ ਦਿਨਾਂ 'ਚ ਮਿਲਾਵਟਖੋਰਾਂ ਤੋਂ ਬਚੋ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਦੀਵਾਲੀ ਦਾ ਤਿਉਹਾਰ ਨੇੜੇ ਆ ਰਿਹਾ ਹੈ, ਕਾਰੋਬਾਰ ਵਿੱਚ ਤੇਜ਼ੀ ਆ ਰਹੀ ਜਿਵੇਂ ਹੀ ਤੁਸੀਂ ਮਿਠਾਈ ਦੀਆ ਦੁਕਾਨਾਂ ਵਿੱਚ ਕਦਮ ਰੱਖਦੇ ਹੋ, ਤੁਹਾਨੂੰ ਚਮਕਦਾਰ ਰੰਗ ਬਰੰਗੀਆਂ ਸੁੰਦਰ ਮਿਠਾਈਆਂ ਦੁਆਰਾ ਆਕਰਸ਼ਿਤ ਕੀਤਾ ਜਾਂਦਾ ਹੈ। ਮਿਲਾਵਟਖੋਰਾਂ ਨੇ ਵੀ ਮਠਿਆਈਆਂ ਸਮੇਤ ਹਰ ਤਰ੍ਹਾਂ ਦੇ ਪਕਵਾਨਾਂ 'ਚ ਵਰਤੀਆਂ ਜਾਣ ਵਾਲੀਆਂ ਸਮੱਗਰੀਆਂ 'ਚ ਮਿਲਾਵਟ ਕਰਕੇ ਮੁਨਾਫ਼ਾ ਕਮਾਉਣ ਲਈ ਆਪਣਾ ਕਾਰੋਬਾਰ ਵਧਾਉਣਾ ਸ਼ੁਰੂ ਕਰ ਦਿੱਤਾ ਹੈ।ਸਿਸਟਮ ਦੀ ਗੱਲ ਕਰੀਏ ਤਾਂ ਸੈਂਪਲ ਭਰਨ ਤੋਂ ਇਲਾਵਾ ਕਾਰਵਾਈ ਦੇ ਨਾਂਅ 'ਤੇ ਕੁਝ ਨਹੀਂ ਕੀਤਾ ਜਾਂਦਾ। ਦੀਵਾਲੀ ਮੌਕੇ ਮਠਿਆਈਆਂ ਬਣਾਈਆਂ ਜਾਂਦੀਆਂ ਹਨ ਅਤੇ ਬਾਜ਼ਾਰ 'ਚ ਵੇਚੀਆਂ ਜਾਂਦੀਆਂ ਹਨ।ਇਸ ਦੇ ਨਾਲ ਹੀ ਦੁੱਧ ਦੀ ਵੱਧ ਰਹੀ ਖਪਤ ਨੂੰ ਵੀ ਮਿਲਾਵਟ ਰਾਹੀਂ ਪੂਰਾ ਕੀਤਾ ਜਾਂਦਾ ਹੈ ਅਤੇ ਦੀਵਾਲੀ ਤੱਕ ਇਸ ਦੀ ਵੱਡੇ ਪੱਧਰ 'ਤੇ ਖਪਤ ਹੋਵੇਗੀ। ਮਿਲਾਵਟਖੋਰੀ 'ਤੇ ਐਡਵੋਕੇਟ ਰਾਜਪਾਲ ਚੌਹਾਨ ਸਪੋਰਟਸ ਕਲੱਬ ਦੇ ਸਰਪ੍ਰਸਤ ਨੇ ਦੱਸਿਆ ਕਿ ਤਿਉਹਾਰਾਂ ਵਾਲੇ ਬਾਜ਼ਾਰ 'ਚ ਪੈਕੇਟ 'ਚ ਬੰਦ ਖਾਣ-ਪੀਣ ਦੀਆਂ ਵਸਤੂਆਂ ਜਿਵੇਂ ਮਠਿਆਈਆਂ ਅਤੇ ਹੋਰ ਕਈ ਵਸਤੂਆਂ ਵੀ ਵਿਕ ਰਹੀਆਂ ਹਨ।ਲੋਕ ਬਿਨਾਂ ਤੋਲ ਕੀਤੇ ਇਨ੍ਹਾਂ ਨੂੰ ਖਰੀਦ ਰਹੇ ਹਨ।ਸੰਧੂ ਹਸਪਤਾਲ ਚੰਡੀਗੜ੍ਹ ਰੋਡ ਡਾਕਟਰ ਜੋਤਨਿੰਦਰ ਸਿੰਘ ਸੰਧੂ ਨੇ ਕਿਹਾ ਕਿ ਹੁਣ ਬਾਜ਼ਾਰ 'ਚ ਜ਼ਿਆਦਾਤਰ ਚੀਜ਼ਾਂ ਮਿਲਾਵਟ ਵਾਲੀਆਂ ਹਨ। ਇਸ ਨਾਲ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ ਅਤੇ ਖਾਣੇ ਦਾ ਸਵਾਦ ਵੀ ਚੰਗਾ ਨਹੀਂ ਹੁੰਦਾ।ਬੇਦੀ ਹਸਪਤਾਲ ਡਾਕਟਰ ਮੁਕਲ ਬੇਦੀ ਨੇ ਦੱਸਿਆ ਕਿ ਹੁਣ ਬਾਜ਼ਾਰ 'ਚ ਸਿਰਫ਼ ਮਿਲਾਵਟੀ ਵਸਤੂਆਂ ਹੀ ਮਿਲ ਰਹੀਆਂ ਹਨ।ਤਿਉਹਾਰ ਨੇੜੇ ਆਉਂਦੇ ਹੀ ਜ਼ਿਆਦਾਤਰ ਮਿਲਾਵਟਖੋਰ ਆਪਣਾ ਕਾਰੋਬਾਰ ਕਰਦੇ ਹਨ।ਅਜਿਹੇ ਮਿਲਾਵਟਖੋਰਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ।ਡੈਂਟਲ ਹਸਪਤਾਲ ਡਾ. ਅਸ਼ਵਨੀ ਧੀਰ ਕਿਹਾ ਕਿ ਜਦੋਂ ਮਿਲਾਵਟਖੋਰਾਂ ਵਿਰੁੱਧ ਕਾਰਵਾਈ ਕਰਨ ਦੀ ਗੱਲ ਆਉਂਦੀ ਹੈ ਤਾਂ ਸਬੰਧਤ ਅਧਿਕਾਰੀ ਸੈਂਪਲ ਲੈਣ ਤੱਕ ਹੀ ਮੁਹਿੰਮ ਚਲਾ ਦਿੰਦੇ ਹਨ।ਇਸ ਤੋਂ ਬਾਅਦ ਕੋਈ ਕਾਰਵਾਈ ਨਹੀਂ ਹੁੰਦੀ, ਇਸ ਨਾਲ ਮਿਲਾਵਟਖੋਰਾਂ ਨੂੰ ਬਲ ਮਿਲਦਾ ਹੈ। ਡਾ. ਭੂਪਿੰਦਰ ਸੂਰੀ ਦਾ ਕਹਿਣਾ ਹੈ ਕਿ ਤਿਉਹਾਰਾਂ ਮਠਿਆਈਆਂ ਦੇ ਨਾਂਅ 'ਤੇ ਖਪਤਕਾਰਾਂ ਨੂੰ ਮਿੱਠਾ ਜ਼ਹਿਰ ਪਰੋਸਿਆ ਜਾ ਰਿਹਾ ਹੈ।

ਸੁਹਾਗਣਾਂ ਨੇ ਉਤਸ਼ਾਹ ਨਾਲ ਰੱਖਿਆ ਕਰਵਾ ਚੌਥ ਦਾ ਵਰਤ

ਫਗਵਾੜਾ (ਡਾ. ਰਮਨ) ਫਗਵਾੜਾ ਦੇ ਪੁਰਾਣਾ ਸਤਨਾਮਪੁਰ ਇਲਾਕੇ ਦੀਆਂ ਸੁਹਾਗਨ ਔਰਤਾਂ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਰਵਾਚੌਥ ਦਾ ਤਿਓਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ।ਸਵੇਰੇ ਤੜਕਸਾਰ ਸਰਘੀ ਤੋਂ ਬਾਅਦ ਸੁਹਾਗਨਾ ਵਲੋਂ ਵਰਤ ਦੀ ਸ਼ੁਰੂਆਤ ਕੀਤੀ ਗਈ ਅਤੇ ਦਿਨ ਭਰ ਸਜੀਆਂ-ਧਜੀਆਂ ਸੁਹਾਗਨਾਂ ਨੇ ਇਕੱਠੀਆਂ ਬੈਠ ਕੇ ਸ਼ਾਮ ਹੋਣ ਦਾ ਇੰਤਜਾਰ ਕੀਤਾ।ਸ਼ਾਮ ਨੂੰ ਕਰਵਾ ਚੌਥ ਦੀ ਕਥਾ ਮੁਹੱਲੇ ਦੀ ਬਜੁਰਗ ਔਰਤ ਪਾਸੋਂ ਸੁਣਨ ਉਪਰੰਤ ਰਾਤ ਨੂੰ ਅਸਮਾਨੀ ਚੰਨ ਦੇਖ ਕੇ ਸੁਹਾਗਨ ਔਰਤਾਂ ਨੇ ਇਸ ਵਰਤ ਦੀ ਰਸਮ ਨੂੰ ਪੂਰਾ ਕੀਤਾ।ਪਤੀਆਂ ਨੇ ਵੀ ਆਪਣੀਆਂ ਪਤਨੀਆਂ ਨੂੰ ਖੂਬਸੂਰਤ ਤੋਹਫੇ ਅਤੇ ਆਨਲਾਈਨ ਖਾਨੇ ਦਾ ਆਰਡਰ ਕਰਕੇ ਖੁਸ਼ ਕਰਨ ਵਿਚ ਕੋਈ ਕਸਰ ਨਹੀਂ ਛੱਡੀ।ਇਸ ਮੌਕੇ ਪਰਮੀਲਾ ਰਾਣੀ, ਗੁਰਵਿੰਦਰ ਕੌਰ, ਜਯੋਤੀ, ਮਲਕਾ, ਕੰਚਨ ਰਾਣੀ, ਸਾਕਸ਼ੀ, ਅਮਨ, ਸੁਰਿੰਦਰ ਕੌਰ ਤੇ ਸਿਮਰਨ ਆਦਿ ਹਾਜ਼ਰ ਸਨ।

ਪਰਮਜੀਤ ਸਿੰਘ ਬਿੱਟੂ ਜੌਹਲਾਂ ਦੇ ਸਰਪੰਚ ਬਣੇ

ਅੱਡਾ ਸਰਾਂ (ਜਸਵੀਰ ਕਾਜਲ) ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਵੋਟਰਾਂ ਨੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਪਿੰਡ ਜੌਹਲ ਦੀ ਗ੍ਰਾਮ ਪੰਚਾਇਤ ਦੀ ਚੋਣ ਕੀਤੀ।ਜਿਸ 'ਚ ਪਿੰਡ ਵਾਸੀਆਂ ਦੇ ਸਹਿਯੋਗ ਦੇ ਨਾਲ ਵੱਡੀ ਗਿਣਤੀ ਦੀ ਲੀਡ ਨਾਲ ਪਰਮਜੀਤ ਸਿੰਘ ਬਿੱਟੂ ਪ੍ਰਧਾਨ ਨੇ ਸਰਪੰਚੀ ਦੀ ਚੋਣ ਜਿੱਤੀ।ਇਸ ਮੌਕੇ ਪਰਮਜੀਤ ਸਿੰਘ ਬਿੱਟੂ ਪ੍ਰਧਾਨ ਸਰਪੰਚ, ਲਵਪ੍ਰੀਤ ਸਿੰਘ ਲਵਲੀ, ਸ੍ਰੀਮਤੀ ਕਸ਼ਮੀਰ ਕੌਰ, ਸ੍ਰੀਮਤੀ ਜੀਤ ਕੌਰ, ਸ੍ਰੀਮਤੀ ਅਮਨਦੀਪ ਕੌਰ ਮੈਂਬਰ ਪੰਚਾਇਤ ਚੁਣੇ ਗਏ।ਇਸ ਮੌਕੇ ਨਵੇਂ ਬਣੇ ਸਰਪੰਚ ਪਰਮਜੀਤ ਸਿੰਘ ਬਿੱਟੂ ਪ੍ਰਧਾਨ ਅਤੇ ਸਾਥੀ ਪੰਚਾਇਤ ਮੈਂਬਰਾਂ ਵਲੋਂ ਪਿੰਡ ਵਾਸੀਆਂ ਦਾ ਖਾਸ ਕਰਕੇ ਨੌਜਵਾਨ ਵੀਰਾਂ ਦਾ ਤਹਿ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦੀ ਜਿੱਤ ਦੀ ਖੁਸ਼ੀ ਮਨਾਉਂਦੇ ਹੋਏ ਜੇਤੂ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਪਿੰਡ ਦੇ ਗੁਰੂ ਰਵਿਦਾਸ ਮਹਾਰਾਜ ਦੇ ਗੁਰਦੁਆਰਾ ਸਾਹਿਬ ਵਿਖੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਕਬਾਲ ਸਿੰਘ ਜੌਹਲ ਕਿਸਾਨ ਵਿੰਗ ਦੇ ਪ੍ਰਧਾਨ, ਮੌਜੂਦਾ ਨੰਬਰਦਾਰ ਅਤੇ ਸਾਬਕਾ ਸਰਪੰਚ ਨੇ ਕਿਹਾ ਪਰਮਜੀਤ ਸਿੰਘ ਬਿੱਟੂ ਪਿੰਡ ਦੇ ਵਿਕਾਸ ਲਈ ਵਧੀਆ ਕੰਮ ਕਰਨਗੇ। ਇਸ ਮੌਕੇ ਸੁਰਜੀਤ ਸਿੰਘ ਬਲਵੀਰ ਸਿੰਘ ਬੱਧਣ, ਹਰਕੀਰਤ ਸਿੰਘ ਜੌਹਲ, ਅਵਤਾਰ ਸਿੰਘ ਤਾਰੀ ਗੁਰਬਖਸ਼ ਕੌਰ,ਗੁਰਮੇਲ ਸਿੰਘ, ਗੁਰਮਿੰਦਰ ਸਿੰਘ ਸਾਬੀ, ਦਲਜੀਤ ਕੁਮਾਰ,ਜਰਨੈਲ ਸਿੰਘ, ਨਵੀਨ ਦੂਬੇ, ਜਸਵਿੰਦਰ ਸਿੰਘ, ਰਵਿੰਦਰ ਸਿੰਘ ਬਿੰਦਰ, ਜਗਤਾਰ ਸਿੰਘ ਸੋਹਲ, ਤਰਸੇਮ ਸਿੰਘ, ਜਗਦੀਪ ਸ਼ਰਮਾ, ਪ੍ਰਦੀਪ ਕੁਮਾਰ ਸ਼ਰਮਾ, ਡਾਕਟਰ ਮਨਜੀਤ ਕੁਮਾਰ ਪਰਮਜੀਤ ਸਿੰਘ ਪੰਮਾ, ਕੁਲਦੀਪ ਸਿੰਘ ਰਾਜਾ, ਅਮਨਦੀਪ ਸਿੰਘ ਆਦਿ ਉਨਾਂ ਦੇ ਹਮਾਇਤੀ ਹਾਜ਼ਰ ਸਨ।

ਕਾਲਜ ਆਫ ਐਜੂਕੇਸ਼ਨ ਪਠਾਨਕੋਟ 'ਚ ਵਿਦਿਆਰਥਣਾਂ ਦੇ ਮਹਿੰਦੀ ਮੁਕਾਬਲੇ

ਗੁਰਦਾਸਪੁਰ, (ਜਨਕ ਮਹਾਜਨ)- ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਵਿਖੇ ਪ੍ਰਿੰਸੀਪਲ ਡਾਕਟਰ ਰੁਪਿੰਦਰ ਕੌਰ ਦੀ ਅਗਵਾਈ ਹੇਠ ਕਰਵਾ ਚੌਥ ਦੇ ਤਿਉਹਾਰ ਨੂੰ ਲੈ ਕੇ ਵਿਦਿਆਰਥਣਾਂ ਦੇ ਮਹਿੰਦੀ ਮੁਕਾਬਲੇ ਕਰਵਾਏ ਗਏ। ਇਸ ਮੌਕੇ ਬੀ.ਐਡ ਅਤੇ ਈ.ਟੀ.ਟੀ. ਦੀਆਂ ਵਿਦਿਆਰਥਣਾਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਆਪਣੇ ਹੱਥਾਂ ਉੱਤੇ ਸੁੰਦਰ ਕਰਵਾ ਚੌਥ ਨਾਲ ਸੰਬੰਧਤ ਡਿਜ਼ਾਈਨ ਬਣਾਏ। ਇਸ ਮੌਕੇ ਮਹਿੰਦੀ ਮੁਕਾਬਲੇ ਵਿੱਚ ਨੇਹਾ ਪਹਿਲੇ, ਪਲਕ ਦੂਜੇ, ਜੋਤੀ ਤੀਜੇ, ਨੀਕੀਤਾ ਚੌਥੇ ਅਤੇ ਨਿਸ਼ਾ ਪੰਜਵੇਂ ਸਥਾਨ 'ਤੇ ਰਹੀ। ਇਸ ਮੌਕੇ ਡਾਕਟਰ ਵਿਨੋਦ ਮਹਾਜਨ ਅਤੇ ਰਵੀ ਸ਼ੰਕਰ ਨੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਬੱਚਿਆਂ ਨੂੰ ਕਰਵਾ ਚੌਥ ਦੇ ਮਹੱਤਵ ਬਾਰੇ ਦੱਸਿਆ ਕਿ ਇਹ ਤਿਉਹਾਰ ਹਰ ਸੁਹਾਗਣ ਆਪਣੇ ਪਤੀ ਦੀ ਲੰਬੀ ਉਮਰ ਲਈ ਰੱਖਦੀ ਹੈ। ਇਸ ਮੌਕੇ ਪ੍ਰੋਫੈਸਰ ਉਮਾ ਸ਼ਰਮਾ, ਪ੍ਰੋਫੈਸਰ ਰਜਨੀਸ਼ ਬਾਲਾ, ਅਤੁਲ ਅਗਰਵਾਲ, ਪੂਜਾ, ਅਨੂ, ਨਿਧੀ, ਜੋਤੀ ਆਦਿ ਹਾਜ਼ਰ ਸਨ।

ਮਹਿੰਦਰ ਭਗਤ ਨੇ ਸੜਕ ਨਿਰਮਾਣ ਦਾ ਕੰਮ ਕਰਵਾਇਆ ਸ਼ੁਰੂ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਕੈਬਨਿਟ ਮੰਤਰੀ ਮਹਿੰਦਰ ਭਗਤ ਵੱਲੋਂ ਵਾਰਡ 45 ਅਧੀਨ ਆਉਂਦੀ 120 ਫੁਟੀ ਰੋਡ ਬੀਰ ਬਬਗੀਕ ਚੌਕ ਤੋਂ ਬਾਬੂ ਜਗਜੀਵਨ ਰਾਮ ਚੌਕ ਵਿਚਕਾਰ ਖਸਤਾ ਹਾਲ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ, ਜਿਸ ਨਾਲ 120 ਫੁਟੀ ਰੋਡ ਤੋਂ ਆਉਣ-ਜਾਣ ਵਾਲੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਕਾਰਜ 'ਤੇ 47.65 ਲੱਖ ਰੁਪਏ ਖਰਚਾ ਆਵੇਗਾ।ਇਸ ਤੋਂ ਇਲਾਵਾ ਵਿਧਾਨ ਸਭਾ ਹਲਕੇ ਦੀਆਂ ਸੜਕਾਂ ਦੇ ਨਿਰਮਾਣ ਕਾਰਜ ਨੂੰ ਮਨਜ਼ੂਰੀ ਮਿਲ ਗਈ ਹੈ ਅਤੇ ਜਲਦ ਹੀ ਇਨ੍ਹਾਂ ਸੜਕਾਂ ਦੇ ਕੰਮ ਸ਼ੁਰੂ ਹ�ो ਜਾਣਗੇ। ਉਨ੍ਹਾਂ ਕਿਹਾ ਕਿ ਜਲੰਧਰ ਪੱਛਮੀ ਦੀ ਹਰ ਸੜਕ ਨਵੀਂ ਬਣਾਈ ਜਾਵੇਗੀ ਤਾਂ ਜੋ ਰਾਹਗੀਰਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਸਾਬਕਾ ਸੀਨੀਅਰ ਡਿਪਟੀ ਮੇਅਰ ਕਮਲਜੀਤ ਸਿੰਘ ਭਾਟੀਆ ਨੇ ਆਪਣੇ ਸਾਥੀਆਂ ਸਮੇਤ ਕੈਬਨਿਟ ਮੰਤਰੀ ਦਾ ਫੁੱਲ ਮਾਲਾ ਪਹਿਨਾ ਕੇ ਸਨਮਾਨ ਕਰਨ ਦੇ ਨਾਲ-ਨਾਲ ਇਸ ਉਪਰਾਲੇ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਅੰਮ੍ਰਿਤਪਾਲ ਸਿੰਘ ਭਾਟੀਆ, ਅਸ਼ਵਨੀ ਅਰੋੜਾ ਅਤੇ ਇਲਾਕਾ ਵਾਸੀ ਮੌਜੂਦ ਸਨ।

ਵਿਦਿਆਰਥੀਆਂ ਨੇ ਧਾਰਮਿਕ ਸਮਾਗਮ 'ਚ ਹਿੱਸਾ ਲਿਆ

ਕਪੂਰਥਲਾ (ਹਨੀ) ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਹਿਜ ਪਾਠ ਸੇਵਾ ਸੁਸਾਇਟੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਆਯੋਜਿਤ ਸਹਿਜ ਪਾਠ ਉਚਾਰਨ ਮੁਕਾਬਲੇ ਵਿੱਚ ਭਾਗ ਲਿਆ । ਪ੍ਰਤੀਯੋਗਤਾ ਵਿਚ ਸਕੂਲ ਦੇ ਚਾਰ ਵਿਦਿਆਰਥੀਆਂ ਨੇ ਭਾਗ ਲਿਆ । ਇਸ ਦੌਰਾਨ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੋੜਨ ਦੇ ਉਪਰਾਲੇ ਕੀਤੇ ਗਏ ਅਤੇ ਉਹਨਾਂ ਨੂੰ ਗੁਰਬਾਣੀ ਦੇ ਮਹੱਤਵ ਬਾਰੇ ਸਮਝਾਉਂਦੇ ਹੋਏ, ਸਹਿਜ ਪਾਠ ਰਾਹੀਂ ਉਨ੍ਹਾਂ ਦੇ ਜੀਵਨ ਵਿੱਚ ਆਏ ਬਦਲਾਵਾਂ ਨੂੰ ਵੀ ਸਾਂਝਾ ਕੀਤਾ ਗਿਆ । ਧਾਰਮਿਕ ਸਮਾਗਮ ਦੇ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਅਤੇ ਉਨਾਂ ਦੇ ਇੰਚਾਰਜ ਨੂੰ ਸਨਮਾਨਤ ਵੀ ਕੀਤਾ ਗਿਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਧਾਰਮਿਕ ਸਮਾਗਮ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਅਤੇ ਇੰਚਾਰਜ਼ ਸਟਾਫ਼ ਮੈਂਬਰਾਂ ਦੀ ਭਰਪੂਰ ਪ੍ਰਸੰਸਾ ਕੀਤੀ ।

ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਮਨਾਇਆ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ

ਲੋਹੀਆਂ ਖਾਸ (ਯੋਗੇਸ਼ਵਰ) : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਈਆ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਅਗਵਾਈ ਸਦਕਾ ਚੌਥੀ ਪਾਤਸ਼ਾਹੀ ਸ੍ਰੀ ਗੁਰੂ ਰਾਮਦਾਸ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਇਸ ਦੌਰਾਨ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਅਧਿਆਪਕ ਰਣਜੀਤ ਸਿੰਘ ਦੁਆਰਾ ਬੱਚਿਆਂ ਨੂੰ ਸ੍ਰੀ ਗੁਰੂ ਰਾਮਦਾਸ ਦੇ ਜੀਵਨ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਪ੍ਰਮੁੱਖ ਦਿਹਾੜੇ 'ਤੇ ਬੱਚਿਆਂ ਅਤੇ ਸਕੂਲ ਅਧਿਆਪਕ ਹਰਦੀਪ ਸਿੰਘ ਅਤੇ ਰਾਜਨਪ੍ਰੀਤ ਸਿੰਘ ਦੁਆਰਾ ਸ੍ਰੀ ਗੁਰੂ ਰਾਮਦਾਸ ਨੂੰ ਸਮਰਪਿਤ ਸ਼ਬਦ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਗਾਇਨ ਕੀਤੇ ਗਏ।ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸਾਡੀ ਚੌਥੀ ਪਾਤਸ਼ਾਹੀ ਸ੍ਰੀ ਗੁਰੂ ਰਾਮਦਾਸ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਬੱਚਿਆਂ ਨੂੰ ਗੁਰੂ ਜੀ ਦੀ ਜੀਵਨੀ ਤੋਂ ਜਾਣੂ ਕਰਵਾਉਂਦਿਆਂ ਹੋਇਆਂ ਸਾਡੇ ਗੁਰੂ ਸਾਹਿਬਾਨਾਂ ਦੁਆਰਾ ਦਿੱਤੀਆਂ ਗਈਆਂ ਸਿੱਖਿਆਵਾਂ ਉੱਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ।ਇਸ ਉਪਰੰਤ ਅਰਦਾਸ ਕੀਤੀ ਗਈ ਅਤੇ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ। ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਜੀ ਦੁਆਰਾ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਕੂਲ ਵਿੱਚ ਹਰੇਕ ਦਿਹਾੜੇ ਮਨਾਉਣ ਦਾ ਮੰਤਵ ਬੱਚਿਆਂ ਵਿੱਚ ਧਾਰਮਿਕ ਪ੍ਰਵਿਰਤੀ ਪੈਦਾ ਕਰਨਾ ਹੈ ਅਤੇ ਉਹਨਾਂ ਨੂੰ ਆਪਣੇ ਧਾਰਮਿਕ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ। ਇਸ ਮੌਕੇ ਤੇ ਸਕੂਲ ਕੋਆਰਡੀਨੇਟਰ ਮੈਡਮ ਦੀਪਿਕਾ, ਲੋਕੇਸ਼ਵਰੀ ਸ਼ਰਮਾ, ਮਨਜੀਤ ਕੌਰ,ਅੰਨਪੂਰਨਾ ਅਰੋੜਾ, ਬਬੀਤਾ, ਰਮਨੀਤ ਕੌਰ, ਰੁਪਿੰਦਰ ਕੌਰ, ਸਕੂਲ ਅਧਿਆਪਕ ਸਰਦਾਰ ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਨਾਇਬ ਸਿੰਘ, ਅੰਮ੍ਰਿਤਪਾਲ ਸਿੰਘ,ਕਾਰਤਿਕ ਸਚਦੇਵਾ, ਮੈਡਮ ਬੋਸਕੀ, ਮਨਦੀਪ ਕੌਰ ਹਾਜ਼ਰ ਸਨ।

ਸਰਬਜੀਤ ਕੌਰ ਸਰਬਸੰਮਤੀ ਨਾਲ ਥਾਬਲਕੇ ਦੇ ਸਰਪੰਚ ਬਣੇ

ਜਲੰਧਰ (ਨ ਜ਼ ਸ)-ਪਿਛਲੇ ਦਿਨੀਂ ਹੋਈਆਂ ਪੰਚਾਇਤ ਚੋਣਾਂ ਵਿੱਚ ਬਲਾਕ ਨਕੋਦਰ ਦੇ ਪਿੰਡ ਥਾਬਲਕੇ ਦੇ ਸਰਪੰਚ ਸ੍ਰੀਮਤੀ ਸਰਬਜੀਤ ਕੌਰ ਸਰਬਸੰਮਤੀ